Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ

ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 135 Chief Editor : Chowdhary Prabhjit Singh, Editor : Chhatarpal Singh 98146-32807, Friday 13 November 2026 Price : 2 Rs. Page : 6

ਭਾਰਤ ਦੀ ਕਹਾਣੀ ਦੁਨੀਆ ਤੱਕ ਪਹੁੰਚਾਓ ਅਤੇ ਨਸ਼ਿਆਂ ਵਿਰੁੱਧ ਲੜਾਈ ਵਿੱਚ ਮਦਦ ਕਰੋ: ਪ੍ਰਧਾਨ ਮੰਤਰੀ ਦੀ ਮੀਡੀਆ ਨੂੰ ਅਪੀਲ

ਮੀਡੀਆ ਵਾਂਗ ਹੁਣ ਦੇਸ਼ ਵੀ 2047 ਦੀ 'ਡੈੱਡਲਾਈਨ' 'ਤੇ ਕੰਮ ਕਰ ਰਿਹਾ ਹੈ: ਪ੍ਰਧਾਨ ਮੰਤਰੀ ਮੋਦੀ

ਨਵੀਂ ਦਿੱਲੀ, 12 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਮੀਡੀਆ ਨੂੰ ਅਪੀਲ ਕੀਤੀ ਕਿ ਉਹ ਸੰਚਾਰ (ਕਮਿਊਨੀਕੇਸ਼ਨ) ਦੀ ਤਾਕਤ ਦੀ ਵਰਤੋਂ ਕਰਕੇ ਭਾਰਤ ਦੀ ਕਹਾਣੀ ਦੁਨੀਆ ਤੱਕ ਪਹੁੰਚਾਉਣ ਅਤੇ ਨਸ਼ਿਆਂ ਵਿਰੁੱਧ ਲੜਾਈ ਵਿੱਚ ਸਰਕਾਰ ਦੀ ਮਦਦ ਕਰਨ। ਇਹ ਨੋਟ ਕਰਦਿਆਂ ਕਿ ਮੀਡੀਆ ਵਾਂਗ ਦੇਸ਼ ਵੀ ਹੁਣ ਵਿਕਸਤ ਰਾਸ਼ਟਰ ਦਾ ਦਰਜਾ ਹਾਸਲ ਕਰਨ ਲਈ 2047 ਦੀ ਸਮਾਂ-ਸੀਮਾ (ਡੈੱਡਲਾਈਨ) ਵੱਲ ਕੰਮ ਕਰ ਰਿਹਾ ਹੈ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਮੀਡੀਆ ਨੂੰ ਕੌਮੀ ਸਮਰੱਥਾ ਅਤੇ ਪ੍ਰਾਪਤੀਆਂ ਦਾ ਸ਼ੀਸ਼ਾ ਬਣਨਾ ਚਾਹੀਦਾ ਹੈ।

ਮੀਡੀਆ ਨੂੰ ਭਾਰਤ ਦੀਆਂ ਕੌਮੀ ਅਤੇ ਵਿਅਕਤੀਗਤ ਪ੍ਰਾਪਤੀਆਂ ਨੂੰ ਦਿਖਾਉਣ ਦੀ ਅਪੀਲ ਕਰਦਿਆਂ ਪ੍ਰਧਾਨ ਮੰਤਰੀ ਨੇ ਪੁੱਛਿਆ, 21ਵੀਂ ਸਦੀ ਦੀ ਸਭ ਤੋਂ ਵੱਡੀ ਤਾਕਤ ਸੰਚਾਰ ਹੈ। ਸਾਡੇ ਕੋਲ ਨੌਜਵਾਨ ਪ੍ਰਤਿਭਾ ਹੈ ਅਤੇ ਦੁਨੀਆ ਨੂੰ ਸੁਣਾਉਣ ਲਈ ਭਾਰਤ ਦੀ ਮਹਾਨ ਕਹਾਣੀ ਹੈ। ਕੀ ਅਸੀਂ ਇਹ ਕਹਾਣੀ ਦੱਸਣ ਲਈ ਆਪਣੀ ਤਾਕਤ ਦੀ ਵਰਤੋਂ ਕਰ ਰਹੇ ਹਾਂ? ਕੀ ਅਸੀਂ ਭਾਰਤ ਦੀ ਕਹਾਣੀ ਲੈ ਕੇ ਦੁਨੀਆ ਕੋਲ ਜਾ ਰਹੇ ਹਾਂ? ਪ੍ਰਧਾਨ ਮੰਤਰੀ ਨੇ ਕਿਹਾ ਕਿ ਅੱਜ ਭਾਰਤ ਕੋਲ ਨੌਜਵਾਨ ਪ੍ਰਤਿਭਾ ਅਤੇ ਬਹੁਤ ਸਾਰੇ ਪ੍ਰਾਪਤੀਆਂ ਕਰਨ ਵਾਲੇ ਲੋਕ ਹਨ।

ਭਾਜਪਾ ਦੇ ਦੀਪਾਵਲੀ ਮਿਲਨ ਸਮਾਗਮ ਵਿੱਚ ਮੀਡੀਆ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ, ਇੱਕ ਫ਼ਿਲਮ ਦੁਨੀਆ ਵਿੱਚ ਕਿਸੇ ਦੇਸ਼ ਦਾ ਅਕਸ ਬਦਲ ਸਕਦੀ ਹੈ। ਕੀ ਸਾਡੀ



ਸਮੱਗਰੀ (ਕੰਟੈਂਟ) ਭਾਰਤੀ ਕਹਾਣੀ, ਪ੍ਰਾਪਤੀਆਂ, ਸਮਰੱਥਾ ਅਤੇ ਗੌਰਵ—ਯਾਨੀ ਭਾਰਤ ਦੀ ਸਕਾਰਾਤਮਕ ਕਹਾਣੀ ਨੂੰ ਦਰਸਾਉਂਦੀ ਹੈ? ਕੀ ਅਸੀਂ ਲੋਕਾਂ ਦੀਆਂ ਪ੍ਰਾਪਤੀਆਂ ਨੂੰ ਉਭਾਰ ਰਹੇ ਹਾਂ? ਸਾਨੂੰ ਭਾਰਤ ਦੀ ਕਹਾਣੀ ਦਾ ਵਿਸਤਾਰ ਕਰਨਾ ਚਾਹੀਦਾ ਹੈ।

ਲੋਕਾਂ ਤੱਕ ਕਹਾਣੀਆਂ ਪਹੁੰਚਾਉਣ ਅਤੇ ਤਰਾਸੀਦਆਂ ਦੀ ਰਿਪੋਰਟਿੰਗ ਕਰਨ ਲਈ ਜਾਨ ਜੋਖ਼ਮ ਵਿੱਚ ਪਾਉਣ ਵਾਸਤੇ ਮੀਡੀਆ ਦੀ ਸ਼ਲਾਘਾ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਸਮਾਂ-ਸੀਮਾਵਾਂ (ਡੈੱਡਲਾਈਨਜ਼) ਵਿਅਕਤੀਆਂ, ਸੰਸਥਾਵਾਂ ਅਤੇ ਦੇਸ਼ 'ਤੇ ਲਾਗੂ ਹੁੰਦੀਆਂ ਹਨ।

ਵਿਸ਼ਵ ਬੈਂਕ ਦੀ ਉਸ ਰਿਪੋਰਟ—ਜਿਸ ਵਿੱਚ 50 ਕਰੋੜ ਭਾਰਤੀਆਂ ਨੂੰ ਅਤਿ-ਗ਼ਰੀਬੀ ਵਿੱਚੋਂ ਬਾਹਰ ਕੱਢਣ ਦਾ ਜ਼ਿਕਰ ਹੈ—ਸਮੇਤ ਪਿਛਲੀਆਂ ਪ੍ਰਾਪਤੀਆਂ ਦਾ ਹਵਾਲਾ ਦਿੰਦਿਆਂ ਪ੍ਰਧਾਨ ਮੰਤਰੀ ਨੇ ਕਿਹਾ, ਅੱਜ ਸਾਡਾ ਦੇਸ਼ ਵੀ 2047 ਦੀ ਸਮਾਂ-ਸੀਮਾ ਨੂੰ ਧਿਆਨ ਵਿੱਚ ਰੱਖ ਕੇ ਕੰਮ ਕਰ ਰਿਹਾ ਹੈ। ਆਜ਼ਾਦੀ ਦੀ ਸ਼ਤਾਬਦੀ ਤੋਂ ਪਹਿਲਾਂ ਅਸੀਂ ਭਾਰਤ ਨੂੰ ਇੱਕ ਵਿਕਸਤ ਰਾਸ਼ਟਰ ਬਣਾਉਣਾ ਹੈ। ਮੀਡੀਆ ਵਾਲੇ ਜਾਣਦੇ ਹਨ ਕਿ ਜਦੋਂ ਸਮਾਂ-ਸੀਮਾ ਤੈਅ ਹੋ ਜਾਂਦੀ ਹੈ ਤਾਂ ਤਰਜੀਹਾਂ ਬਦਲ ਜਾਂਦੀਆਂ ਹਨ, ਕੰਮ ਕਰਨ ਦਾ ਤਰੀਕਾ ਬਦਲ ਜਾਂਦਾ ਹੈ ਅਤੇ ਰਫ਼ਤਾਰ ਵੀ ਵਧ ਜਾਂਦੀ ਹੈ। ਅੱਜ ਭਾਰਤ ਜਿਨ੍ਹਾਂ ਪ੍ਰਾਪਤੀਆਂ ਨਾਲ ਅੱਗੇ ਵਧ ਰਿਹਾ ਹੈ, ਵਿਕਸਤ ਭਾਰਤ ਦਾ ਟੀਚਾ ਅਸੰਭਵ ਨਹੀਂ ਹੈ।

ਪ੍ਰਧਾਨ ਮੰਤਰੀ ਨੇ ਦੇਸ਼ ਨੂੰ ਨਸ਼ਾ ਮੁਕਤ ਬਣਾਉਣ ਲਈ ਵੀ ਮੀਡੀਆ ਤੋਂ ਸਹਿਯੋਗ ਦੀ ਅਪੀਲ ਕੀਤੀ।

ਸੁਤੰਤਰਤਾ ਸੰਗਰਾਮੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਹਰ ਸੰਭਵ ਸਹਾਇਤਾ ਯਕੀਨੀ ਬਣਾਈ ਜਾਵੇ: ਮੋਹਿੰਦਰ ਭਗਤ

ਚੰਡੀਗੜ੍ਹ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ, ਸੁਤੰਤਰਤਾ ਸੰਗਰਾਮੀ ਅਤੇ ਬਾਗਬਾਨੀ ਮੰਤਰੀ ਸ੍ਰੀ ਮੋਹਿੰਦਰ ਭਗਤ ਨੇ ਅੱਜ ਸੁਤੰਤਰਤਾ ਸੰਗਰਾਮੀ ਭਲਾਈ ਵਿਭਾਗ ਦੇ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕਰਕੇ ਸੁਤੰਤਰਤਾ ਸੰਗਰਾਮੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਨਾਲ ਸਬੰਧਤ ਵੱਖ-ਵੱਖ ਮਾਮਲਿਆਂ ਦੀ ਸਮੀਖਿਆ ਕੀਤੀ।



ਮੀਟਿੰਗ ਦੌਰਾਨ ਸੁਤੰਤਰਤਾ ਸੰਗਰਾਮੀ ਵਿਸ਼ੇਸ਼ ਮੁੱਖ ਸਕੱਤਰ ਸ੍ਰੀਮਤੀ ਰਾਜੀ ਪੀ. ਸ਼੍ਰੀਵਾਸਤਵਾ ਨੇ ਮੰਤਰੀ ਨੂੰ ਸੁਤੰਤਰਤਾ ਸੰਗਰਾਮੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਨਾਲ ਸਬੰਧਤ ਵੱਖ-ਵੱਖ ਮੁੱਦਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।

ਇਸ ਮੌਕੇ ਕੈਬਨਿਟ ਮੰਤਰੀ ਸ੍ਰੀ ਮੋਹਿੰਦਰ ਭਗਤ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸੁਤੰਤਰਤਾ ਸੰਗਰਾਮੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਹਰ ਸੰਭਵ ਸਹਾਇਤਾ ਮੁਹੱਈਆ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਸੁਤੰਤਰਤਾ ਸੰਗਰਾਮੀਆਂ ਦੇ ਪਰਿਵਾਰਾਂ ਦੀ ਭਲਾਈ ਅਤੇ ਸਨਮਾਨ ਨੂੰ ਤਰਜੀਹ ਦਿੱਤੀ ਜਾਵੇ ਅਤੇ ਉਨ੍ਹਾਂ ਦੇ ਮਸਲਿਆਂ ਦਾ ਪਹਿਲ ਦੇ ਆਧਾਰ 'ਤੇ ਜਲਦ ਨਿਪਟਾਰਾ ਕੀਤਾ ਜਾਵੇ।

ਮੰਤਰੀ ਨੇ ਅਧਿਕਾਰੀਆਂ ਨੂੰ ਮੀਟਿੰਗ ਦੌਰਾਨ ਵਿਚਾਰੇ ਗਏ ਮਾਮਲਿਆਂ ਸਬੰਧੀ ਸਮਾਂਬੱਧ ਕਾਰਵਾਈ ਕਰਨ ਅਤੇ ਇਹ ਯਕੀਨੀ ਬਣਾਉਣ ਦੇ ਨਿਰਦੇਸ਼ ਵੀ ਦਿੱਤੇ ਕਿ ਸੁਤੰਤਰਤਾ ਸੰਗਰਾਮੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਸਰਕਾਰ ਵੱਲੋਂ ਦਿੱਤੀਆਂ ਜਾਂਦੀਆਂ ਸਹੂਲਤਾਂ ਅਤੇ ਲਾਭ ਪ੍ਰਾਪਤ ਕਰਨ ਵਿੱਚ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

ਪੀ.ਸੀ.ਐਸ ਅਧਿਕਾਰੀ ਨਵਰੀਤ ਕੌਰ ਸੇਖੋਂ ਨੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਵਜੋਂ ਅਹੁਦਾ ਸੰਭਾਲਿਆ



ਫ਼ਤਹਿਗੜ੍ਹ ਸਾਹਿਬ, 12 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਪੀ.ਸੀ.ਐਸ ਅਧਿਕਾਰੀ ਸ੍ਰੀਮਤੀ ਨਵਰੀਤ ਕੌਰ ਸੇਖੋਂ ਨੇ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿਖੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਵਜੋਂ ਅਹੁਦਾ ਸੰਭਾਲ ਲਿਆ ਹੈ। ਇਸ ਤੋਂ ਪਹਿਲਾਂ ਉਹ ਪਟਿਆਲਾ ਵਿਖੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਵਜੋਂ ਤਾਇਨਾਤ ਸਨ।

ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਥਿਤ ਆਪਣੇ ਦਫ਼ਤਰ ਵਿੱਚ ਅਹੁਦਾ ਸੰਭਾਲਣ ਮਗਰੋਂ ਸ੍ਰੀਮਤੀ ਨਵਰੀਤ ਕੌਰ ਸੇਖੋਂ ਨੇ ਕਿਹਾ ਕਿ ਉਨ੍ਹਾਂ ਦਾ ਮੁੱਖ ਧਿਆਨ ਜ਼ਿਲ੍ਹੇ ਦੇ ਵਿਕਾਸ ਕਾਰਜਾਂ ਨੂੰ ਤੇਜ਼ ਕਰਨ ਅਤੇ ਲੋਕ-ਪੱਖੀ ਨੀਤੀਆਂ ਨੂੰ ਆਮ ਲੋਕਾਂ ਤੱਕ ਪਹੁੰਚਾਉਣ 'ਤੇ ਰਹੇਗਾ। ਉਹ ਆਮ ਲੋਕਾਂ ਦੀਆਂ ਮੁਸ਼ਕਲਾਂ ਦਾ ਤੁਰੰਤ ਹੱਲ ਕਰਨ ਲਈ ਪ੍ਰਸ਼ਾਸਨਿਕ ਪ੍ਰਕਿਰਿਆਵਾਂ ਨੂੰ ਹੋਰ ਸਰਲ ਅਤੇ ਪਾਰਦਰਸ਼ੀ ਬਣਾਉਣ ਲਈ ਕੰਮ ਕਰਨਗੇ।

ਜ਼ਿਕਰਯੋਗ ਹੈ ਨਵਰੀਤ ਕੌਰ ਸੇਖੋਂ ਕੋਲ ਬਤੌਰ ਵਧੀਕ ਡਿਪਟੀ ਕਮਿਸ਼ਨਰ (ਵਿਕਾਸ)ਮਾਲੇਰਕੋਟਲਾ, ਐਸ.ਡੀ.ਐਮ. ਸੰਗਰੂਰ, ਸਹਾਇਕ ਕਮਿਸ਼ਨਰ ਰੂਪਨਗਰ ਵਜੋਂ ਫੀਲਡ ਅਤੇ ਪ੍ਰਸ਼ਾਸਨਿਕ ਤਾਇਨਾਤੀਆਂ ਦਾ ਵੱਡਾ ਤਜਰਬਾ ਹੈ।

ਬੀਬੀ ਜਗੀਰ ਕੌਰ ਦੀ ਸ਼੍ਰੋਮਣੀ ਅਕਾਲੀ ਦਲ ਵਿੱਚ ਵਾਪਸੀ ਟਲੀ; ਸੁਖਬੀਰ ਬਾਦਲ ਨੂੰ ਅਮਿਤ ਸ਼ਾਹ ਨੇ ਸੱਦਿਆ ਦਿੱਲੀ

ਜਲੰਧਰ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਦੀ ਸ਼੍ਰੋਮਣੀ ਅਕਾਲੀ ਦਲ (ਬਾਦਲ) ਵਿੱਚ ਵਾਪਸੀ ਟਲ ਗਈ ਹੈ।ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਭਲਕੇ 13 ਨਵੰਬਰ ਨੂੰ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਦਿੱਲੀ ਬੁਲਾ ਲਿਆ ਹੈ।ਬੀਬੀ ਜਗੀਰ ਕੌਰ ਦੀ ਘਰ ਵਾਪਸੀ ਦੀਆਂ ਖ਼ਬਰਾਂ ਨੇ ਪੰਜਾਬ ਦੀ ਸਿਆਸਤ ਵਿੱਚ ਜ਼ਬਰਦਸਤ ਹਲਚਲ ਪੈਦਾ ਕਰ ਦਿੱਤੀ ਸੀ।

ਸੋਸ਼ਲ ਮੀਡੀਆ 'ਤੇ ਉਨ੍ਹਾਂ ਨੂੰ ਟਰੋਲ ਵੀ ਕੀਤਾ ਜਾ ਰਿਹਾ ਸੀ। ਬੀਬੀ ਜਗੀਰ ਕੌਰ ਦੇ ਗ੍ਰਹਿ ਬੇਗੋਵਾਲ ਵਿਖੇ 13 ਨਵੰਬਰ ਨੂੰ ਵੱਡਾ ਸਮਾਗਮ ਰੱਖਿਆ ਗਿਆ ਸੀ। ਭੁਲੱਥ ਹਲਕੇ ਦੇ ਲੋਕਾਂ ਦਾ ਇਕੱਠ ਸੱਦਿਆ ਗਿਆ ਸੀ।

ਚਰਚਾ ਸੀ ਕਿ ਉਹ 13 ਨਵੰਬਰ 2026 ਨੂੰ ਬੇਗੋਵਾਲ ਵਿੱਚ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਮੌਜੂਦਗੀ ਵਿੱਚ ਅਕਾਲੀ ਦਲ ਵਿੱਚ ਵਾਪਸੀ ਕਰਨਗੇ।

ਉਨ੍ਹਾਂ ਦੀ ਵਾਪਸੀ ਸੰਤ ਪ੍ਰੇਮ ਸਿੰਘ ਮੁਰਾਲੇਵਾਲੇ ਦੇ ਡੇਰੇ ਵਿੱਚ ਹੋਣ ਦੀ ਸੰਭਾਵਨਾ ਹੈ, ਜਿੱਥੇ ਬੀਬੀ ਜਗੀਰ ਕੌਰ ਮੁੱਖ ਸੇਵਾਦਾਰ ਹਨ।

ਬੀਬੀ ਜਗੀਰ ਕੌਰ ਨੇ ਇਸ ਦੀ ਪੁਸ਼ਟੀ ਕਰਦਿਆਂ ਕਿਹਾ ਸੀ ਕਿ ਅਕਾਲੀ ਦਲ ਵਿੱਚ ਸੁਧਾਰ ਪਾਰਟੀ ਦੇ ਅੰਦਰ ਰਹਿ ਕੇ ਹੀ ਕੀਤਾ ਜਾ ਸਕਦਾ ਹੈ, ਬਾਹਰ ਰਹਿ ਕੇ ਨਹੀਂ। ਇਸੇ ਤਰ੍ਹਾਂ ਪੰਜਾਬ ਵਿੱਚ ਸੁਧਾਰ ਲਈ ਕੇਂਦਰ ਸਰਕਾਰ ਨਾਲ ਤਾਲਮੇਲ ਬਣਾ ਕੇ ਰੱਖਣਾ ਜ਼ਰੂਰੀ ਹੈ।

ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੀਆਂ ਅਦਾਲਤਾਂ ਅਤੇ ਸਬ-ਡਵੀਜ਼ਨ ਪੱਧਰ ਦੀਆਂ ਅਦਾਲਤਾਂ ਵਿੱਚ 12 ਦਸੰਬਰ ਨੂੰ ਲੱਗੇਗੀ ਕੌਮੀ ਲੋਕ ਅਦਾਲਤ

ਫ਼ਤਹਿਗੜ੍ਹ ਸਾਹਿਬ,12 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-

ਜ਼ਿਲ੍ਹਾ ਫ਼ਤਿਹਗੜ੍ਹ ਸਾਹਿਬ ਦੀਆਂ ਅਦਾਲਤਾਂ ਅਤੇ ਸਬ-ਡਵੀਜ਼ਨ ਪੱਧਰ ਦੀਆਂ ਅਦਾਲਤਾਂ ਵਿੱਚ 12 ਦਸੰਬਰ ਨੂੰ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ ਜਿਸ ਵਿੱਚ ਸਾਰੇ ਪ੍ਰਕਾਰ ਦੇ ਰਾਜ਼ੀਨਾਮੇ ਯੋਗ ਕੇਸ ਸਮਝੌਤੇ ਲਈ ਵਿਚਾਰੇ ਜਾਣਗੇ ਅਤੇ ਦੋਵੇਂ ਪਾਰਟੀਆਂ ਦੇ ਆਪਸੀਸਹਿਮਤੀ ਨਾਲ ਕੇਸ ਸੁਲਝਾਉਣ ਦੀ ਕੋਸ਼ਿਸ਼ ਕੀਤੀ ਜਾਵੇਗੀ। ਇਹ ਜਾਣਕਾਰੀ ਜ਼ਿਲ੍ਹਾ ਤੇ ਸੈਸ਼ਨ ਜੱਜ -ਕਮ - ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ੍ਰੀ ਨਿਰਭਓ ਸਿੰਘ ਗਿੱਲ, ਨੇ ਦਿੱਤੀ। ਸ੍ਰੀ ਗਿੱਲ ਨੇ ਦੱਸਿਆ ਕਿ ਇਸ ਲੋਕ ਅਦਾਲਤ ਵਿੱਚ ਚੈੱਕ ਬਾਊਂਸ ਦੇ ਕੇਸ, ਪੈਸਿਆਂ ਦੀ ਵਸੂਲੀ ਸਬੰਧੀ ਕੇਸ, ਕਿਰਤ ਅਤੇ ਰੁਜ਼ਗਾਰ ਸਬੰਧੀ ਝਗੜੇ, ਬਿਜਲੀ ਅਤੇ ਪਾਣੀ ਦੇ ਬਿੱਲਾਂ ਸਮੇਤ ਹੋਰ ਬਿੱਲਾਂ ਦੀ ਅਦਾਇਗੀ ਸਬੰਧੀ ਕੇਸ (ਗੈਰ-ਸਮਝੌਤਾਯੋਗ ਅਪਰਾਧਾਂ ਨੂੰ ਛੱਡ ਕੇ), ਗੁਜ਼ਾਰਾ ਭੱਤੇ ਦੇ ਕੇਸ, ਹੋਰ ਸਮਝੌਤਾਯੋਗ ਫੌਜਦਾਰੀ ਕੇਸ ਅਤੇ ਹੋਰ



ਦੀਵਾਨੀ ਝਗੜਿਆਂ ਤੋਂ ਇਲਾਵਾ ਅਦਾਲਤਾਂ/ਟ੍ਰਿਬਿਊਨਲਾਂ ਵਿੱਚ ਲੰਬਿਤ ਕੇਸਾਂ ਜਿਵੇਂ ਕਿ ਸਮਝੌਤਾਯੋਗ ਫੌਜਦਾਰੀ ਅਪਰਾਧ, ਚੈੱਕ ਬਾਊਂਸ ਕੇਸ, ਪੈਸਿਆਂ ਦੀ ਵਸੂਲੀ ਦੇ ਕੇਸ, ਮੋਟਰ ਐਕਸੀਡੈਂਟ ਕਲੇਮ ਟ੍ਰਿਬਿਊਨਲ (MACT) ਦੇ ਕੇਸ, ਕਿਰਤ ਅਤੇ ਰੁਜ਼ਗਾਰ ਸਬੰਧੀ ਝਗੜੇ, ਬਿਜਲੀ ਅਤੇ ਪਾਣੀ ਦੇ ਬਿੱਲਾਂ ਅਤੇ ਹੋਰ ਬਿੱਲਾਂ ਦੀ ਅਦਾਇਗੀ ਸਬੰਧੀ ਕੇਸ (ਗੈਰ-ਸਮਝੌਤਾਯੋਗ ਅਪਰਾਧਾਂ ਨੂੰ ਛੱਡ ਕੇ), ਵਿਆਹੁਤਾ ਝਗੜੇ (ਤਲਾਕ ਦੇ ਕੇਸਾਂ ਨੂੰ ਛੱਡ ਕੇ), ਜ਼ਮੀਨ ਪ੍ਰਾਪਤੀ ਸਬੰਧੀ ਕੇਸ (ਜੋ ਦੀਵਾਨੀ ਅਦਾਲਤਾਂ/ਟ੍ਰਿਬਿਊਨਲਾਂ ਵਿੱਚ ਲੰਬਿਤ ਹਨ), ਤਨਖਾਹ ਅਤੇ ਭੱਤਿਆਂ ਅਤੇ ਸੇਵਾਮੁਕਤੀ ਲਾਭਾਂ ਨਾਲ ਸਬੰਧਤ ਸੇਵਾ ਮਾਮਲੇ, ਮਾਲ ਵਿਭਾਗ ਨਾਲ ਸਬੰਧਤ ਕੇਸ ਆਦਿ ਸੁਣਵਾਈ ਅਤੇ ਨਿਪਟਾਰੇ ਲਈ ਰੱਖੇ ਜਾਣਗੇ।ਇਸ ਮੰਤਵ ਲਈ ਫਤਹਿਗੜ੍ਹ ਸਾਹਿਬ, ਅਮਲੋਹ ਅਤੇ ਖਮਾਣੋਂ ਵਿਖੇ ਨਿਆਂਇਕ ਅਦਾਲਤਾਂ ਦੇ ਬੈਂਚ ਸਥਾਪਿਤ ਕੀਤੇ ਜਾਣਗੇ।

ਉਨ੍ਹਾਂ ਦੱਸਿਆ ਕਿ ਲੋਕ ਅਦਾਲਤਾਂ ਦਾ ਮੁੱਖ ਉਦੇਸ਼ ਧਿਰਾਂ ਵਿਚਕਾਰ ਆਪਸੀ ਸਹਿਮਤੀ ਅਤੇ ਸਮਝੌਤੇ ਰਾਹੀਂ ਝਗੜਿਆਂ ਦਾ ਨਿਪਟਾਰਾ ਕਰਵਾਉਣਾ ਹੈ। ਇਸ ਨਾਲ ਸਬੰਧਤ ਧਿਰਾਂ ਦਾ ਸਮਾਂ ਅਤੇ ਪੈਸਾ ਬਚਦਾ ਹੈ ਅਤੇ ਆਪਸੀ ਰੰਜਿਸ਼ ਵੀ ਘਟਦੀ ਹੈ। ਉਨ੍ਹਾਂ ਦੱਸਿਆ ਕਿ ਹਰ ਤਰ੍ਹਾਂ ਦੇ ਕੇਸ, ਇੱਥੋਂ ਤੱਕ ਕਿ ਮੁਕੱਦਮਾ ਦਰਜ ਹੋਣ ਤੋਂ ਪਹਿਲਾਂ ਦੇ ਪੜਾਅ 'ਤੇ ਪਏ ਕੇਸ ਵੀ, ਆਪਸੀ ਸਮਝੌਤ ਰਾਹੀਂ ਨਿਪਟਾਰੇ ਲਈ ਲੋਕ ਅਦਾਲਤ ਵਿੱਚ ਲਿਆਂਦੇ ਜਾ ਸਕਦੇ ਹਨ। ਹਾਲਾਂਕਿ, ਗੈਰ-ਸਮਝੌਤਾਯੋਗ ਫੌਜਦਾਰੀ ਕੇਸ ਲੋਕ ਅਦਾਲਤ ਵਿੱਚ ਨਹੀਂ ਲਿਆਂਦੇ ਜਾ ਸਕਦੇ।

ਉਨ੍ਹਾਂ ਹੋਰ ਦੱਸਿਆ ਕਿ ਲੋਕ ਅਦਾਲਤ ਵਿੱਚ ਹੋਏ ਸਮਝੌਤੇ ਉਪਰੰਤ ਜਾਰੀ ਕੀਤਾ ਗਿਆ ਐਵਾਰਡ ਅੰਤਿਮ ਹੁੰਦਾ ਹੈ ਅਤੇ ਇਸ ਵਿਰੁੱਧ ਕੋਈ ਅਪੀਲ ਨਹੀਂ ਕੀਤੀ ਜਾ ਸਕਦੀ। ਇਸ ਤੋਂ ਇਲਾਵਾ, ਧਿਰਾਂ ਵੱਲੋਂ ਅਦਾ ਕੀਤੀ ਗਈ ਅਦਾਲਤੀ ਫੀਸ ਵੀ ਵਾਪਸ ਕਰ ਦਿੱਤੀ ਜਾਂਦੀ ਹੈ। ਲੋਕ ਅਦਾਲਤ ਰਾਹੀਂ ਦੋਵਾਂ ਧਿਰਾਂ ਦੀ ਆਪਸੀ ਸਹਿਮਤੀ ਨਾਲ ਝਗੜੇ ਦਾ ਜਲਦੀ ਨਿਪਟਾਰਾ ਹੋ ਜਾਂਦਾ ਹੈ, ਜਿਸ ਨਾਲ ਦੋਵਾਂ ਧਿਰਾਂ ਨੂੰ ਲਾਭ ਮਿਲਦਾ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਲਈ ਵੈੱਬਸਾਈਟ www.pulsa.gov.in 'ਤੇ ਜਾਇਆ ਜਾ ਸਕਦਾ ਹੈ ਜਾਂ ਨੈਸ਼ਨਲ ਲੀਗਲ ਸਰਵਿਸਿਜ਼ ਅਥਾਰਟੀ ਦੀ ਹੈਲਪਲਾਈਨ ਨੰਬਰ 15100 ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਤਹਿਗੜ੍ਹ ਸਾਹਿਬ ਦੇ ਸੰਪਰਕ ਨੰਬਰ 01763232160 ਤੇ ਸੰਪਰਕ ਕੀਤਾ ਜਾ ਸਕਦਾ ਹੈ।

ਚੇਤਨ ਸਿੰਘ ਜੌੜਾਮਾਜਰਾ ਅਤੇ ਹਰਮੀਤ ਸਿੰਘ ਪਠਾਣਮਾਜਰਾ ਦਾ ਗੁਰਜੀਤ ਸਿੰਘ ਕੋਹਲੀ ਵੱਲੋਂ ਨਿੱਘਾ ਸਵਾਗਤ

ਦੋਵਾਂ ਆਗੂਆਂ ਦੇ ਭਾਜਪਾ ਵਿੱਚ ਸ਼ਾਮਲ ਹੋਣ ਨਾਲ ਪਟਿਆਲਾ ਜ਼ਿਲ੍ਹੇ ਵਿੱਚ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ: ਗੁਰਜੀਤ ਸਿੰਘ ਕੋਹਲੀ

ਪਟਿਆਲਾ, 12 ਨਵੰਬਰ
-ਅਮਰਜੀਤ ਸਿੰਘ ਲਾਂਬਾ-

ਹਾਲ ਹੀ ਵਿੱਚ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਏ ਸਨੌਰ ਦੇ ਵਿਧਾਇਕ ਸ. ਹਰਮੀਤ ਸਿੰਘ ਪਠਾਣਮਾਜਰਾ ਅਤੇ ਸਾਬਕਾ ਵਿਧਾਇਕ ਸ. ਚੇਤਨ ਸਿੰਘ ਜੌੜਾਮਾਜਰਾ ਅੱਜ ਭਾਜਪਾ ਦੇ ਸੀਨੀਅਰ ਆਗੂ ਅਤੇ ਹਲਕਾ ਪਟਿਆਲਾ ਦੇਹਾਤੀ ਤੋਂ ਸ. ਗੁਰਜੀਤ ਸਿੰਘ ਕੋਹਲੀ ਦੇ ਦਫ਼ਤਰ, 14 ਨਿਹਾਲ ਬਾਗ, ਪਟਿਆਲਾ ਵਿਖੇ ਪਹੁੰਚੇ, ਜਿੱਥੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।



ਇਸ ਮੌਕੇ ਸ. ਗੁਰਜੀਤ ਸਿੰਘ ਕੋਹਲੀ ਨੇ ਦੋਵਾਂ ਆਗੂਆਂ ਨੂੰ ਭਾਰਤੀ ਜਨਤਾ ਪਾਰਟੀ ਦੇ ਸਿਰੋਪੇ ਭੇਟ ਕਰਕੇ ਸਨਮਾਨਿਤ ਕੀਤਾ। ਇਸ ਦੌਰਾਨ ਵੱਡੀ ਗਿਣਤੀ ਵਿੱਚ ਸ. ਕੋਹਲੀ ਦੇ ਸਮਰਥਕ ਅਤੇ ਭਾਜਪਾ ਵਰਕਰ ਹਾਜ਼ਰ ਸਨ, ਜਿਨ੍ਹਾਂ ਵੱਲੋਂ ਵੀ ਦੋਵਾਂ ਆਗੂਆਂ ਦਾ ਉਤਸ਼ਾਹ ਨਾਲ ਸਵਾਗਤ ਕੀਤਾ ਗਿਆ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ. ਗੁਰਜੀਤ ਸਿੰਘ ਕੋਹਲੀ ਨੇ ਕਿਹਾ ਕਿ ਸ. ਹਰਮੀਤ ਸਿੰਘ ਪਠਾਣਮਾਜਰਾ ਅਤੇ ਸ. ਚੇਤਨ ਸਿੰਘ ਜੌੜਾਮਾਜਰਾ ਦੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਪਾਰਟੀ ਨੂੰ ਪਟਿਆਲਾ ਜ਼ਿਲ੍ਹੇ ਵਿੱਚ ਹੋਰ ਬਲ ਮਿਲੇਗਾ। ਉਨ੍ਹਾਂ ਕਿਹਾ ਕਿ ਦੋਵਾਂ ਆਗੂਆਂ ਦਾ ਸਿਆਸੀ ਅਤੇ ਜਨਤਕ ਜੀਵਨ ਵਿੱਚ ਤਜਰਬਾ ਹੈ ਅਤੇ ਉਨ੍ਹਾਂ ਦੇ ਪਾਰਟੀ ਨਾਲ ਜੁੜਨ ਨਾਲ ਜ਼ਿਲ੍ਹੇ ਵਿੱਚ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਵਿੱਚ ਮਦਦ ਮਿਲੇਗੀ।

ਸ. ਕੋਹਲੀ ਨੇ ਕਿਹਾ ਕਿ ਅੱਜ ਦੀ ਮਿਲਣੀ ਦੌਰਾਨ ਪਾਰਟੀ ਵਰਕਰਾਂ ਅਤੇ ਸਮਰਥਕਾਂ ਵਿੱਚ ਦੇਖਣ ਨੂੰ ਮਿਲਿਆ ਉਤਸ਼ਾਹ ਇਸ ਗੱਲ ਦਾ ਪ੍ਰਤੀਕ ਹੈ ਕਿ ਵਰਕਰ ਨਵੇਂ ਆਗੂਆਂ ਦਾ ਪਾਰਟੀ ਵਿੱਚ ਦਿਲੋਂ ਸਵਾਗਤ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸਾਰਿਆਂ ਨੂੰ ਮਿਲ ਕੇ ਆਪਸੀ ਤਾਲਮੇਲ ਅਤੇ ਇਕਜੁੱਟਤਾ ਨਾਲ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨਾ ਚਾਹੀਦਾ ਹੈ।

ਉਨ੍ਹਾਂ ਦੋਵਾਂ ਆਗੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਹਮੇਸ਼ਾ ਚੜ੍ਹਦੀ ਕਲਾ ਵਿੱਚ ਰਹਿਣ ਅਤੇ ਪੰਜਾਬ ਤੇ ਪਟਿਆਲਾ ਦੇ ਲੋਕਾਂ ਦੀ ਸੇਵਾ ਕਰਦੇ ਰਹਿਣ।

ਇਸ ਮੌਕੇ ਦੋਵਾਂ ਆਗੂਆਂ ਨੇ ਵੀ ਸ. ਗੁਰਜੀਤ ਸਿੰਘ ਕੋਹਲੀ ਅਤੇ ਉਨ੍ਹਾਂ ਦੇ ਸਮਰਥਕਾਂ ਵੱਲੋਂ ਦਿੱਤੇ ਗਏ ਨਿੱਘੇ ਸਵਾਗਤ ਲਈ ਧੰਨਵਾਦ ਕੀਤਾ।

ਇਸ ਸਵਾਗਤੀ ਸਮਾਗਮ ਦੌਰਾਨ ਭਾਜਪਾ ਦੇ ਕਈ ਆਗੂ, ਵਰਕਰ ਅਤੇ ਸ. ਗੁਰਜੀਤ ਸਿੰਘ ਕੋਹਲੀ ਦੇ ਸਮਰਥਕ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਪੀ.ਆਰ.ਟੀ.ਸੀ. ਦੀਆਂ ਸੇਵਾਵਾਂ ਨੂੰ ਹੋਰ ਬਿਹਤਰ, ਸੁਚਾਰੂ ਅਤੇ ਸਵਾਰੀ ਪੱਖੀ ਬਣਾਉਣਾ ਮੁੱਖ ਤਰਜੀਹ : ਜਸ਼ਨਪ੍ਰੀਤ ਕੌਰ ਗਿੱਲ



ਪਟਿਆਲਾ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

2014 ਬੈਚ ਦੇ ਸੀਨੀਅਰ ਪੀ.ਸੀ.ਐਸ. ਅਧਿਕਾਰੀ ਜਸ਼ਨਪ੍ਰੀਤ ਕੌਰ ਗਿੱਲ ਨੇ ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਪਟਿਆਲਾ ਦੇ ਮੈਨੇਜਿੰਗ ਡਾਇਰੈਕਟਰ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ। ਇਸ ਮੌਕੇ ਪੀ.ਆਰ.ਟੀ.ਸੀ. ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਅਤੇ ਹੋਰ ਸੀਨੀਅਰ ਅਧਿਕਾਰੀਆਂ ਨੇ ਜਸ਼ਨਪ੍ਰੀਤ ਕੌਰ ਗਿੱਲ ਦਾ ਸੁਆਗਤ ਕੀਤਾ ਅਤੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਸੰਭਾਲਣ 'ਤੇ ਸ਼ੁਭਕਾਮਨਾਵਾਂ ਭੇਟ ਕੀਤੀਆਂ। ਇਸ ਉਪਰੰਤ ਅਧਿਕਾਰੀਆਂ ਨੇ ਉਨ੍ਹਾਂ ਨੂੰ ਪੀ.ਆਰ.ਟੀ.ਸੀ ਦੀ ਕਾਰਜਪ੍ਰਣਾਲੀ, ਮੌਜੂਦਾ ਪ੍ਰਬੰਧਕੀ ਸਥਿਤੀ ਅਤੇ ਸਵਾਰੀਆਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਆਵਾਜਾਈ ਸਹੂਲਤਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।

ਜਸ਼ਨਪ੍ਰੀਤ ਕੌਰ ਗਿੱਲ ਨੇ ਕਿਹਾ ਕਿ ਪੀ.ਆਰ.ਟੀ.ਸੀ. ਦੀਆਂ ਸੇਵਾਵਾਂ ਨੂੰ ਹੋਰ ਬਿਹਤਰ, ਸੁਚਾਰੂ ਅਤੇ ਸਵਾਰੀ ਪੱਖੀ ਬਣਾਉਣਾ ਉਨ੍ਹਾਂ ਦੀ ਮੁੱਖ ਤਰਜੀਹ ਹੋਵੇਗੀ। ਉਨ੍ਹਾਂ ਕਿਹਾ ਕਿ ਪੀ.ਆਰ.ਟੀ.ਸੀ ਦੀਆਂ ਬੱਸਾਂ ਵਿੱਚ ਸਫ਼ਰ ਕਰਨ ਵਾਲਿਆ ਸਵਾਰੀਆਂ ਨੂੰ ਸੁਰੱਖਿਅਤ, ਆਰਾਮਦਾਇਕ ਅਤੇ ਸਮੇਂ ਸਿਰ ਆਵਾਜਾਈ ਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਠੋਸ ਉਪਰਾਲੇ ਕੀਤੇ ਜਾਣਗੇ।

ਨਵੇਂ ਐਮ ਡੀ ਨੇ ਕਿਹਾ ਕਿ ਆਉਣ ਵਾਲੇ ਸਮੇਂ ਦੌਰਾਨ ਪੀ.ਆਰ.ਟੀ.ਸੀ. ਦੇ ਬੱਸ ਬੇੜੇ ਵਿੱਚ ਹੋਰ ਨਵੀਆਂ ਬੱਸਾਂ ਸ਼ਾਮਲ ਕਰਨ ਲਈ ਯਤਨ ਕੀਤੇ ਜਾਣਗੇ, ਤਾਂ ਜੋ ਵੱਧ ਤੋਂ ਵੱਧ ਰੂਟਾਂ 'ਤੇ ਸੇਵਾਵਾਂ ਦਾ ਵਿਸਥਾਰ ਕੀਤਾ ਜਾ ਸਕੇ। ਸਵਾਰੀਆਂ ਦੀਆਂ ਲੋੜਾਂ ਨੂੰ ਜਲਦ ਤੋਂ ਜਲਦ ਪੂਰਾ ਕਰਨ, ਪੀ.ਆਰ.ਟੀ.ਸੀ ਦੀ ਵਿੱਤੀ ਸਥਿਤੀ ਨੂੰ ਹੋਰ ਮਜ਼ਬੂਤ ਕਰਨ, ਆਮਦਨ ਦੇ ਨਵੇਂ ਸਰੋਤ ਪੈਦਾ ਕਰਨ ਅਤੇ ਸੰਸਥਾ ਦੀ ਕਾਰਜ ਕੁਸ਼ਲਤਾ ਵਿੱਚ ਵਾਧਾ ਕਰਨ ਲਈ ਨਵੀਆਂ ਯੋਜਨਾਵਾਂ ਅਤੇ ਉਪਰਾਲੇ ਅਮਲ ਵਿੱਚ ਲਿਆਂਦੇ ਜਾਣਗੇ।

ਰੋਜ਼ਾਨਾ ਸ਼ਹੀਦ-ਏ-ਆਜ਼ਮ
Shaheedeazamnews.com
SHAHEEDEAZAMNEWS.COM PRINT & DIGITAL MEDIA
शहीद-ए-आजम
Shaheedeazamnewsnational.com
ਅਦਾਰਾ ਸ਼ਹੀਦ-ਏ-ਆਜ਼ਮ ਵੱਲੋਂ ਗੁ: ਸਿੰਘ ਸਾਹਿਬ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਅਰਬਨ ਅਸਟੇਟ ਫੇਜ਼-2, ਪਟਿਆਲਾ ਵਿਖੇ ਚਲ ਰਹੇ ਰੋਜਾਨਾ ਗੁਰਮਤਿ ਸਮਾਗਮ ਲਾਈਵ ਦੇਖੋ
ਗੁਰੂ ਗੋਬਿੰਦ ਸਿੰਘ ਪ੍ਰੀਵਾਰ ਸੰਸਥਾ ਦੇ ਅਨਾਥ ਬੱਚਿਆਂ ਵੱਲੋਂ ਗੁਰਬਾਣੀ ਦੇ 25-30 ਰਾਗਾਂ ਵਿਚ
ਅਨੰਦਮਈ ਅੰਮ੍ਰਿਤ ਵੇਲੇ ਆਸਾ ਦੀ ਵਾਰ ਅਤੇ ਕੀਰਤਨ ਸਵੇਰੇ 5:30 ਵਜੇ
ਸੰਧਿਆ ਸਮੇਂ ਕਥਾ: ਪ੍ਰਾਚੀਨ ਪੰਥ ਪ੍ਰਕਾਸ਼ ਸ਼ਾਮ 6 ਵਜੇ ਸਿੱਖ ਪੰਥ ਦੇ ਮਹਾਨ ਕਥਾਕਾਰ ਗਿਆਨੀ ਪ੍ਰਿਤਪਾਲ ਸਿੰਘ ਜੀ ਦੇ ਪਰਮ ਸੇਵਕ: ਭਾਈ ਬਲੀ ਸਿੰਘ ਜੀ ਵੱਲੋਂ
ਰਹਿਰਾਸ ਸਾਹਿਬ, ਆਰਤੀ ਅਤੇ ਕੀਰਤਨ ਸ਼ਾਮ 7:00 ਵਜੇ
YOUTUBE | WHATSAPP | THREAD | Twitter X | TELEGRAM | INSTAGRAM | FACEBOOK | E-Paper Shaheed-e-Azam
ਅਦਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।

ਸੰਪਾਦਕੀ

ਸ਼ਰਾਫਤ ਦਾ ਚਿਹਰਾ , ਝੂਠ ਦਾ ਪਹਿਰਾ

ਸਮਾਜ ਵਿੱਚ ਕੁਝ ਅਜਿਹੇ ਲੋਕ ਵੀ ਹੁੰਦੇ ਹਨ, ਜਿਨ੍ਹਾਂ ਲਈ ਆਪਣੀ ਗੱਲ ਨੂੰ ਸਹੀ ਸਾਬਤ ਕਰਨਾ ਸੱਚਾਈ ਨਾਲੋਂ ਕਿਤੇ ਵੱਧ ਅਹਿਮ ਹੁੰਦਾ ਹੈ। ਉਹ ਆਪਣੀ ਗ਼ਲਤੀ ਮੰਨਣ ਦੀ ਥਾਂ ਝੂਠ ਉੱਤੇ ਝੂਠ ਬੋਲਦੇ ਹਨ, ਦੂਜਿਆਂ ਦੀ ਗੱਲ ਸੁਣਨ ਤੋਂ ਇਨਕਾਰ ਕਰਦੇ ਹਨ ਅਤੇ ਆਪਣੀ ਮਨਮਰਜ਼ੀ ਨੂੰ ਹੀ ਆਖ਼ਰੀ ਫ਼ੈਸਲਾ ਸਮਝਦੇ ਹਨ। ਅਜਿਹੀ ਬਿਰਤੀ ਸਿਰਫ਼ ਉਨ੍ਹਾਂ ਦੀ ਆਪਣੀ ਸ਼ਖ਼ਸੀਅਤ ਨੂੰ ਹੀ ਨਹੀਂ ਖੋਖਲਾ ਕਰਦੀ, ਸਗੋਂ ਪਰਿਵਾਰਕ ਰਿਸ਼ਤਿਆਂ, ਕਾਰੋਬਾਰੀ ਮਾਹੌਲ ਅਤੇ ਆਲੇ-ਦੁਆਲੇ ਦੇ ਲੋਕਾਂ ਦੀ ਮਾਨਸਿਕ ਸ਼ਾਂਤੀ ਨੂੰ ਵੀ ਬੁਰੀ ਤਰ੍ਹਾਂ ਪ੍ਰਭਾਵਿਤ ਕਰਦੀ ਹੈ।

ਇਸ ਕਿਸਮ ਦੇ ਵਿਹਾਰ ਦੀ ਜੜ੍ਹ ਅਕਸਰ ਹਉਮੈ, ਅਸੁਰੱਖਿਆ ਦੀ ਭਾਵਨਾ, ਅਸਹਿਣਸ਼ੀਲਤਾ ਅਤੇ ਦੂਜਿਆਂ ਉੱਤੇ ਕਾਬੂ ਰੱਖਣ ਦੀ ਇੱਛਾ ਵਿੱਚ ਹੁੰਦੀ ਹੈ। ਅਜਿਹੇ ਲੋਕਾਂ ਨੂੰ ਆਪਣੀ ਆਲੋਚਨਾ ਸੁਣਨੀ ਗਵਾਰਾ ਨਹੀਂ ਹੁੰਦੀ। ਕੋਈ ਉਨ੍ਹਾਂ ਦੀ ਗ਼ਲਤ ਨੀਤੀ ਉੱਤੇ ਸਵਾਲ ਚੁੱਕ ਦੇਵੇ, ਉਨ੍ਹਾਂ ਦੇ ਫ਼ੈਸਲੇ ਨਾਲ ਅਸਹਿਮਤੀ ਜਤਾ ਦੇਵੇ ਜਾਂ ਆਪਣੇ ਹੱਕ ਦੀ ਗੱਲ ਕਰ ਲਵੇ ਤਾਂ ਉਹ ਇਸ ਨੂੰ ਆਪਣੀ ਹੇਠੀ ਸਮਝਣ ਲੱਗ ਪੈਂਦੇ ਹਨ। ਫਿਰ ਦਲੀਲ ਦੀ ਥਾਂ ਗੁੱਸਾ, ਤਰਕ ਦੀ ਥਾਂ ਧਮਕੀ ਅਤੇ ਸੱਚਾਈ ਦੀ ਥਾਂ ਝੂਠ ਦਾ ਸਹਾਰਾ ਲਿਆ ਜਾਂਦਾ ਹੈ।

ਇਨ੍ਹਾਂ ਦਾ ਸਭ ਤੋਂ ਮਾੜਾ ਅਸਰ ਪਰਿਵਾਰਕ ਅਤੇ ਕੰਮਕਾਜੀ ਮਾਹੌਲ ਉੱਤੇ ਪੈਂਦਾ ਹੈ। ਜਿਹੜੇ ਲੋਕ ਘਰ ਦੇ ਹਰ ਛੋਟੇ-ਵੱਡੇ ਫ਼ੈਸਲੇ ਆਪਣੀ ਮਰਜ਼ੀ ਨਾਲ ਥੋਪਦੇ ਹਨ, ਉਹ ਪਰਿਵਾਰ ਦੇ ਬਾਕੀ ਜੀਆਂ ਦੀਆਂ ਭਾਵਨਾਵਾਂ, ਲੋੜਾਂ ਅਤੇ ਆਜ਼ਾਦ ਸੋਚ ਨੂੰ ਕੋਈ ਅਹਿਮੀਅਤ ਨਹੀਂ ਦਿੰਦੇ। ਇਸੇ ਤਰ੍ਹਾਂ ਕਾਰੋਬਾਰ ਜਾਂ ਸੰਸਥਾ ਵਿੱਚ ਅਜਿਹੇ ਵਿਅਕਤੀ ਆਪਣੇ ਅਧੀਨ ਕੰਮ ਕਰਨ ਵਾਲਿਆਂ ਨੂੰ ਬਰਾਬਰ ਦੇ ਮਨੁੱਖ ਸਮਝਣ ਦੀ ਥਾਂ ਹੁਕਮ ਮੰਨਣ ਵਾਲੇ ਸੰਦ ਸਮਝਦੇ ਹਨ। ਲੋੜਵੰਦ ਦੀ ਮਜਬੂਰੀ ਦਾ ਨਾਜਾਇਜ਼ ਲਾਹਾ ਲਿਆ ਜਾਂਦਾ ਹੈ, ਪਰ ਹੁਨਰਮੰਦ ਅਤੇ ਸਵੈਮਾਣ ਵਾਲੇ ਵਿਅਕਤੀ ਅਜਿਹੇ ਮਾਹੌਲ ਵਿੱਚ ਵਧੇਰੇ ਸਮਾਂ ਟਿਕ ਨਹੀਂ ਸਕਦੇ।

ਜਦੋਂ ਕੋਈ ਕਰਮਚਾਰੀ ਆਪਣੇ ਬਣਦੇ ਹੱਕ, ਵਾਧੂ ਕੰਮ ਦੇ ਘੰਟਿਆਂ ਦੀ ਮਿਹਨਤਾਨੇ ਜਾਂ ਕਿਸੇ ਗ਼ਲਤ ਫ਼ੈਸਲੇ ਵਿਰੁੱਧ ਆਵਾਜ਼ ਉਠਾਉਂਦਾ ਹੈ ਤਾਂ ਉਸ ਨੂੰ ਬਾਗ਼ੀ ਜਾਂ ਬੇਵਫ਼ਾ ਕਰਾਰ ਦੇ ਦਿੱਤਾ ਜਾਂਦਾ ਹੈ। ਆਪਣੀ ਗ਼ਲਤੀ ਉੱਤੇ ਪਰਦਾ ਪਾਉਣ ਲਈ ਕਈ ਵਾਰ ਭਾਵਨਾਤਮਕ ਦਬਾਅ, ਧੌਂਸ ਅਤੇ ਨਿੱਜੀ ਕਿੜ ਕੱਢਣ ਦੇ ਢੰਗ ਵੀ ਵਰਤੇ ਜਾਂਦੇ ਹਨ। ਨਤੀਜੇ ਵਜੋਂ ਸੰਸਥਾ ਵਿੱਚ ਭਰੋਸੇ ਦੀ ਥਾਂ ਡਰ, ਸਾਂਝ ਦੀ ਥਾਂ ਬੇਵਿਸ਼ਵਾਸੀ ਅਤੇ ਤਰੱਕੀ ਦੀ ਥਾਂ ਖੜੋਤ ਪੈਦਾ ਹੋ ਜਾਂਦੀ ਹੈ।

ਇਸ ਵਰਤਾਰੇ ਦਾ ਇੱਕ ਹੋਰ ਪੱਖ ਦਿਖਾਵਾ ਅਤੇ ਦੂਜਿਆਂ ਦੀ ਤਰੱਕੀ ਪ੍ਰਤੀ ਸਾੜਾ ਹੈ। ਅਜਿਹੇ ਵਿਅਕਤੀ ਲੋਕਾਂ ਸਾਹਮਣੇ ਆਪਣੀ ਸ਼ਾਨੋ-ਸ਼ੌਕਤ ਅਤੇ ਰੁਤਬੇ ਦਾ ਪ੍ਰਭਾਵ ਬਣਾਈ ਰੱਖਣ ਲਈ ਬਹੁਤ ਜਤਨ ਕਰਦੇ ਹਨ, ਪਰ ਅੰਦਰੋਂ ਦੂਜਿਆਂ ਦੀ ਕਾਮਯਾਬੀ ਨੂੰ ਸਹਿਣ ਨਹੀਂ ਕਰ ਸਕਦੇ। ਕਿਸੇ ਦੀ ਮਿਹਨਤ, ਕਾਬਲੀਅਤ ਜਾਂ ਪ੍ਰਾਪਤੀ ਦੀ ਸ਼ਲਾਘਾ ਕਰਨ ਦੀ ਥਾਂ ਉਸ ਵਿੱਚ ਨੁਕਸ ਕੱਢਣੇ ਸ਼ੁਰੂ ਕਰ ਦਿੰਦੇ ਹਨ। ਦੂਜਿਆਂ ਨੂੰ ਨੀਵਾਂ ਦਿਖਾ ਕੇ ਆਪਣੇ ਆਪ ਨੂੰ ਉੱਚਾ ਸਾਬਤ ਕਰਨ ਦੀ ਇਹ ਕੋਸ਼ਿਸ਼ ਅਸਲ ਵਿੱਚ ਆਪਣੀ ਕਮਜ਼ੋਰੀ ਨੂੰ ਲੁਕਾਉਣ ਦਾ ਹੀ ਇੱਕ ਢੰਗ ਹੈ।

ਮਨੋਵਿਗਿਆਨਕ ਪੱਖੋਂ ਅਜਿਹੇ ਵਿਹਾਰ ਨੂੰ ਸਮਝਣ ਲਈ ਹਉਮੈ, ਕਾਬੂ ਪਾਉਣ ਦੀ ਲਾਲਸਾ, ਭਾਵਨਾਤਮਕ ਅਸੰਤੁਲਨ ਅਤੇ ਆਤਮ-ਵਿਸ਼ਵਾਸ ਦੀ ਘਾਟ ਵਰਗੇ ਕਾਰਨਾਂ ਦੀ ਜਾਂਚ ਜ਼ਰੂਰੀ ਹੈ। ਪਰ ਇਹ ਗੱਲ ਵੀ ਸਮਝਣੀ ਲਾਜ਼ਮੀ ਹੈ ਕਿ ਗੁੱਸੇਖੋਰ ਜਾਂ ਤਾਨਾਸ਼ਾਹੀ ਸੁਭਾਅ ਵਾਲੇ ਹਰ ਵਿਅਕਤੀ ਨੂੰ ਮਾਨਸਿਕ ਰੋਗੀ ਕਹਿਣਾ ਵਿਗਿਆਨਕ ਤੌਰ ਉੱਤੇ ਠੀਕ ਨਹੀਂ। ਮਾਨਸਿਕ ਬਿਮਾਰੀ ਅਤੇ ਮਾੜੇ ਵਿਹਾਰ ਵਿੱਚ ਫ਼ਰਕ ਹੈ। ਕਿਸੇ ਵਿਅਕਤੀ ਦੀ ਤਸ਼ਖ਼ੀਸ ਮਾਹਿਰ ਹੀ ਕਰ ਸਕਦਾ ਹੈ।

ਅਜਿਹੇ ਲੋਕਾਂ ਲਈ ਸਭ ਤੋਂ ਵੱਡੀ ਲੋੜ ਆਪਣੀ ਗ਼ਲਤੀ ਪਛਾਣਨ, ਦੂਜਿਆਂ ਦੀ ਗੱਲ ਸੁਣਨ ਅਤੇ ਆਪਣੇ ਵਿਹਾਰ ਦੀ ਜਵਾਬਦੇਹੀ ਕਬੂਲਣ ਦੀ ਹੈ। ਲੋੜ ਪੈਣ ਉੱਤੇ ਮਨੋਵਿਗਿਆਨਕ ਸਲਾਹ ਵੀ ਲੈਣੀ ਚਾਹੀਦੀ ਹੈ। ਦੂਜੇ ਪਾਸੇ, ਅਜਿਹੇ ਵਿਅਕਤੀਆਂ ਨਾਲ ਰਹਿਣ ਜਾਂ ਕੰਮ ਕਰਨ ਵਾਲਿਆਂ ਨੂੰ ਵੀ ਆਪਣੇ ਸਵੈਮਾਣ, ਹੱਕਾਂ ਅਤੇ ਮਾਨਸਿਕ ਸ਼ਾਂਤੀ ਨਾਲ ਸਮਝੌਤਾ ਨਹੀਂ ਕਰਨਾ ਚਾਹੀਦਾ।

ਅਸਲ ਕਾਬਲੀਅਤ ਕਿਸੇ ਨੂੰ ਦਬਾਉਣ ਵਿੱਚ ਨਹੀਂ, ਸਗੋਂ ਉਸ ਨੂੰ ਨਾਲ ਲੈ ਕੇ ਚੱਲਣ ਵਿੱਚ ਹੈ। ਅਹੁਦਾ, ਪੈਸਾ ਅਤੇ ਰੁਤਬਾ ਕਿਸੇ ਨੂੰ ਵੱਡਾ ਨਹੀਂ ਬਣਾਉਂਦੇ। ਵੱਡਾ ਉਹ ਹੈ ਜੋ ਆਪਣੀ ਗ਼ਲਤੀ ਮੰਨ ਸਕੇ, ਦੂਜੇ ਦੀ ਕਾਮਯਾਬੀ ਉੱਤੇ ਖ਼ੁਸ਼ ਹੋ ਸਕੇ ਅਤੇ ਆਪਣੇ ਨਾਲੋਂ ਛੋਟੇ ਸਮਝੇ ਜਾਣ ਵਾਲੇ ਮਨੁੱਖ ਨੂੰ ਵੀ ਇੱਜ਼ਤ ਦੇ ਸਕੇ। ਜਿਹੜਾ ਇਨਸਾਨ ਆਪਣੀ ਹਉਮੈ ਦੀ ਕੈਦ ਵਿੱਚੋਂ ਬਾਹਰ ਨਹੀਂ ਨਿਕਲਦਾ, ਉਹ ਦੂਜਿਆਂ ਨੂੰ ਤਾਂ ਤੰਗ ਕਰਦਾ ਹੀ ਹੈ, ਆਖ਼ਰ ਆਪਣੀ ਜ਼ਿੰਦਗੀ ਦੀ ਖ਼ੁਸ਼ੀ, ਭਰੋਸਾ ਅਤੇ ਸਕੂਨ ਵੀ ਆਪ ਹੀ ਗੁਆ ਬੈਠਦਾ ਹੈ।

-ਪੀਤਾਂਬਰ ਸ਼ਰਮਾ



Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

ਈਥਾਨੋਲ : ਲਾਭ ਜਾਂ ਡਾਮਾਡੋਲ, ਊਰਜਾ ਨੀਤੀ, ਖੇਤੀਬਾੜੀ ਅਤੇ ਆਮ ਖਪਤਕਾਰ



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193

ਕਿਸਾਨ ਦੀ ਆਮਦਨ, ਵਾਹਨਾਂ ਦੀ ਉਮਰ, ਤੇਲ ਦੀ ਖ਼ਪਤ, ਅਨਾਜ ਦੀ ਸੁਰੱਖਿਆ ਅਤੇ ਪਾਣੀ ਦੇ ਭੰਡਾਰਾਂ ਵਿਚਕਾਰ ਸੰਤੁਲਨ ਬਣਾਉਣਾ ਸਰਕਾਰ ਲਈ ਸਭ ਤੋਂ ਵੱਡੀ ਪਰਖ

ਭਾਰਤ ਦੀ ਊਰਜਾ ਨੀਤੀ ਅੱਜ ਅਜਿਹੇ ਮੋੜ ਉੱਤੇ ਖੜ੍ਹੀ ਹੈ, ਜਿੱਥੇ ਇਕ ਪਾਸੇ ਵਿਦੇਸ਼ੀ ਤੇਲ ਉੱਤੇ ਨਿਰਭਰਤਾ ਘਟਾਉਣ, ਦੇਸੀ ਖੇਤੀ ਉਪਜ ਨੂੰ ਨਵੀਂ ਮੰਡੀ ਦੇਣ ਅਤੇ ਵਾਤਾਵਰਨਕ ਪ੍ਰਦੂਸ਼ਣ ਨੂੰ ਠੱਲ੍ਹ ਪਾਉਣ ਦੀਆਂ ਉਮੀਦਾਂ ਹਨ, ਜਦਕਿ ਦੂਜੇ ਪਾਸੇ ਆਮ ਖਪਤਕਾਰ ਆਪਣੀ ਜੇਬ, ਵਾਹਨ ਦੀ ਉਮਰ ਅਤੇ ਰੋਜ਼ਾਨਾ ਦੇ ਸਫ਼ਰ ਉੱਤੇ ਪੈਣ ਵਾਲੇ ਅਸਰਾਂ ਨੂੰ ਲੈ ਕੇ ਚਿੰਤਤ ਹੈ। ਪੈਟਰੋਲ ਵਿੱਚ ਵੀਹ ਫ਼ੀਸਦੀ ਈਥਾਨੋਲ ਮਿਲਾਉਣ ਦੀ ਨੀਤੀ, ਜਿਸ ਨੂੰ ਈ-20 ਕਿਹਾ ਜਾਂਦਾ ਹੈ, ਸਿਰਫ਼ ਤੇਲ ਵਿੱਚ ਇਕ ਹੋਰ ਪਦਾਰਥ ਮਿਲਾਉਣ ਦਾ ਮਾਮਲਾ ਨਹੀਂ; ਇਹ ਦੇਸ਼ ਦੀ ਖੇਤੀ, ਉਦਯੋਗ, ਆਵਾਜਾਈ, ਵਾਤਾਵਰਨ ਅਤੇ ਆਰਥਿਕਤਾ ਨਾਲ ਜੁੜਿਆ ਵੱਡਾ ਨੀਤੀਗਤ ਫ਼ੈਸਲਾ ਹੈ।

ਸਰਕਾਰ ਨੇ ਸਾਲ 2030 ਦੇ ਮੁਕਾਬਲੇ ਪੰਜ ਸਾਲ ਪਹਿਲਾਂ, 2025-26 ਤੱਕ ਪੈਟਰੋਲ ਵਿੱਚ ਵੀਹ ਫ਼ੀਸਦੀ ਈਥਾਨੋਲ ਮਿਲਾਉਣ ਦਾ ਟੀਚਾ ਹਾਸਲ ਕਰਨ ਦਾ ਦਾਅਵਾ ਕੀਤਾ ਹੈ। ਸਰਕਾਰੀ ਅੰਕੜਿਆਂ ਮੁਤਾਬਕ 2013-14 ਵਿੱਚ ਪੈਟਰੋਲ ਵਿੱਚ ਈਥਾਨੋਲ ਦੀ ਮਿਲਾਵਟ ਡੇਢ ਫ਼ੀਸਦੀ ਤੋਂ ਵੀ ਘੱਟ ਸੀ, ਜਿਹੜੀ 2025-26 ਵਿੱਚ ਵੀਹ ਫ਼ੀਸਦੀ ਤੱਕ ਪਹੁੰਚ ਗਈ। ਇਸ ਤਬਦੀਲੀ ਨੂੰ ਦੇਸ਼ ਦੀ ਊਰਜਾ ਸੁਰੱਖਿਆ ਵੱਲ ਇਕ ਵੱਡਾ ਕਦਮ ਮੰਨਿਆ ਜਾ ਰਿਹਾ ਹੈ। ਪਰ ਕਿਸੇ ਵੀ ਨੀਤੀ ਦੀ ਕਾਮਯਾਬੀ ਸਿਰਫ਼ ਟੀਚਾ ਪੂਰਾ ਹੋਣ ਨਾਲ ਨਹੀਂ ਮਾਪੀ ਜਾਂਦੀ; ਇਹ ਵੀ ਵੇਖਣਾ ਪੈਂਦਾ ਹੈ ਕਿ ਇਸ ਦੇ ਲਾਭ ਕਿਸ ਨੂੰ ਮਿਲੇ ਅਤੇ ਇਸ ਦੀ ਕੀਮਤ ਕੌਣ ਚੁਕਾ ਰਿਹਾ ਹੈ।

ਵਿਦੇਸ਼ੀ ਤੇਲ ਤੋਂ ਨਿਜਾਤ ਦੀ ਕੋਸ਼ਿਸ਼: ਭਾਰਤ ਆਪਣੀਆਂ ਤੇਲ ਲੋੜਾਂ ਦਾ ਵੱਡਾ ਹਿੱਸਾ ਵਿਦੇਸ਼ਾਂ ਤੋਂ ਮੰਗਵਾਉਂਦਾ ਹੈ। ਕੌਮਾਂਤਰੀ ਮੰਡੀ ਵਿੱਚ ਕੱਚੇ ਤੇਲ ਦੀਆਂ ਕੀਮਤਾਂ ਵਧਣ, ਜੰਗਾਂ, ਸਮੁੰਦਰੀ ਰਸਤਿਆਂ ਵਿੱਚ ਰੁਕਾਵਟਾਂ ਅਤੇ ਸਿਆਸੀ ਤਣਾਅ ਦਾ ਸਿੱਧਾ ਅਸਰ ਦੇਸ਼ ਦੇ ਵਿਦੇਸ਼ੀ ਮੁਦਰਾ ਭੰਡਾਰ ਅਤੇ ਆਰਥਿਕਤਾ ਉੱਤੇ ਪੈਂਦਾ ਹੈ। ਅਜਿਹੇ ਵਿੱਚ ਦੇਸ਼ ਅੰਦਰ ਤਿਆਰ ਹੋਣ ਵਾਲੇ ਈਥਾਨੋਲ ਦੀ ਵਰਤੋਂ ਵਧਾਉਣ ਨਾਲ ਵਿਦੇਸ਼ੀ ਤੇਲ ਦੀ ਲੋੜ ਦਾ ਕੁਝ ਹਿੱਸਾ ਘਟਾਇਆ ਜਾ ਸਕਦਾ ਹੈ।

ਈਥਾਨੋਲ ਗੰਨੇ ਦੇ ਰਸ, ਗੁੜ, ਸ਼ੀਰੇ, ਮੱਕੀ ਅਤੇ ਕੁਝ ਹੋਰ ਖੇਤੀ ਉਪਜਾਂ ਤੋਂ ਤਿਆਰ ਕੀਤਾ ਜਾਂਦਾ ਹੈ। ਇਸ ਨਾਲ ਖੰਡ ਮਿੱਲਾਂ, ਸ਼ਰਾਬ ਰਹਿਤ ਉਦਯੋਗਿਕ ਇਕਾਈਆਂ, ਅਨਾਜ ਉਤਪਾਦਕਾਂ ਅਤੇ ਪੇਂਡੂ ਅਰਥਚਾਰੇ ਨੂੰ ਨਵਾਂ ਕਾਰੋਬਾਰ ਮਿਲ ਸਕਦਾ ਹੈ। ਕਿਸਾਨ ਨੂੰ ਆਪਣੀ ਉਪਜ ਵੇਚਣ ਲਈ ਇਕ ਹੋਰ ਮੰਡੀ ਮਿਲਣਾ ਯਕੀਨਨ ਚੰਗੀ ਗੱਲ ਹੈ। ਪਰ ਸਵਾਲ ਇਹ ਹੈ ਕਿ ਕੀ ਇਹ ਨਵੀਂ ਮੰਡੀ ਕਿਸਾਨ ਦੀ ਆਮਦਨ ਵਧਾਉਣ ਦੇ ਨਾਲ-ਨਾਲ ਖੇਤੀ ਦੇ ਮੌਜੂਦਾ ਢਾਂਚੇ ਨੂੰ ਵੀ ਸੁਰੱਖਿਅਤ ਰੱਖ ਸਕੇਗੀ ?

ਵਾਹਨ ਮਾਲਕਾਂ ਦੀ ਚਿੰਤਾ ਨੂੰ ਅਣਗੌਲਿਆ ਨਾ ਕੀਤਾ ਜਾਵੇ: ਈ-20 ਪੈਟਰੋਲ ਵਿੱਚ ਅੱਸੀ ਫ਼ੀਸਦੀ ਪੈਟਰੋਲ ਅਤੇ ਵੀਹ ਫ਼ੀਸਦੀ ਈਥਾਨੋਲ ਹੁੰਦਾ ਹੈ। ਈਥਾਨੋਲ ਦੀ ਊਰਜਾ ਸਮਰੱਥਾ ਪੈਟਰੋਲ ਨਾਲੋਂ ਘੱਟ ਹੁੰਦੀ ਹੈ। ਇਸ ਕਰਕੇ ਇਕੋ ਮਾਤਰਾ ਦੇ ਬਾਲਣ ਨਾਲ ਵਾਹਨ ਵੱਲੋਂ ਤੈਅ ਕੀਤੀ ਜਾਣ ਵਾਲੀ ਦੂਰੀ ਵਿੱਚ ਕਮੀ ਆ ਸਕਦੀ ਹੈ। ਸਰਕਾਰੀ ਤਕਨੀਕੀ ਮੁਲਾਂਕਣਾਂ ਵਿੱਚ ਵਾਹਨ ਦੀ ਬਣਤਰ ਅਤੇ ਇੰਜਣ ਦੀ ਤਿਆਰੀ ਅਨੁਸਾਰ ਲਗਭਗ ਇੱਕ ਤੋਂ ਛੇ ਫ਼ੀਸਦੀ ਤੱਕ ਮਾਈਲੇਜ ਘਟਣ ਦੀ ਗੱਲ ਸਾਹਮਣੇ ਆਈ ਹੈ। ਕੁਝ ਪੁਰਾਣੇ ਅੰਦਾਜ਼ਿਆਂ ਵਿੱਚ ਤਿੰਨ ਤੋਂ ਪੰਜ ਫ਼ੀਸਦੀ ਕਮੀ ਦਾ ਜ਼ਿਕਰ ਵੀ ਕੀਤਾ ਗਿਆ ਹੈ।

ਇਹ ਕਮੀ ਕਾਗਜ਼ਾਂ ਉੱਤੇ ਭਾਵੇਂ ਛੋਟੀ ਲੱਗੇ, ਪਰ ਰੋਜ਼ਾਨਾ ਵਾਹਨ ਚਲਾਉਣ ਵਾਲੇ ਵਿਅਕਤੀ ਲਈ ਸਾਲ ਭਰ ਦੇ ਹਿਸਾਬ ਨਾਲ ਇਹ ਵਾਧੂ ਖ਼ਰਚ ਬਣ ਸਕਦੀ ਹੈ। ਖ਼ਾਸ ਕਰਕੇ ਟੈਕਸੀ ਚਾਲਕਾਂ, ਮਾਲ ਢੋਣ ਵਾਲਿਆਂ, ਦੋਪਹੀਆ ਵਾਹਨਾਂ ਉੱਤੇ ਨਿਰਭਰ ਮਜ਼ਦੂਰਾਂ ਅਤੇ ਛੋਟੇ ਕਾਰੋਬਾਰੀਆਂ ਲਈ ਬਾਲਣ ਦੀ ਹਰ ਬੂੰਦ ਦੀ ਕੀਮਤ ਹੈ।

ਦੂਜਾ ਮਸਲਾ ਪੁਰਾਣੇ ਵਾਹਨਾਂ ਦੀ ਅਨੁਕੂਲਤਾ ਦਾ ਹੈ। ਨਵੇਂ ਵਾਹਨ ਈ-20 ਦੇ ਮੁਤਾਬਕ ਤਿਆਰ ਕੀਤੇ ਜਾ ਸਕਦੇ ਹਨ, ਪਰ ਪੁਰਾਣੇ ਵਾਹਨਾਂ ਦੇ ਰਬੜ ਦੇ ਪੁਰਜ਼ੇ, ਬਾਲਣ ਵਾਲੀਆਂ ਨਲੀਆਂ, ਸੀਲਾਂ ਅਤੇ ਇੰਜਣ ਦੀ ਬਣਤਰ ਵੱਖਰੀ ਹੋ ਸਕਦੀ ਹੈ। ਸਰਕਾਰ ਅਤੇ ਵਾਹਨ ਉਦਯੋਗ ਨੇ ਪ੍ਰਯੋਗਸ਼ਾਲਾ ਜਾਂਚਾਂ ਅਤੇ ਸੜਕੀ ਪਰਖਾਂ ਦੇ ਆਧਾਰ ਉੱਤੇ ਈ-20 ਦੀ ਸੁਰੱਖਿਆ ਬਾਰੇ ਭਰੋਸਾ ਦਿੱਤਾ ਹੈ। ਸਰਕਾਰੀ ਦਾਅਵਿਆਂ ਅਨੁਸਾਰ ਵੱਡੇ ਪੱਧਰ ਉੱਤੇ ਵਾਹਨਾਂ ਦੇ ਨੁਕਸਾਨ ਦਾ ਕੋਈ ਪ੍ਰਮਾਣਿਤ ਸੰਕਟ ਸਾਹਮਣੇ ਨਹੀਂ ਆਇਆ। ਫਿਰ ਵੀ ਹਰ ਵਾਹਨ ਦੀ ਉਮਰ, ਬਣਾਵਟ ਅਤੇ ਨਿਰਮਾਤਾ ਦੀਆਂ ਹਦਾਇਤਾਂ ਵੱਖਰੀਆਂ ਹੋ ਸਕਦੀਆਂ ਹਨ।

ਇਸ ਲਈ ਖਪਤਕਾਰ ਨੂੰ ਸਿਰਫ਼ ਇਹ ਕਹਿ ਦੇਣਾ ਕਾਫ਼ੀ ਨਹੀਂ ਕਿ ਨਵਾਂ ਬਾਲਣ ਸੁਰੱਖਿਅਤ ਹੈ। ਹਰ ਵਾਹਨ ਮਾਲਕ ਨੂੰ ਇਹ ਜਾਣਨ ਦਾ ਹੱਕ ਹੈ ਕਿ ਉਸ ਦਾ ਵਾਹਨ ਕਿਸ ਕਿਸਮ ਦੇ ਬਾਲਣ ਲਈ ਢੁੱਕਵਾਂ ਹੈ ਅਤੇ ਜੇ ਕਿਸੇ ਪੁਰਜ਼ੇ ਨੂੰ ਨੁਕਸਾਨ ਹੁੰਦਾ ਹੈ ਤਾਂ ਉਸ ਦੀ ਜ਼ਿੰਮੇਵਾਰੀ ਕਿਸ ਦੀ ਹੋਵੇਗੀ।

ਜਦੋਂ ਬਾਲਣ ਬਦਲਿਆ ਤਾਂ ਕੀਮਤ ਕਿਉਂ ਨਹੀਂ ਘਟੀ ?: ਖਪਤਕਾਰਾਂ ਦਾ ਇਕ ਹੋਰ ਵਾਜਬ ਸਵਾਲ ਹੈ ਕਿ ਜੇ ਪੈਟਰੋਲ ਵਿੱਚ ਵੀਹ ਫ਼ੀਸਦੀ ਹਿੱਸਾ ਖੇਤੀ ਉਪਜ ਤੋਂ ਤਿਆਰ ਹੋਣ ਵਾਲੇ ਈਥਾਨੋਲ ਦਾ ਹੈ ਤਾਂ ਫਿਰ ਪੈਟਰੋਲ ਦੀ ਪਰਚੂਨ ਕੀਮਤ ਵਿੱਚ ਕੋਈ ਖ਼ਾਸ ਰਾਹਤ ਕਿਉਂ ਨਹੀਂ ਮਿਲੀ ?

ਸਰਕਾਰ ਦਾ ਤਰਕ ਹੈ ਕਿ ਈਥਾਨੋਲ ਕਿਸਾਨਾਂ ਤੋਂ ਵਾਜਬ ਕੀਮਤ ਉੱਤੇ ਖ਼ਰੀਦਿਆ ਜਾਂਦਾ ਹੈ। ਮਿਸਾਲ ਵਜੋਂ, ਮੱਕੀ ਤੋਂ ਤਿਆਰ ਈਥਾਨੋਲ ਦੀ ਖ਼ਰੀਦ ਕੀਮਤ ਲਗਭਗ 71.86 ਰੁਪਏ ਪ੍ਰਤੀ ਲਿਟਰ ਹੈ। ਇਸ ਤੋਂ ਇਲਾਵਾ ਢੋਆ-ਢੁਆਈ, ਭੰਡਾਰਨ, ਕਰ ਅਤੇ ਹੋਰ ਖ਼ਰਚੇ ਵੀ ਜੁੜਦੇ ਹਨ। ਦੂਜੇ ਪਾਸੇ ਜਦੋਂ ਕੱਚੇ ਤੇਲ ਦੀ ਕੌਮਾਂਤਰੀ ਕੀਮਤ ਲਗਭਗ 70 ਡਾਲਰ ਪ੍ਰਤੀ ਬੈਰਲ ਹੋਵੇ ਤਾਂ ਈਥਾਨੋਲ ਮਿਲੇ ਬਾਲਣ ਦੀ ਤਿਆਰੀ ਦਾ ਖ਼ਰਚ ਸ਼ੁੱਧ ਪੈਟਰੋਲ ਦੇ ਮੁਕਾਬਲੇ ਘੱਟ ਹੋਣਾ ਲਾਜ਼ਮੀ ਨਹੀਂ।

ਪਰ ਇਸ ਦਲੀਲ ਦੀ ਇਕ ਹੋਰ ਪਰਤ ਵੀ ਹੈ। ਕੱਚੇ ਤੇਲ ਦੀ ਕੀਮਤ ਅਤੇ ਪੈਟਰੋਲ ਦੀ ਪੰਪ ਉੱਤੇ ਵਿਕਣ ਵਾਲੀ ਕੀਮਤ ਇੱਕੋ ਚੀਜ਼ ਨਹੀਂ ਹਨ। ਕੱਚੇ ਤੇਲ ਦੀ ਸੋਧ, ਢੋਆ-ਢੁਆਈ, ਤੇਲ ਕੰਪਨੀਆਂ ਦੇ ਖ਼ਰਚੇ, ਕੇਂਦਰੀ ਆਬਕਾਰੀ ਕਰ ਅਤੇ ਸੂਬਾਈ ਮੁੱਲ ਜੋੜ ਕਰ ਇਸ ਦੀ ਅੰਤਿਮ ਕੀਮਤ ਤੈਅ ਹੁੰਦੀ ਹੈ। ਇਸੇ ਤਰ੍ਹਾਂ ਈਥਾਨੋਲ ਦੀ ਖ਼ਰੀਦ ਕੀਮਤ ਨੂੰ ਸਿੱਧਾ ਪੈਟਰੋਲ ਦੀ ਪਰਚੂਨ ਕੀਮਤ ਨਾਲ ਤੋਲਣਾ ਵੀ ਪੂਰਾ ਹਿਸਾਬ ਨਹੀਂ।

ਸਰਕਾਰ ਨੂੰ ਖਪਤਕਾਰਾਂ ਸਾਹਮਣੇ ਇਹ ਸਾਰਾ ਲੇਖਾ-ਜੋਖਾ ਰੱਖਣਾ ਚਾਹੀਦਾ ਹੈ ਕਿ ਈਥਾਨੋਲ ਮਿਲਾਉਣ ਨਾਲ ਕਿੰਨੀ ਬੱਚਤ ਹੋਈ, ਕਿੰਨੀ ਵਿਦੇਸ਼ੀ ਮੁਦਰਾ ਬਚੀ, ਤੇਲ ਕੰਪਨੀਆਂ ਨੂੰ ਕੀ ਲਾਭ ਹੋਇਆ ਅਤੇ ਖਪਤਕਾਰ ਨੂੰ ਇਸ ਦਾ ਕਿੰਨਾ ਹਿੱਸਾ ਮਿਲਿਆ। ਕਿਸਾਨ ਨੂੰ ਵਾਜਬ ਭਾਅ ਦੇਣਾ ਜ਼ਰੂਰੀ ਹੈ, ਪਰ ਇਸ ਦੀ ਸਾਰੀ ਕੀਮਤ ਆਮ ਖਪਤਕਾਰ ਦੀ ਜੇਬ ਵਿੱਚੋਂ ਹੀ ਕਿਉਂ ਨਿਕਲੇ ?

ਪੰਜਾਬ ਵਰਗੇ ਸੂਬਿਆਂ ਲਈ ਪਾਣੀ ਦਾ ਸਵਾਲ: ਇਸ ਨੀਤੀ ਦਾ ਸਭ ਤੋਂ ਗੰਭੀਰ ਪੱਖ ਖੇਤੀਬਾੜੀ ਅਤੇ ਕੁਦਰਤੀ ਸਰੋਤਾਂ ਨਾਲ ਜੁੜਿਆ ਹੋਇਆ ਹੈ। ਗੰਨਾ ਅਤੇ ਮੱਕੀ ਈਥਾਨੋਲ ਬਣਾਉਣ ਦੇ ਮਹੱਤਵਪੂਰਨ ਕੱਚੇ ਮਾਲ ਹਨ। ਪਰ ਇਨ੍ਹਾਂ ਦੀ ਵੱਡੇ ਪੱਧਰ ਉੱਤੇ ਪੈਦਾਵਾਰ ਲਈ ਜ਼ਮੀਨ, ਪਾਣੀ, ਖਾਦ ਅਤੇ ਹੋਰ ਖੇਤੀ ਸਾਧਨਾਂ ਦੀ ਲੋੜ ਪੈਂਦੀ ਹੈ।

ਪੰਜਾਬ ਪਹਿਲਾਂ ਹੀ ਧਰਤੀ ਹੇਠਲੇ ਪਾਣੀ ਦੀ ਘਟਦੀ ਸਤ੍ਹਾ, ਝੋਨੇ ਦੀ ਵਧੇਰੇ ਕਾਸ਼ਤ, ਮਿੱਟੀ ਦੀ ਸਿਹਤ ਅਤੇ ਫ਼ਸਲੀ ਵਿਭਿੰਨਤਾ ਦੀ ਘਾਟ ਵਰਗੀਆਂ ਸਮੱਸਿਆਵਾਂ ਨਾਲ ਜੂਝ ਰਿਹਾ ਹੈ। ਜੇ ਈਥਾਨੋਲ ਦੀ ਵਧਦੀ ਮੰਗ ਦੇ ਨਾਂ ਉੱਤੇ ਕਿਸਾਨਾਂ ਨੂੰ ਹੋਰ ਪਾਣੀ ਖਪਾਉਣ ਵਾਲੀਆਂ ਫ਼ਸਲਾਂ ਵੱਲ ਧੱਕਿਆ ਗਿਆ ਤਾਂ ਇਹ ਸੂਬੇ ਦੇ ਖੇਤੀ ਸੰਕਟ ਨੂੰ ਹੋਰ ਗੰਭੀਰ ਕਰ ਸਕਦਾ ਹੈ।

ਮੱਕੀ ਨੂੰ ਝੋਨੇ ਦੇ ਬਦਲ ਵਜੋਂ ਉਤਸ਼ਾਹਿਤ ਕਰਨਾ ਪੰਜਾਬ ਲਈ ਲਾਹੇਵੰਦ ਹੋ ਸਕਦਾ ਹੈ, ਪਰ ਇਸ ਲਈ ਸਿਰਫ਼ ਈਥਾਨੋਲ ਫੈਕਟਰੀਆਂ ਦੀ ਮੰਗ ਕਾਫ਼ੀ ਨਹੀਂ। ਕਿਸਾਨ ਨੂੰ ਯਕੀਨੀ ਖ਼ਰੀਦ, ਲਾਹੇਵੰਦ ਭਾਅ, ਪਾਣੀ ਬਚਾਉਣ ਵਾਲੀਆਂ ਤਕਨੀਕਾਂ ਅਤੇ ਫ਼ਸਲ ਦੀ ਬਾਜ਼ਾਰ ਤੱਕ ਪਹੁੰਚ ਵੀ ਦੇਣੀ ਪਵੇਗੀ। ਨਹੀਂ ਤਾਂ ਕਿਸਾਨ ਨੂੰ ਇਕ ਫ਼ਸਲ ਦੇ ਸੰਕਟ ਵਿੱਚੋਂ ਕੱਢ ਕੇ ਦੂਜੀ ਮੰਡੀ ਦੀ ਅਨਿਸ਼ਚਿਤਤਾ ਵਿੱਚ ਸੁੱਟ ਦਿੱਤਾ ਜਾਵੇਗਾ।

ਇਸੇ ਤਰ੍ਹਾਂ ਅਨਾਜ ਤੋਂ ਬਾਲਣ ਤਿਆਰ ਕਰਨ ਦੀ ਨੀਤੀ ਵਿੱਚ ਇਹ ਯਕੀਨੀ ਬਣਾਉਣਾ ਪਵੇਗਾ ਕਿ ਮਨੁੱਖੀ ਖੁਰਾਕ ਅਤੇ ਪਸ਼ੂਆਂ ਦੇ ਚਾਰੇ ਦੀ ਲੋੜ ਪ੍ਰਭਾਵਿਤ ਨਾ ਹੋਵੇ। ਜਦੋਂ ਦੇਸ਼ ਵਿੱਚ ਅਨਾਜ ਦੀਆਂ ਕੀਮਤਾਂ ਅਤੇ ਪੌਸ਼ਟਿਕ ਖੁਰਾਕ ਦੀ ਪਹੁੰਚ ਪਹਿਲਾਂ ਹੀ ਵੱਡੇ ਮੁੱਦੇ ਹਨ ਤਾਂ ਖੇਤੀ ਉਪਜ ਦਾ ਵੱਡਾ ਹਿੱਸਾ ਬਾਲਣ ਵੱਲ ਮੋੜਨ ਤੋਂ ਪਹਿਲਾਂ ਇਸ ਦੇ ਸਮਾਜਕ ਅਸਰਾਂ ਦਾ ਮੁਲਾਂਕਣ ਲਾਜ਼ਮੀ ਹੈ।

ਕੀ ਈਥਾਨੋਲ ਸੱਚਮੁੱਚ ਵਾਤਾਵਰਨ ਲਈ ਲਾਹੇਵੰਦ ਹੈ ?: ਈਥਾਨੋਲ ਨੂੰ ਨਵਿਆਉਣਯੋਗ ਬਾਲਣ ਆਖਿਆ ਜਾਂਦਾ ਹੈ ਕਿਉਂਕਿ ਇਹ ਖੇਤੀ ਉਪਜ ਤੋਂ ਤਿਆਰ ਹੁੰਦਾ ਹੈ। ਇਸ ਨਾਲ ਕੱਚੇ ਤੇਲ ਦੀ ਵਰਤੋਂ ਘਟ ਸਕਦੀ ਹੈ ਅਤੇ ਪੈਟਰੋਲ ਦੇ ਮੁਕਾਬਲੇ ਜੀਵਨ-ਚੱਕਰ ਦੌਰਾਨ ਕਾਰਬਨ ਨਿਕਾਸ ਵੀ ਘਟ ਸਕਦਾ ਹੈ। ਨੀਤੀ ਆਯੋਗ ਦੇ ਹਵਾਲੇ ਨਾਲ ਸਰਕਾਰੀ ਦਸਤਾਵੇਜ਼ਾਂ ਵਿੱਚ ਗੰਨੇ ਅਤੇ ਮੱਕੀ ਤੋਂ ਤਿਆਰ ਈਥਾਨੋਲ ਦੇ ਜੀਵਨ-ਚੱਕਰ ਵਾਲੇ ਗ੍ਰੀਨਹਾਊਸ ਗੈਸ ਨਿਕਾਸ ਵਿੱਚ ਕ੍ਰਮਵਾਰ ਲਗਭਗ 65 ਅਤੇ 50 ਫ਼ੀਸਦੀ ਕਮੀ ਦੇ ਅੰਦਾਜ਼ੇ ਦਰਜ ਹਨ।

ਪਰ ਇੱਥੇ ਵੀ ਇਕ ਅਹਿਮ ਗੱਲ ਸਮਝਣ ਦੀ ਲੋੜ ਹੈ। ਈਥਾਨੋਲ ਸਾੜਨ ਨਾਲ ਵਾਹਨ ਦੇ ਧੂੰਏਂ ਵਿੱਚ ਹੋਣ ਵਾਲੇ ਨਿਕਾਸ ਨੂੰ ਹੀ ਨਹੀਂ, ਸਗੋਂ ਫ਼ਸਲ ਬੀਜਣ ਤੋਂ ਲੈ ਕੇ ਖਾਦਾਂ, ਸਿੰਜਾਈ, ਫ਼ਸਲ ਦੀ ਢੋਆ-ਢੁਆਈ, ਕਾਰਖ਼ਾਨੇ ਵਿੱਚ ਤਿਆਰੀ ਅਤੇ ਬਾਲਣ ਦੀ ਸਪਲਾਈ ਤੱਕ ਦੇ ਸਾਰੇ ਪੜਾਵਾਂ ਨੂੰ ਗਿਣਤੀ ਵਿੱਚ ਲਿਆਉਣਾ ਚਾਹੀਦਾ ਹੈ। ਜੇ ਇਕ ਲਿਟਰ ਬਾਲਣ ਬਣਾਉਣ ਪਿੱਛੇ ਬੇਹਿਸਾਬ ਪਾਣੀ, ਬਿਜਲੀ ਅਤੇ ਖੇਤੀ ਸਾਧਨ ਲੱਗਣ ਤਾਂ ਉਸ ਦੇ ਵਾਤਾਵਰਨਕ ਲਾਭਾਂ ਦਾ ਮੁੜ ਮੁਲਾਂਕਣ ਕਰਨਾ ਪਵੇਗਾ।

ਇਸ ਵਿਸ਼ੇ ਉੱਤੇ ਹੋਈਆਂ ਖੋਜਾਂ ਵੀ ਦੱਸਦੀਆਂ ਹਨ ਕਿ ਈਥਾਨੋਲ ਦੀ ਪੈਦਾਵਾਰ ਦੇ ਸਰੋਤ ਅਤੇ ਤਰੀਕੇ ਅਨੁਸਾਰ ਜ਼ਮੀਨ, ਪਾਣੀ, ਖਾਦ ਅਤੇ ਖੁਰਾਕੀ ਸੁਰੱਖਿਆ ਉੱਤੇ ਅਸਰ ਬਦਲ ਸਕਦੇ ਹਨ। ਇਸ ਲਈ ਈਥਾਨੋਲ ਨੂੰ ਹਰ ਹਾਲਤ ਵਿੱਚ ਵਾਤਾਵਰਨ ਪੱਖੋਂ ਸਾਫ਼-ਸੁਥਰਾ ਬਦਲ ਮੰਨ ਲੈਣਾ ਵਿਗਿਆਨਕ ਸੋਚ ਨਹੀਂ ਹੋਵੇਗੀ।

ਈ-85 ਅਤੇ ਈ-100: ਅਗਲੀ ਚੁਣੌਤੀ ਦੀ ਤਿਆਰੀ: ਈ-20 ਤੋਂ ਅੱਗੇ ਈ-85 ਅਤੇ ਈ-100 ਵਰਗੇ ਉੱਚ ਈਥਾਨੋਲ ਮਿਸ਼ਰਣਾਂ ਦੀ ਗੱਲ ਵੀ ਹੋ ਰਹੀ ਹੈ। ਪਰ ਇਨ੍ਹਾਂ ਨੂੰ ਆਮ ਪੈਟਰੋਲ ਵਾਹਨਾਂ ਵਿੱਚ ਵਰਤਣਾ ਸੰਭਵ ਨਹੀਂ। ਇਨ੍ਹਾਂ ਲਈ ਵਿਸ਼ੇਸ਼ ਤੌਰ ਉੱਤੇ ਤਿਆਰ ਕੀਤੇ ਲਚਕਦਾਰ ਬਾਲਣ ਵਾਲੇ ਵਾਹਨ ਅਤੇ ਵੱਖਰੀਆਂ ਭੰਡਾਰਨ ਤੇ ਵੰਡ ਪ੍ਰਣਾਲੀਆਂ ਦੀ ਲੋੜ ਹੁੰਦੀ ਹੈ। ਸਰਕਾਰ ਵੱਲੋਂ ਈ-85 ਲਈ ਰਾਹ ਖੋਲ੍ਹਣਾ ਇਸ ਖੇਤਰ ਵਿੱਚ ਤਕਨੀਕੀ ਵਿਕਾਸ ਦਾ ਸੰਕੇਤ ਹੈ, ਪਰ ਇਸ ਨੂੰ ਸਾਰੇ ਵਾਹਨਾਂ ਲਈ ਬਾਲਣ ਬਦਲਣ ਦੀ ਆਮ ਮਨਜ਼ੂਰੀ ਸਮਝਣਾ ਗ਼ਲਤ ਹੋਵੇਗਾ।ਇੱਥੇ ਸਰਕਾਰ ਦੀ ਜ਼ਿੰਮੇਵਾਰੀ ਹੋਰ ਵੀ ਵਧ ਜਾਂਦੀ ਹੈ। ਨਵੀਂ ਤਕਨੀਕ ਲਿਆਉਣ ਤੋਂ ਪਹਿਲਾਂ ਵਾਹਨ ਨਿਰਮਾਤਾਵਾਂ, ਤੇਲ ਕੰਪਨੀਆਂ, ਕਿਸਾਨ ਜਥੇਬੰਦੀਆਂ, ਵਿਗਿਆਨੀਆਂ ਅਤੇ ਖਪਤਕਾਰਾਂ ਨਾਲ ਖੁੱਲ੍ਹੀ ਵਿਚਾਰ-ਵਟਾਂਦਰਾ ਹੋਣਾ ਚਾਹੀਦਾ ਹੈ। ਬਾਲਣ ਦੀ ਗੁਣਵੱਤਾ, ਪਾਣੀ ਦੀ ਮਿਲਾਵਟ ਨਾਲ ਜੁੜੇ ਖ਼ਤਰੇ, ਮੀਂਹ ਦੇ ਮੌਸਮ ਵਿੱਚ ਭੰਡਾਰਨ, ਵੰਡ ਕੇਂਦਰਾਂ ਦੀ ਸਫ਼ਾਈ ਅਤੇ ਨਿਗਰਾਨੀ ਦੇ ਪ੍ਰਬੰਧਾਂ ਨੂੰ ਵੀ ਪੂਰੀ ਤਰ੍ਹਾਂ ਪੱਕਾ ਕਰਨਾ ਪਵੇਗਾ।

ਬਿਜਲੀ ਨਾਲ ਚੱਲਣ ਵਾਲੇ ਵਾਹਨਾਂ ਦਾ ਬਦਲ ਵੀ ਨਜ਼ਰਅੰਦਾਜ਼ ਨਾ ਹੋਵੇ: ਇਸ ਸਾਰੀ ਬਹਿਸ ਵਿੱਚ ਬਿਜਲੀ ਨਾਲ ਚੱਲਣ ਵਾਲੇ ਵਾਹਨਾਂ ਦੀ ਭੂਮਿਕਾ ਨੂੰ ਵੀ ਸਮਝਣਾ ਪਵੇਗਾ। ਈਥਾਨੋਲ ਮਿਲਿਆ ਪੈਟਰੋਲ ਤੁਰੰਤ ਲਾਗੂ ਕੀਤੀ ਜਾ ਸਕਣ ਵਾਲੀ ਇਕ ਤਬਦੀਲੀ ਹੈ, ਜਦਕਿ ਬਿਜਲੀ ਆਧਾਰਿਤ ਆਵਾਜਾਈ ਲੰਮੇ ਸਮੇਂ ਦੀ ਤਬਦੀਲੀ ਦਾ ਰਾਹ ਖੋਲ੍ਹਦੀ ਹੈ। ਪਰ ਬਿਜਲੀ ਵਾਲੇ ਵਾਹਨਾਂ ਨੂੰ ਵੀ ਸਸਤੀ ਬਿਜਲੀ, ਚਾਰਜ ਕਰਨ ਦੇ ਕੇਂਦਰਾਂ, ਬੈਟਰੀਆਂ ਦੀ ਕੀਮਤ, ਉਨ੍ਹਾਂ ਦੀ ਮੁੜ ਵਰਤੋਂ ਅਤੇ ਬਿਜਲੀ ਪੈਦਾ ਕਰਨ ਦੇ ਸਾਫ਼-ਸੁਥਰੇ ਸਾਧਨਾਂ ਦੀ ਲੋੜ ਹੈ।

ਇਸ ਲਈ ਇਕ ਤਕਨੀਕ ਨੂੰ ਦੂਜੀ ਦਾ ਦੁਸ਼ਮਣ ਬਣਾਉਣ ਦੀ ਬਜਾਏ ਹਾਲਾਤ ਮੁਤਾਬਕ ਸਾਰਿਆਂ ਦੀ ਢੁੱਕਵੀਂ ਵਰਤੋਂ ਹੋਣੀ ਚਾਹੀਦੀ ਹੈ। ਖ਼ਾਸ ਕਰਕੇ ਜਿੱਥੇ ਲੰਮੇ ਸਫ਼ਰ, ਭਾਰੀ ਵਾਹਨਾਂ ਅਤੇ ਪੇਂਡੂ ਆਵਾਜਾਈ ਦੀਆਂ ਲੋੜਾਂ ਵੱਖਰੀਆਂ ਹਨ, ਉੱਥੇ ਇਕੋ ਹੱਲ ਸਾਰੇ ਦੇਸ਼ ਉੱਤੇ ਲਾਗੂ ਨਹੀਂ ਕੀਤਾ ਜਾ ਸਕਦਾ।

ਸਰਕਾਰ ਲਈ ਪੰਜ ਅਹਿਮ ਕਦਮ:

ਇਸ ਨੀਤੀ ਨੂੰ ਲੋਕ ਹਿਤੈਸ਼ੀ ਬਣਾਉਣ ਲਈ ਸਰਕਾਰ ਨੂੰ ਕੁਝ ਠੋਸ ਕਦਮ ਚੁੱਕਣੇ ਚਾਹੀਦੇ ਹਨ।

ਪਹਿਲਾ, ਹਰ ਵਾਹਨ ਦੇ ਨਿਰਮਾਣ ਸਾਲ ਅਤੇ ਇੰਜਣ ਦੀ ਕਿਸਮ ਅਨੁਸਾਰ ਬਾਲਣ ਦੀ ਅਨੁਕੂਲਤਾ ਬਾਰੇ ਸੌਖੀ ਅਤੇ ਭਰੋਸੇਯੋਗ ਜਾਣਕਾਰੀ ਮੁਹੱਈਆ ਕਰਵਾਈ ਜਾਵੇ।

ਦੂਜਾ, ਜੇ ਈ-20 ਕਾਰਨ ਕਿਸੇ ਵਾਹਨ ਵਿੱਚ ਸਾਬਤ ਹੋਣ ਵਾਲਾ ਤਕਨੀਕੀ ਨੁਕਸ ਪੈਦਾ ਹੁੰਦਾ ਹੈ ਤਾਂ ਉਸ ਦੀ ਮੁਰੰਮਤ ਅਤੇ ਜ਼ਿੰਮੇਵਾਰੀ ਬਾਰੇ ਸਪੱਸ਼ਟ ਨਿਯਮ ਬਣਾਏ ਜਾਣ। ਖਪਤਕਾਰ ਨੂੰ ਨਿਰਮਾਤਾ ਅਤੇ ਤੇਲ ਕੰਪਨੀਆਂ ਵਿਚਕਾਰ ਭਟਕਣ ਲਈ ਮਜਬੂਰ ਨਾ ਕੀਤਾ ਜਾਵੇ।


ਤੀਜਾ, ਹਰ ਸੂਬੇ ਵਿੱਚ ਪਾਣੀ ਦੀ ਉਪਲਬਧਤਾ, ਖੇਤੀਯੋਗ ਜ਼ਮੀਨ ਅਤੇ ਖੁਰਾਕੀ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਈਥਾਨੋਲ ਲਈ ਕੱਚੇ ਮਾਲ ਦੀ ਨੀਤੀ ਬਣਾਈ ਜਾਵੇ। ਪੰਜਾਬ ਵਰਗੇ ਪਾਣੀ ਦੀ ਘਾਟ ਵਾਲੇ ਸੂਬੇ ਵਿੱਚ ਮੱਕੀ ਅਤੇ ਹੋਰ ਘੱਟ ਪਾਣੀ ਵਾਲੀਆਂ ਫ਼ਸਲਾਂ ਨੂੰ ਉਤਸ਼ਾਹਿਤ ਕਰਨ ਦੇ ਨਾਲ ਕਿਸਾਨ ਨੂੰ ਖ਼ਰੀਦ ਦੀ ਗਾਰੰਟੀ ਮਿਲੇ।

ਚੌਥਾ, ਪੈਟਰੋਲ ਦੀ ਕੀਮਤ ਅਤੇ ਈਥਾਨੋਲ ਮਿਲਾਉਣ ਨਾਲ ਹੋਣ ਵਾਲੀ ਬੱਚਤ ਦਾ ਪੂਰਾ ਲੇਖਾ ਜਨਤਕ ਕੀਤਾ ਜਾਵੇ। ਖਪਤਕਾਰ ਨੂੰ ਪਤਾ ਲੱਗਣਾ ਚਾਹੀਦਾ ਹੈ ਕਿ ਇਸ ਨੀਤੀ ਦਾ ਆਰਥਿਕ ਲਾਭ ਕਿਸ ਹੱਦ ਤੱਕ ਉਸ ਤੱਕ ਪਹੁੰਚ ਰਿਹਾ ਹੈ। ਪੰਜਵਾਂ, ਈਥਾਨੋਲ ਦੀ ਤਿਆਰੀ ਵਿੱਚ ਵਰਤੇ ਜਾਂਦੇ ਪਾਣੀ, ਬਿਜਲੀ ਅਤੇ ਹੋਰ ਸਾਧਨਾਂ ਦੀ ਖਪਤ ਦਾ ਸੁਤੰਤਰ ਮੁਲਾਂਕਣ ਕਰਵਾਇਆ ਜਾਵੇ। ਇਸ ਦੇ ਨਾਲ ਬਿਜਲੀ ਨਾਲ ਚੱਲਣ ਵਾਲੀ ਆਵਾਜਾਈ ਅਤੇ ਹੋਰ ਸਾਫ਼ ਬਾਲਣਾਂ ਦੇ ਵਿਕਾਸ ਨੂੰ ਵੀ ਬਰਾਬਰ ਤਰਜੀਹ ਮਿਲੇ।

ਨੀਤੀ ਦੀ ਕਾਮਯਾਬੀ ਦਾ ਪੈਮਾਨਾ ਆਮ ਆਦਮੀ ਦੀ ਜੇਬ ਹੋਵੇ: ਭਾਰਤ ਨੂੰ ਊਰਜਾ ਦੇ ਖੇਤਰ ਵਿੱਚ ਆਤਮਨਿਰਭਰ ਬਣਨ ਦੀ ਲੋੜ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਵਿਦੇਸ਼ੀ ਤੇਲ ਉੱਤੇ ਨਿਰਭਰਤਾ ਘਟਾਉਣੀ, ਕਿਸਾਨਾਂ ਨੂੰ ਨਵੀਆਂ ਮੰਡੀਆਂ ਦੇਣੀਆਂ ਅਤੇ ਵਾਤਾਵਰਨ ਦੀ ਸੰਭਾਲ ਕਰਨੀ ਸਮੇਂ ਦੀ ਵੱਡੀ ਲੋੜ ਹੈ। ਪਰ ਕਿਸੇ ਵੀ ਕੌਮੀ ਟੀਚੇ ਦੀ ਪ੍ਰਾਪਤੀ ਆਮ ਨਾਗਰਿਕ ਦੇ ਹਿੱਤਾਂ ਦੀ ਕੀਮਤ ਉੱਤੇ ਨਹੀਂ ਹੋਣੀ ਚਾਹੀਦੀ। ਈਥਾਨੋਲ ਮਿਲੇ ਪੈਟਰੋਲ ਦੀ ਨੀਤੀ ਨੂੰ ਨਾ ਤਾਂ ਬਿਨਾਂ ਜਾਂਚੇ-ਪਰਖੇ ਰੱਦ ਕਰਨਾ ਸਿਆਣਪ ਹੈ ਅਤੇ ਨਾ ਹੀ ਇਸ ਦੇ ਹਰ ਪੱਖ ਨੂੰ ਬਿਨਾਂ ਸਵਾਲ ਕੀਤੇ ਸਹੀ ਮੰਨ ਲੈਣਾ। ਇਸ ਦੇ ਲਾਭਾਂ ਅਤੇ ਨੁਕਸਾਨਾਂ ਦਾ ਨਿਰਪੱਖ ਮੁਲਾਂਕਣ ਹੀ ਸਹੀ ਰਾਹ ਹੈ। ਸਰਕਾਰ ਨੂੰ ਆਪਣੇ ਅੰਕੜਿਆਂ ਦੇ ਨਾਲ ਸੁਤੰਤਰ ਖੋਜਾਂ ਅਤੇ ਖਪਤਕਾਰਾਂ ਦੇ ਅਸਲ ਤਜਰਬਿਆਂ ਨੂੰ ਵੀ ਬਰਾਬਰ ਥਾਂ ਦੇਣੀ ਚਾਹੀਦੀ ਹੈ। ਅਸਲ ਵਿੱਚ ਊਰਜਾ ਦੀ ਆਜ਼ਾਦੀ ਦਾ ਮਤਲਬ ਸਿਰਫ਼ ਵਿਦੇਸ਼ੀ ਤੇਲ ਦੀ ਥਾਂ ਦੇਸੀ ਈਥਾਨੋਲ ਵਰਤਣਾ ਨਹੀਂ, ਸਗੋਂ ਅਜਿਹੀ ਪ੍ਰਣਾਲੀ ਖੜ੍ਹੀ ਕਰਨੀ ਹੈ ਜਿਸ ਵਿੱਚ ਕਿਸਾਨ ਦੀ ਫ਼ਸਲ ਦਾ ਵਾਜਬ ਮੁੱਲ ਹੋਵੇ, ਖਪਤਕਾਰ ਦੀ ਜੇਬ ਉੱਤੇ ਬੇਲੋੜਾ ਬੋਝ ਨਾ ਪਵੇ, ਵਾਹਨ ਮਾਲਕ ਦੀ ਜਾਇਦਾਦ ਸੁਰੱਖਿਅਤ ਰਹੇ, ਧਰਤੀ ਹੇਠਲਾ ਪਾਣੀ ਬਚਿਆ ਰਹੇ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਕੁਦਰਤੀ ਸਰੋਤ ਸਾਂਭੇ ਰਹਿਣ। ਸਰਕਾਰ ਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਨੀਤੀ ਦੀ ਸਫ਼ਲਤਾ ਦਾ ਐਲਾਨ ਸਰਕਾਰੀ ਅੰਕੜਿਆਂ ਨਾਲ ਹੋ ਸਕਦਾ ਹੈ, ਪਰ ਉਸ ਦੀ ਅਸਲ ਪਰਖ ਕਿਸਾਨ ਦੇ ਖੇਤ, ਖਪਤਕਾਰ ਦੀ ਜੇਬ, ਵਾਹਨ ਦੀ ਕਾਰਗੁਜ਼ਾਰੀ ਅਤੇ ਕੁਦਰਤ ਦੀ ਸਿਹਤ ਵਿੱਚ ਹੁੰਦੀ ਹੈ।



ਹਵਾ ਦੀ ਗੁਣਵੱਤਾ ਪ੍ਰਬੰਧਨ ਕਮਿਸ਼ਨ ਦੀ ਉੱਚ ਪੱਧਰੀ ਟੀਮ ਵੱਲੋਂ ਜ਼ਿਲ੍ਹੇ 'ਚ ਪਰਾਲੀ ਪ੍ਰਬੰਧਨ ਨਾਲ ਸਬੰਧਤ ਪ੍ਰੋਜੈਕਟਾਂ ਦਾ ਨਿਰੀਖਣ



ਅਮਲੋਹ, 12 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਝੋਨੇ ਦੀ ਪਰਾਲੀ ਸਾੜਨ ਦੀਆਂ ਘਟਨਾਵਾਂ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਕਾਬੂ ਪਾਉਣ ਅਤੇ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਹਵਾ ਦੀ ਗੁਣਵੱਤਾ ਪ੍ਰਬੰਧਨ ਕਮਿਸ਼ਨ (ਸੀ.ਏ.ਕਿਊ.ਐੱਮ.) ਦੇ ਚੇਅਰਮੈਨ ਰਾਜੇਸ਼ ਵਰਮਾ ਅਤੇ ਪੰਜਾਬ ਸਰਕਾਰ ਦੇ ਸੀਨੀਅਰ ਅਧਿਕਾਰੀ ਕਮਲ ਕਿਸ਼ੋਰ ਯਾਦਵ, ਆਈ ਏ ਐਸ ਸਕੱਤਰ ਵਾਤਾਵਰਣ ਸਮੇਤ ਉੱਚ ਪੱਧਰੀ ਟੀਮ ਨੇ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ,ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਅਤੇ ਹੋਰ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ। ਮੀਟਿੰਗ ਤੋਂ ਬਾਅਦ ਉੱਚ ਪੱਧਰੀ ਟੀਮ ਵੱਲੋਂ ਸਬ-ਡਵੀਜਨ ਅਮਲੋਹ ਦੇ ਪਿੰਡ ਸ਼ਾਹਪੁਰ ਸਥਿਤ ਸ਼੍ਰੀ ਗਣੇਸ਼ ਐਡੀਬਲ (ਪ੍ਰਾਈਵੇਟ) ਲਿਮਟਿਡ ਦਾ ਦੌਰਾ ਕੀਤਾ।

ਮੀਟਿੰਗ ਦੌਰਾਨ ਚੇਅਰਪਰਸਨ ਰਾਜੇਸ਼ ਵਰਮਾ ਨੇ ਝੋਨੇ ਦੀ ਪਰਾਲੀ ਦੇ ਵਿਗਿਆਨਕ ਅਤੇ ਵਾਤਾਵਰਣ-ਅਨੁਕੂਲ ਪ੍ਰਬੰਧਨ ਨੂੰ ਉਤਸ਼ਾਹਿਤ ਕਰਨਾ, ਪਰਾਲੀ ਆਧਾਰਿਤ ਊਰਜਾ ਉਤਪਾਦਨ ਅਤੇ ਹੋਰ ਉਦਯੋਗਿਕ ਵਰਤੋਂ ਦੀਆਂ ਸੰਭਾਵਨਾਵਾਂ ਨੂੰ ਵਧਾਉਣਾ ਅਤੇ ਪਰਾਲੀ ਸਾੜਨ ਦੀਆਂ ਘਟਨਾਵਾਂ 'ਤੇ ਕਾਬੂ ਪਾਉਣ ਲਈ ਕੀਤੇ ਜਾ ਰਹੇ ਯਤਨਾਂ ਦੀ ਸਮੀਖਿਆ ਕੀਤੀ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਮੀਨੀ ਪੱਧਰ ਪੜਚੋਲ ਕੀਤੀ ਜਾਵੇ ਕਿ ਆਧੁਨਿਕ ਸੰਦਾਂ/ਮਸ਼ਨੀਰੀ ਦੇ ਬਾਵਜੂਦ ਕਿਸਾਨਾਂ ਵੱਲੋਂ ਪਰਾਲੀ ਨੂੰ ਅੱਗ ਲਗਾਉਣ ਨੂੰ ਪਹਿਲ ਕਿਉ ਦਿੱਤੀ ਜਾਂਦੀ ਹੈ, ਤਾਂ ਜੋ ਕਿਸਾਨਾਂ ਤੋਂ ਮਿਲਣ ਵਾਲੀ ਫੀਡਬੈਕ ਨਾਲ ਵਾਤਾਵਰਣ ਨੂੰ ਪ੍ਰਦੂਸ਼ਣ ਹੋਣ ਤੋਂ ਬਚਾਉਣ ਲਈ ਹੋਰ ਵਧੇਰੇ ਸੁਚੱਜੇ ਢੰਗ ਨਾਲ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕੀਤਾ ਜਾ ਸਕੇ।

ਸ੍ਰੀ ਰਾਜੇਸ਼ ਵਰਮਾਂ ਨੇ ਕਿਹਾ ਕਿ ਰਹਿੰਦ ਖੂਹੰਦ ਨੂੰ ਅੱਗ ਲੱਗਣ ਤੋਂ ਰੋਕਣ ਲਈ ਪੁਲਿਸ ਤੇ ਸਿਵਲ ਪ੍ਰਸ਼ਾਸ਼ਨ ਦੇ ਅਧਿਕਾਰੀ ਆਪਸੀ ਤਾਲਮੇਲ ਨਾਲ ਰੋਜਾਨਾਂ ਸ਼ਾਮ 04 ਵਜੇ ਤੋਂ ਪਿੰਡ ਪੱਧਰ ਤੇ ਦੌਰਾ ਕਰਨ ਅਤੇ ਕਿਸਾਨਾਂ ਨੂੰ ਪਰਾਲੀ ਤੋਂ ਪੈਦਾ ਹੋਣ ਵਾਲੇ ਧੂੰਏ ਤੋਂ ਹੋਣ ਵਾਲੇ ਨੁਕਸਾਨ ਬਾਰੇ ਜਾਗਰੂਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਅਧਿਕਾਰੀ ਫੀਲਡ ਵਿੱਚ ਰਹਿੰਦਿਆਂ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਵੱਧਣ ਤੋਂ ਰੋਕਣ ਲਈ ਪੁਖਤਾ ਰਿਪੋਰਟ ਦੇ ਅਧਾਰ ਤੇ ਕਾਰਵਾਈ ਅਮਲ ਚ ਲਿਆਉਣ। ਮੀਟਿੰਗ ਦੌਰਾਨ ਖੇਤੀਬਾੜੀ ਵਿਭਾਗ,ਫਤਹਿਗੜ੍ਹ ਸਾਹਿਬ ਦੇ ਖੇਤੀਬਾੜੀ ਵਿਕਾਸ ਅਫਸਰ ਦਮਨ ਝਾਂਜੀ ਵੱਲੋਂ ਪਰਾਲੀ ਪ੍ਰਬੰਧਨ ਸਬੰਧੀ ਤਿਆਰ ਕੀਤੀ ਪੀ.ਪੀ.ਟੀ ਦਿਖਾਈ ਗਈ।

ਮੀਟਿੰਗ ਤੋਂ ਬਾਅਦ ਉੱਚ ਪੱਧਰੀ ਟੀਮ ਵੱਲੋਂ ਸਬ-ਡਵੀਜਨ ਅਮਲੋਹ ਦੇ ਪਿੰਡ ਸ਼ਾਹਪੁਰ ਸਥਿਤ ਸ਼੍ਰੀ ਗਣੇਸ਼ ਐਡੀਬਲ (ਪ੍ਰਾਈਵੇਟ) ਲਿਮਟਿਡ ਵਿਖੇ ਮੌਜੂਦਾ ਤਕਨਾਲੋਜੀ ਰਾਹੀਂ ਪਰਾਲੀ ਦੀ ਵੱਖ-ਵੱਖ ਕੰਮਾਂ ਲਈ ਵਰਤੋਂ ਨਾਲ ਸਬੰਧਤ ਉਦਯੋਗਿਕ ਇਕਾਈਆਂ ਦਾ ਨਿਰੀਖਣ ਕੀਤਾ ਅਤੇ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਉਪਲਬਧ ਖੇਤੀਬਾੜੀ ਮਸ਼ੀਨਰੀ ਦੀ ਸਥਿਤੀ ਦਾ ਜਾਇਜ਼ਾ ਲਿਆ।

ਇਸ ਤੋਂ ਇਲਾਵਾ ਡਿਪਟੀ ਕਮਿਸ਼ਨਰ ਡਾ ਸੋਨਾ ਥਿੰਦ, ਜ਼ਿਲ੍ਹਾ ਪੁਲੀਸ ਮੁਖੀ ਸ਼ੁਭਮ ਅਗਰਵਾਲ, ਵਧੀਕ ਡਿਪਟੀ ਕਮਿਸ਼ਨਰ ਅਮਰਬੀਰ ਕੌਰ ਭੁੱਲਰ, ਲਵਨੀਤ ਦੂਬੇ ਮੈਂਬਰ ਸਕੱਤਰ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ, ਕੇਂਦਰ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਸਾਇੰਟਿਸਟ-ਈ ਡਾ ਵਿਕਾਸ ਸਿੰਘ, ਸਾਇੰਟਿਸਟ-ਬੀ ਡਾ ਪ੍ਰਿਯੰਕਾ, ਐਸ ਡੀ ਐਮ ਅਮਲੋਹ ਹਰਵੀਰ ਕੌਰ, ਐਸ ਪੀ ਧਰਮਵੀਰ ਸਿੰਘ, ਮੁੱਖ ਖੇਤੀਬਾੜੀ ਅਫਸਰ ਜਗਦੇਵ ਸਿੰਘ ਸਮੇਤ ਵੱਖ ਵੱਖ ਵਿਭਾਗਾਂ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ।

ਕਿਸਾਨਾਂ ਦੀ ਕਣਕ ਦੀ ਵਿਜਾਈ ਸਮੇਂ ਡੀ.ਏ.ਪੀ.ਖ਼ਾਦ ਲੋੜੀਂਦੀ ਮਾਤਰਾ ਵਿਚ ਸਪਲਾਈ ਨਾ ਦੇਣਾ, ਕਿਸਾਨਾਂ ਨਾਲ ਸਰਕਾਰੀ ਜ਼ਬਰ : ਮਾਨ


ਫ਼ਤਹਿਗੜ੍ਹ ਸਾਹਿਬ, 12 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਜਦੋਂ ਕਿਸਾਨ ਆਪਣੀ ਕਣਕ ਦੀ ਫ਼ਸਲ ਦੀ ਬਿਜਾਈ ਕਰ ਰਹੇ ਹਨ ਤਾਂ ਸਰਕਾਰ ਦੀ ਇਹ ਵੱਡੀ ਜੁਮੇਵਾਰੀ ਬਣ ਜਾਂਦੀ ਹੈ ਕਿ ਇਸ ਫ਼ਸਲ ਲਈ ਅੱਤ ਲੋੜੀਂਦੀ ਡੀ.ਏ.ਪੀ ਖਾਦ ਓਹਨਾ ਦੀ ਲੋੜ ਮੁਤਾਬਿਕ ਮਿਲਾਵਟ ਤੋਂ ਰਹਿਤ ਤੁਰੰਤ ਸਪਲਾਈ ਜਾਰੀ ਰੱਖ ਕਿ ਆਉਣ ਵਾਲੀ ਕਣਕ ਦੀ ਫ਼ਸਲ ਦੇ ਸਹੀ ਝਾੜ ਲਈ ਇਹ ਪ੍ਰਬੰਧ ਪਹਿਲ ਦੇ ਅਧਾਰ ਤੇ ਹੋਣਾ ਚਾਹੀਦਾ ਹੈ ਪਰ ਦੁੱਖ ਅਤੇ ਅਫ਼ਸੋਸ ਹੈ ਕਿ ਜਦੋਂ ਪੰਜਾਬ ਦਾ ਜਿਮੀਦਾਰ ਆਪਣੀ ਇਸ ਫਸਲ ਦੀ ਵਿਜਾਈ ਵਿਚ ਰੁਜਿਆਂ ਹੋਇਆ ਹੈ, ਉਸ ਸਮੇਂ ਉਸਨੂੰ ਉਪਰੋਕਤ ਲੋੜੀਂਦੀ ਖਾਦ ਨਹੀਂ ਮਿਲ ਰਹੀ। ਜੇਕਰ ਕੁੱਝ ਮਾਤਰਾ ਮਿਲ ਰਹੀ ਹੈ ਤਾਂ ਉਹ ਸ਼ੁੱਧ ਨਹੀਂ ਜਿਸ ਨਾਲ ਉਸਦੀ ਫ਼ਸਲ ਝਾੜ ਉਤੇ ਵੱਡਾ ਅਸਰ ਪੈ ਸਕਦਾ ਹੈ ਜਿਸ ਨਾਲ ਕਿਸਾਨ ਵਰਗ ਨੂੰ ਆਪਣੀ ਫ਼ਸਲ ਦੀ ਲਾਗਤ ਕੀਮਤ ਵੀ ਪੂਰੀ ਹੋਣੀ ਮੁਸ਼ਕਿਲ ਹੋ ਜਾਵੇਗੀ। ਕਿਉਂਕਿ ਇਸ ਨਾਲ ਝਾੜ ਉਤੇ ਡੂੰਗਾ ਅਸਰ ਪਵੇਗਾ



ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ, ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅਮ੍ਰਿਤਸਰ ਨੇ ਡੀ.ਏ.ਪੀ ਖਾਦ ਦੀ ਲੋੜੀਂਦੀ ਸਪਲਾਈ ਸਰਕਾਰ ਵਲੋਂ ਨਾ ਹੋਣ ਅਤੇ ਉਸਦੀ ਸ਼ੁੱਧਤਾ ਦੀ ਗੱਲ ਕਰਦੇ ਹੋਏ ਸਰਕਾਰ ਨੂੰ ਉਚੇਚੇ ਤੋਰ ਤੇ ਬਿਜਾਈ ਸਮੇਂ ਇਹ ਜੁਮੇਵਾਰੀ ਦ੍ਰਿੜਤਾ ਨਾਲ ਨਿਭਾਉਣ ਅਤੇ ਕਿਸਾਨ ਦੀ ਮਾਲੀ ਹਾਲਤ ਨੂੰ ਬਿਹਤਰ ਰੱਖਣ ਲਈ ਇਹ ਉਧਮ ਕਰਨ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ। ਓਹਨਾ ਕਿਹਾ ਕਿ ਪੰਜਾਬ ਖੇਤੀ ਪ੍ਰਧਾਨ ਸੂਬਾ ਹੈ ਜਿਸਦੀ ਸਮੁੱਚੀ ਅਵਸਥਾ ਦੀਆਂ ਖਰੀਦੋ-ਫ਼ਰੋਖ਼ਤ ਕਿਸਾਨਾਂ ਦੀਆ ਪੈਦਾਵਾਰ ਉਤੇ ਨਿਰਭਰ ਕਰਦੀ ਹੈ। ਜੇਕਰ ਕਿਸਾਨ ਵਰਗ ਦੀ ਮਾਲੀ ਹਾਲਤ ਠੀਕ ਹੋਵੇਗੀ, ਫਿਰ ਹੀ ਉਹ ਆਪਣੀਆਂ ਘਰੇਲੂ ਵਸਤਾ ਕਪੜਾ, ਖਾਣ-ਪੀਣ ਦੀਆ ਵਸਤਾ, ਇਮਾਰਤੀ ਸਾਜੋ ਸਾਮਾਨ ਆਦਿ ਖਰੀਦੇਗਾ ਜਿਸ ਨਾਲ ਬਾਕੀ ਕਾਰੋਬਾਰੀ ਲੋਕ ਦੇ ਕਾਰੋਬਾਰ ਚਲਦੇ ਹਨ। ਇਸ ਲਈ ਕਿਸਾਨੀ ਵਸਤਾਂ ਦੀ ਬਿਜਾਈ ਅਤੇ ਪੈਦਾਵਾਰ ਕਰਦੇ ਸਮੇਂ, ਉਸਦੀ ਪਾਲਣ ਪੋਸ਼ਣ ਕਰਦੇ ਸਮੇਂ ਸਹੀ ਕੀਮਤਾਂ ਉਤੇ ਉਸਨੂੰ ਡੀਜ਼ਲ, ਕੀੜੇ ਮਾਰ ਦਵਾਈਆਂ ਖਾਦਾਂ ਅਤੇ ਸੰਬੰਧਿਤ ਔਜਾਰ ਉਪਲੱਬਧ ਹੋਣੇ ਚਾਹੀਦੇ ਹਨ।

ਜੇਕਰ ਸਰਕਾਰ ਕਿਸਾਨੀ ਮੁਸ਼ਕਲਾਂ ਨੂੰ ਦੂਰ ਕਰਨ ਲਈ ਜੁਮੇਵਾਰੀ ਨਹੀਂ ਨਿਭਾਏਗੀ ਤਾਂ ਪੰਜਾਬ ਦੀ ਸਮੁੱਚੀ ਆਰਥਿਕਤਾ ਪ੍ਰਭਾਵਿਤ ਹੋਏ ਬਿਨਾ ਨਹੀਂ ਰਹਿ ਸਕਦੀ ਇਸ ਲਈ ਸਰਕਾਰ ਨੂੰ ਚਾਹੀਦਾ ਹੈ ਕੇ ਮੰਗ ਅਤੇ ਲੋੜ ਅਨੁਸਾਰ ਡੀ.ਏ.ਪੀ ਖਾਦ ਦੀ ਸਪਲਾਈ ਮਿਲਾਵਟ ਤੋਂ ਰਹਿਤ ਪ੍ਰਦਾਨ ਕਰਨ ਦਾ ਪ੍ਰਬੰਧ ਕਰੇ। ਓਹਨਾ ਉਮੀਦ ਪ੍ਰਗਟ ਕੀਤੀ ਕਿ ਸਰਕਾਰ ਆਪਣੀ ਜੁਮੇਵਾਰੀ ਨੂੰ ਸਮਝਦੀ ਹੋਈ ਹਰ ਖੇਤ ਤੱਕ ਡੀ.ਏ.ਪੀ ਖਾਦ ਪੋਹਚਦੀ ਕਰਨ ਦਾ ਪ੍ਰਬੰਧ ਕਰੇਗੀ।



ਪੋਲੀਟਿਕਸ



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਕ ਹਜ਼ਾਰ ਹੋਰ 'ਪੇਂਡੂ ਖੇਡ ਮੈਦਾਨਾਂ' ਦਾ ਕੀਤਾ ਉਦਘਾਟਨ

➢ ਪੰਜਾਬ ਆਉਣ ਵਾਲੇ ਸਮੇਂ ਵਿੱਚ ਅੰਤਰਰਾਸ਼ਟਰੀ ਖਿਡਾਰੀਆਂ ਦਾ ਹੱਬ ਬਣੇਗਾ ➢ ਪੰਜਾਬ ਦੇ ਨੌਜਵਾਨ ਨਸ਼ੇ ਛੱਡ ਕੇ ਅੰਤਰਰਾਸ਼ਟਰੀ ਅਥਲੀਟ ਬਣਨ ਵੱਲ ਵਧ ਰਹੇ ਹਨ ➢ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਸਾਡੀ ਸਰਕਾਰ ਖੇਡਾਂ ਨੂੰ ਪਹਿਲ ਦੇ ਰਹੀ ਹੈ

ਫ਼ਤਹਿਗੜ੍ਹ ਸਾਹਿਬ, 12 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੰਜਾਬ ਭਰ ਦੇ 1,000 ਹੋਰ 'ਪੇਂਡੂ ਖੇਡ ਮੈਦਾਨ' ਲੋਕਾਂ ਨੂੰ ਸਮਰਪਿਤ ਕੀਤੇ, ਜਿਸ ਨਾਲ ਕੁੱਲ ਟੀਚੇ 3,100 ਵਿੱਚੋਂ ਹੁਣ ਤੱਕ ਉਦਘਾਟਨ ਕੀਤੇ ਗਏ ਕੁੱਲ ਮੈਦਾਨਾਂ ਦੀ ਗਿਣਤੀ 1,764 ਹੋ ਗਈ ਹੈ। ਪੰਜਾਬ ਸਰਕਾਰ ਨੌਜਵਾਨਾਂ ਦੀ ਊਰਜਾ ਨੂੰ ਖੇਡਾਂ ਵੱਲ ਲਾਉਣ ਅਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਆਪਣੀ ਮੁਹਿੰਮ ਨੂੰ ਤੇਜ਼ ਕਰ ਰਹੀ ਹੈ। ਫ਼ਤਹਿਗੜ੍ਹ ਸਾਹਿਬ ਦੇ ਹਲਕਾ ਅਮਲੋਹ ਦੇ ਪਿੰਡ ਸ਼ਾਹਪੁਰ ਵਿਖੇ ਉਦਘਾਟਨੀ ਸਮਾਰੋਹ ਵਿੱਚ ਸ਼ਾਮਲ ਹੁੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਅੰਤਰਰਾਸ਼ਟਰੀ ਖੇਡ ਪ੍ਰਤਿਭਾ ਦੇ ਹੱਬ ਵਜੋਂ ਉੱਭਰਨ ਦੀ ਨੀਂਹ ਰੱਖ ਰਿਹਾ ਹੈ, ਜਿਸ ਵਿੱਚ ਹਰ ਖੇਡ ਮੈਦਾਨ ਨੂੰ ਫੁੱਟਬਾਲ, ਹਾਕੀ, ਵਾਲੀਬਾਲ ਅਤੇ ਕ੍ਰਿਕਟ ਕਿੱਟਾਂ ਨਾਲ ਲੈਸ ਕੀਤਾ ਜਾ ਰਿਹਾ ਹੈ। ਪਿਛਲੀਆਂ ਸਰਕਾਰਾਂ 'ਤੇ ਤਨਜ਼ ਕੱਸਦਿਆਂ ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਨਾ ਤਾਂ ਪਿੰਡਾਂ ਨੂੰ ਗ੍ਰਾਂਟਾਂ ਦਿੱਤੀਆਂ ਅਤੇ ਨਾ ਹੀ ਵਿਕਾਸ ਕਾਰਜ ਕੀਤੇ, ਜਦੋਂ ਕਿ ਸਾਡੀ ਸਰਕਾਰ ਪੇਂਡੂ ਨੌਜਵਾਨਾਂ ਨੂੰ ਅੰਤਰਰਾਸ਼ਟਰੀ ਅਥਲੀਟ ਬਣਨ ਅਤੇ ਪੰਜਾਬ ਦਾ ਨਾਮ ਰੌਸ਼ਨ ਕਰਨ ਦੇ ਮੌਕੇ ਦੇਣ ਲਈ ਖੇਡ ਬੁਨਿਆਦੀ ਢਾਂਚੇ ਨੂੰ ਪਹਿਲ ਦੇ ਰਹੀ ਹੈ।



ਇਸ ਮੌਕੇ ਦੀਆਂ ਕੁਝ ਝਲਕੀਆਂ ਸਾਂਝੀਆਂ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅੱਜ ਮੈਂ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੇ ਅਮਲੋਹ ਹਲਕੇ ਅਧੀਨ ਪੈਂਦੇ ਪਿੰਡ ਸ਼ਾਹਪੁਰ ਵਿਖੇ ਖੇਡ ਮੈਦਾਨ ਦੇ ਉਦਘਾਟਨੀ ਸਮਾਰੋਹ ਵਿੱਚ ਸ਼ਾਮਲ ਹੋਇਆ। ਇਹ ਬਹੁਤ ਖ਼ੁਸ਼ੀ ਦੀ ਗੱਲ ਹੈ ਕਿ ਪੰਜਾਬ ਸਰਕਾਰ ਨੇ ਅੱਜ ਸੂਬੇ ਭਰ ਵਿੱਚ 1,000 ਨਵੇਂ ਖੇਡ ਮੈਦਾਨਾਂ ਦਾ ਉਦਘਾਟਨ ਕੀਤਾ ਹੈ। ਇਹ ਸਾਡੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਵੱਲ ਵੱਡਾ ਕਦਮ ਹੈ। ਸਾਨੂੰ ਪੂਰਾ ਵਿਸ਼ਵਾਸ ਹੈ ਕਿ ਇਨ੍ਹਾਂ ਖੇਡ ਮੈਦਾਨਾਂ ਵਿੱਚ ਮੁੜ੍ਹਕਾ ਡੋਲ ਕੇ ਸਾਡੇ ਨੌਜਵਾਨ ਆਉਣ ਵਾਲੇ ਸਾਲਾਂ ਵਿੱਚ ਪੂਰੀ ਦੁਨੀਆ ਵਿੱਚ ਪੰਜਾਬ ਦਾ ਨਾਮ ਰੌਸ਼ਨ ਕਰਨਗੇ।

ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਦੀ ਊਰਜਾ ਨੂੰ ਨਸ਼ਿਆਂ ਦੇ ਕੋਹੜ ਤੋਂ ਬਚਾਉਣ ਅਤੇ ਉਨ੍ਹਾਂ ਨੂੰ ਉਸਾਰੂ ਦਿਸ਼ਾ ਦੇਣ ਲਈ ਖੇਡਾਂ ਵੱਲ ਮੋੜਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਸੂਬੇ ਦੇ ਵੱਖ-ਵੱਖ ਹਿੱਸਿਆਂ ਤੋਂ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਆਏ ਲੋਕਾਂ ਅਤੇ ਸਿਆਸੀ ਆਗੂਆਂ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਇੱਕ ਸਿਹਤਮੰਦ, ਅਨੁਸ਼ਾਸਿਤ ਅਤੇ ਤਰੱਕੀ ਪਸੰਦ ਸਮਾਜ ਦੀ ਸਿਰਜਣਾ ਵਿੱਚ ਖੇਡਾਂ ਅਹਿਮ ਭੂਮਿਕਾ ਨਿਭਾ ਸਕਦੀਆਂ ਹਨ।

ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ, ਸਾਡੀ ਸਰਕਾਰ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਵਚਨਬੱਧ ਹੈ। ਅਸੀਂ ਅੱਜ ਲੋਕਾਂ ਨੂੰ 1,000 ਹੋਰ ਖੇਡ ਮੈਦਾਨ ਸਮਰਪਿਤ ਕਰ ਰਹੇ ਹਾਂ ਕਿਉਂਕਿ ਸਾਡੇ ਨੌਜਵਾਨਾਂ ਨੂੰ ਖੇਡਾਂ ਵਿੱਚ ਅੱਗੇ ਵਧਣ ਲਈ ਢੁਕਵੀਆਂ ਸਹੂਲਤਾਂ ਅਤੇ ਮੌਕਿਆਂ ਦੀ ਲੋੜ ਹੈ।

ਉਨ੍ਹਾਂ ਦੀ ਊਰਜਾ ਨੂੰ ਖੇਡਾਂ ਵੱਲ ਲਗਾ ਕੇ ਅਸੀਂ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਸਕਦੇ ਹਾਂ ਅਤੇ ਪੰਜਾਬ ਤੇ ਦੇਸ਼ ਦਾ ਨਾਮ ਰੌਸ਼ਨ ਕਰਨ ਲਈ ਉਤਸ਼ਾਹਿਤ ਕਰ ਸਕਦੇ ਹਾਂ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਪਹਿਲੀ ਵਾਰ ਪਿੰਡਾਂ ਵਿੱਚ ਉੱਚ ਪੱਧਰੀ ਖੇਡ ਬੁਨਿਆਦੀ ਢਾਂਚਾ ਵਿਕਸਤ ਕਰਨ ਲਈ ਅੱਜ ਵੱਡੀ ਪੱਧਰ 'ਤੇ ਪਹਿਲਕਦਮੀ ਕੀਤੀ ਹੈ, ਜਿਸ ਨਾਲ ਪੇਂਡੂ ਨੌਜਵਾਨਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਆਧੁਨਿਕ ਸਹੂਲਤਾਂ ਮਿਲਣੀਆਂ ਯਕੀਨੀ ਹੋਈਆਂ ਹਨ।

ਉਨ੍ਹਾਂ ਅੱਗੇ ਕਿਹਾ, ਇਸ ਪਹਿਲਕਦਮੀ ਤਹਿਤ ਪੰਜਾਬ ਭਰ ਵਿੱਚ 3,100 'ਪੇਂਡੂ ਖੇਡ ਮੈਦਾਨ' ਵਿਕਸਤ ਕੀਤੇ ਜਾ ਰਹੇ ਹਨ। ਇਹ ਮੈਦਾਨ ਸਾਡੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਮਹੱਤਵਪੂਰਨ ਹਿੱਸਾ ਹਨ। ਸਾਡਾ ਟੀਚਾ ਹਰ ਪਿੰਡ ਵਿੱਚ ਖੇਡ ਸੱਭਿਆਚਾਰ ਪੈਦਾ ਕਰਨਾ ਹੈ ਤਾਂ ਜੋ ਨੌਜਵਾਨ ਨਸ਼ਿਆਂ ਦੀ ਬਜਾਏ ਤੰਦਰੁਸਤੀ, ਅਨੁਸ਼ਾਸਨ ਅਤੇ ਸਕਾਰਾਤਮਕ ਗਤੀਵਿਧੀਆਂ ਨੂੰ ਚੁਣਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਹਿਲੇ ਪੜਾਅ ਦੌਰਾਨ 4 ਮਈ ਨੂੰ 255 ਖੇਡ ਮੈਦਾਨ ਲੋਕਾਂ ਨੂੰ ਸਮਰਪਿਤ ਕੀਤੇ ਗਏ ਸਨ, ਜਦੋਂ ਕਿ ਦੂਜੇ ਪੜਾਅ ਦੌਰਾਨ 24 ਅਗਸਤ ਨੂੰ 509 ਹੋਰ ਮੈਦਾਨ ਸਮਰਪਿਤ ਕੀਤੇ ਗਏ ਸਨ।

ਤੀਜੇ ਪੜਾਅ ਵਿੱਚ 1,000 ਮੈਦਾਨਾਂ ਦੇ ਸਮਰਪਣ ਨਾਲ ਇਹ ਮੁਹਿੰਮ ਇੱਕ ਹੋਰ ਮਹੱਤਵਪੂਰਨ ਪੜਾਅ ਵਿੱਚ ਦਾਖ਼ਲ ਹੋ ਗਈ ਹੈ। ਇਨ੍ਹਾਂ ਵਿੱਚ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ 93 ਖੇਡ ਮੈਦਾਨ ਵੀ ਸ਼ਾਮਲ ਹਨ।

ਮੁੱਖ ਮੰਤਰੀ ਨੇ ਕਿਹਾ, ਅਸੀਂ ਸਿਰਫ਼ ਖੇਡ ਦੇ ਮੈਦਾਨ ਨਹੀਂ ਬਣਾ ਰਹੇ, ਅਸੀਂ ਆਪਣੇ ਪੇਂਡੂ ਨੌਜਵਾਨਾਂ ਲਈ ਮੌਕੇ ਪੈਦਾ ਕਰ ਰਹੇ ਹਾਂ। ਹਰ ਪਿੰਡ ਵਿੱਚ ਮਿਆਰੀ ਖੇਡ ਬੁਨਿਆਦੀ ਢਾਂਚਾ ਹੋਣਾ ਚਾਹੀਦਾ ਹੈ, ਜਿੱਥੇ ਬੱਚੇ ਸਿਖਲਾਈ ਲੈ ਸਕਣ, ਅਭਿਆਸ ਕਰ ਸਕਣ ਅਤੇ ਆਪਣੀਆਂ ਖੇਡ ਰੁਚੀਆਂ ਨੂੰ ਪੂਰਾ ਕਰ ਸਕਣ।

ਉਨ੍ਹਾਂ ਕਿਹਾ ਕਿ ਖੇਡ ਮੈਦਾਨਾਂ ਨੂੰ ਆਧੁਨਿਕ ਸਹੂਲਤਾਂ ਨਾਲ ਵਿਕਸਤ ਕੀਤਾ ਜਾ ਰਿਹਾ ਹੈ ਤਾਂ ਜੋ ਪਿੰਡ ਵਾਸੀ ਇਨ੍ਹਾਂ ਨੂੰ ਤੰਦਰੁਸਤੀ ਦੀਆਂ ਗਤੀਵਿਧੀਆਂ ਲਈ ਵਰਤ ਸਕਣ। ਉਨ੍ਹਾਂ ਕਿਹਾ, ਇਨ੍ਹਾਂ ਵਿੱਚ ਛੇ ਫੁੱਟ ਉੱਚੀ ਚੇਨ-ਲਿੰਕ ਬਾਊਂਡਰੀ ਫੈਂਸਿੰਗ, ਹਰਿਆਲੀ ਵਧਾਉਣ ਲਈ ਪੌਦੇ ਲਗਾਉਣਾ, ਫੁੱਟ-ਲਾਈਟਾਂ ਵਾਲੇ ਛੇ ਫੁੱਟ ਚੌੜੇ ਵਾਕਿੰਗ ਟਰੈਕ, ਮਰਦਾਂ ਅਤੇ ਔਰਤਾਂ ਲਈ ਵੱਖਰੇ ਪਖਾਨੇ ਅਤੇ ਖੇਡ ਕਿੱਟਾਂ ਤੇ ਉਪਕਰਣਾਂ ਲਈ ਸਟੋਰ ਰੂਮ ਸ਼ਾਮਲ ਹਨ। ਮੈਦਾਨਾਂ ਦੀ ਸਹੀ ਦੇਖਭਾਲ ਯਕੀਨੀ ਬਣਾਉਣ ਲਈ ਘਾਹ ਅਤੇ ਪੌਦਿਆਂ ਨੂੰ ਪਾਣੀ ਦੇਣ ਲਈ ਸਬਮਰਸੀਬਲ ਪੰਪ ਅਤੇ ਹਾਈਡ੍ਰੈਂਟ ਵੀ ਲਾਏ ਗਏ ਹਨ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਝੂਲਿਆਂ, ਪੌੜੀਆਂ ਅਤੇ ਸਲਾਈਡਾਂ ਨਾਲ ਲੈਸ ਬੱਚਿਆਂ ਦੇ ਖੇਡਣ ਲਈ ਖ਼ਾਸ ਖੇਤਰ ਵਿਕਸਤ ਕੀਤੇ ਜਾ ਰਹੇ ਹਨ, ਜਦੋਂ ਕਿ ਹਾਈ-ਮਾਸਟ ਲਾਈਟਾਂ ਮੈਦਾਨਾਂ ਵਿੱਚ ਸਹੀ ਰੌਸ਼ਨੀ ਯਕੀਨੀ ਬਣਾਉਣਗੀਆਂ। ਸਥਾਨਕ ਖੇਡ ਤਰਜੀਹਾਂ ਨੂੰ ਧਿਆਨ ਵਿੱਚ ਰੱਖਦਿਆਂ ਵਾਲੀਬਾਲ, ਫੁੱਟਬਾਲ, ਹਾਕੀ ਅਤੇ ਹੋਰ ਪ੍ਰਸਿੱਧ ਖੇਡਾਂ ਲਈ ਸਹੂਲਤਾਂ ਮੁਹੱਈਆ ਕੀਤੀਆਂ ਜਾ ਰਹੀਆਂ ਹਨ।

ਉਨ੍ਹਾਂ ਕਿਹਾ, ਇਹ ਮੈਦਾਨ ਮੁੱਢਲੀਆਂ ਖੇਡ ਸਹੂਲਤਾਂ ਤੋਂ ਕਿਤੇ ਵੱਧ ਪੇਸ਼ਕਸ਼ ਕਰਨਗੇ। ਅਸੀਂ ਮਿਆਰੀ ਘਾਹ ਨਾਲ ਹਰੇ-ਭਰੇ ਟਰਫ਼ ਤਿਆਰ ਕਰ ਰਹੇ ਹਾਂ, ਜਦੋਂ ਕਿ ਚੁਣੇ ਹੋਏ ਮੈਦਾਨਾਂ ਵਿੱਚ ਅਥਲੈਟਿਕਸ ਅਤੇ ਦੌੜ ਨੂੰ ਉਤਸ਼ਾਹਿਤ ਕਰਨ ਲਈ ਛੇ-ਲੇਨ, 400-ਮੀਟਰ ਰਨਿੰਗ ਟਰੈਕ ਵੀ ਹੋਣਗੇ। ਸਾਡਾ ਉਦੇਸ਼ ਪੰਜਾਬ ਦੇ ਹਰ ਬੱਚੇ ਤੱਕ ਖੇਡਾਂ ਦੀ ਪਹੁੰਚ ਬਣਾਉਣਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਡੀ ਸਰਕਾਰ ਇਹ ਵੀ ਯਕੀਨੀ ਬਣਾ ਰਹੀ ਹੈ ਕਿ ਪਿੰਡਾਂ ਨੂੰ ਲੋੜੀਂਦਾ ਖੇਡ ਸਾਜ਼ੋ-ਸਾਮਾਨ ਮਿਲੇ ਤਾਂ ਜੋ ਬੱਚੇ ਕਿੱਟਾਂ ਖਰੀਦਣ ਦੇ ਵਿੱਤੀ ਬੋਝ ਤੋਂ ਬਿਨਾਂ ਖੇਡਣਾ ਸ਼ੁਰੂ ਕਰ ਸਕਣ।

ਉਨ੍ਹਾਂ ਅੱਗੇ ਕਿਹਾ, ਹਰ ਪਿੰਡ ਨੂੰ ਫੁੱਟਬਾਲ ਅਤੇ ਹਾਕੀ ਦੇ ਗੋਲਪੋਸਟ, ਵਾਲੀਬਾਲ ਦੇ ਖੰਭੇ ਅਤੇ ਦੋ ਜਾਲ, ਤਿੰਨ ਵਾਲੀਬਾਲ, ਤਿੰਨ ਫੁੱਟਬਾਲ ਅਤੇ ਕ੍ਰਿਕਟ ਕਿੱਟਾਂ ਮੁਹੱਈਆ ਕਰਵਾਈਆਂ ਜਾਣਗੀਆਂ। ਇਸ ਤੋਂ ਇਲਾਵਾ ਫੁੱਟਬਾਲ ਦੇ 36 ਜੋੜੇ ਸਟੱਡ ਸਪਲਾਈ ਕੀਤੇ ਜਾਣਗੇ, ਜਦੋਂ ਕਿ ਜਿਨ੍ਹਾਂ ਪਿੰਡਾਂ ਵਿੱਚ ਕ੍ਰਿਕਟ ਖ਼ਾਸ ਤੌਰ 'ਤੇ ਪ੍ਰਸਿੱਧ ਹੈ, ਉਨ੍ਹਾਂ ਨੂੰ ਪੂਰੀਆਂ ਕ੍ਰਿਕਟ ਕਿੱਟਾਂ ਮਿਲਣਗੀਆਂ।

ਮੁੱਖ ਮੰਤਰੀ ਨੇ ਕਿਹਾ, ਸਿਰਫ਼ ਬੁਨਿਆਦੀ ਢਾਂਚਾ ਮੁਹੱਈਆ ਕਰਵਾਉਣਾ ਹੀ ਕਾਫ਼ੀ ਨਹੀਂ ਹੈ। ਅਸੀਂ ਚਾਹੁੰਦੇ ਹਾਂ ਕਿ ਬੱਚਿਆਂ ਨੂੰ ਸਹੀ ਮਾਰਗਦਰਸ਼ਨ ਅਤੇ ਸਿਖਲਾਈ ਵੀ ਮਿਲੇ। ਨੌਜਵਾਨਾਂ ਨੂੰ ਮੁਫ਼ਤ ਕੋਚਿੰਗ ਦੇਣ ਲਈ ਸਾਰੇ ਖੇਡ ਮੈਦਾਨਾਂ ਵਿੱਚ ਫੁੱਟਬਾਲ ਅਤੇ ਵਾਲੀਬਾਲ ਦੇ ਕੋਚ ਤਾਇਨਾਤ ਕੀਤੇ ਜਾਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਗ੍ਰਾਮ ਪੰਚਾਇਤਾਂ ਸਮਰਪਿਤ ਕਮੇਟੀਆਂ ਰਾਹੀਂ ਇਨ੍ਹਾਂ ਖੇਡ ਮੈਦਾਨਾਂ ਦੀ ਸਾਂਭ-ਸੰਭਾਲ ਯਕੀਨੀ ਬਣਾਉਣ ਲਈ ਜ਼ਿੰਮੇਵਾਰ ਹੋਣਗੀਆਂ। ਉਨ੍ਹਾਂ ਦੱਸਿਆ ਇਨ੍ਹਾਂ ਕਮੇਟੀਆਂ ਵਿੱਚ ਸਰਪੰਚ, ਯੂਥ ਕਲੱਬ ਦੇ ਪ੍ਰਧਾਨ, ਸਬੰਧਤ ਜੂਨੀਅਰ ਇੰਜਨੀਅਰ (ਜੇ.ਈ.) ਅਤੇ ਪੰਚਾਇਤ ਸਕੱਤਰ ਸ਼ਾਮਲ ਹੋਣਗੇ। ਗ੍ਰਾਮ ਪੰਚਾਇਤ, ਕਮੇਟੀ ਵਿੱਚ ਇੱਕ ਮਹਿਲਾ ਮੈਂਬਰ ਜਾਂ ਕਿਸੇ ਖਿਡਾਰੀ ਨੂੰ ਵੀ ਨਾਮਜ਼ਦ ਕਰੇਗੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਨ੍ਹਾਂ ਸਹੂਲਤਾਂ ਦੀ ਸਾਂਭ-ਸੰਭਾਲ ਦੀ ਜ਼ਿੰਮੇਵਾਰੀ ਪਿੰਡ ਪੱਧਰੀ ਕਮੇਟੀਆਂ ਦੀ ਹੋਵੇਗੀ ਤਾਂ ਜੋ ਖੇਡ ਮੈਦਾਨ ਕਾਰਜਸ਼ੀਲ ਰਹਿਣ ਅਤੇ ਬੱਚਿਆਂ ਅਤੇ ਨੌਜਵਾਨਾਂ ਦੁਆਰਾ ਬਾਕਾਇਦਾ ਤੌਰ 'ਤੇ ਵਰਤੇ ਜਾਣ। ਸਾਡਾ ਇੱਕੋ-ਇੱਕ ਉਦੇਸ਼ ਇੱਕ ਮਜ਼ਬੂਤ ਖੇਡ ਸੱਭਿਆਚਾਰ ਬਣਾਉਣਾ, ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਅਤੇ ਉਨ੍ਹਾਂ ਨੂੰ ਪੰਜਾਬ ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ ਸਰਗਰਮ ਭਾਈਵਾਲ ਬਣਾਉਣਾ ਹੈ।

ਉਦਘਾਟਨ ਲਈ ਰੱਖੇ ਸਮਾਗਮ ਵਿੱਚ ਹੋਇਆ ਰਿਕਾਰਡ ਤੋੜ ਇਕੱਠ

ਅਮਲੋਹ/ਫ਼ਤਹਿਗੜ੍ਹ ਸਾਹਿਬ, 12 ਨਵੰਬਰ, (ਗੁਰਮੀਤ ਸਿੰਘ ਤੁੰਗ) : ਅਨਾਜ਼ ਮੰਡੀ ਅਮਲੋਹ ਵਿਖੇ ਸੂਬੇ ਅੰਦਰ ਤੀਜੇ ਪੜਾਅ ਤਹਿਤ ਮੁਕੰਮਲ ਹੋਏ 1000 ਖੇਡ ਮੈਦਾਨਾਂ ਦੇ ਉਦਘਾਟਨ ਸਬੰਧੀ ਕਰਵਾਏ ਗਏ ਰਾਜ ਪੱਧਰੀ ਸਮਾਗਮ ਦੌਰਾਨ ਹਲਕਾ ਅਮਲੋਹ ਦੇ ਵਿਧਾਇਕ ਸ. ਗੁਰਿੰਦਰ ਸਿੰਘ ਗੈਰੀ ਬੜਿੰਗ ਦੀ ਅਗਵਾਈ ਹੇਠ ਲੋਕਾਂ ਦਾ ਰਿਕਾਰਡ ਤੋੜ ਇਕੱਠ ਹੋਇਆ। ਇਸ ਮੌਕੇ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਨੇ ਹਲਕਾ ਅਮਲੋਹ ਦੇ ਲੋਕਾਂ ਵੱਲੋਂ ਵੱਡੀ ਗਿਣਤੀ ਵਿੱਚ ਸਮਾਗਮ ਵਿੱਚ ਸ਼ਮੂਲੀਅਤ ਕਰਨ ਅਤੇ ਇਸ ਨੂੰ ਸਫ਼ਲ ਬਣਾਉਣ ਲਈ ਵਿਧਾਇਕ ਗੈਰੀ ਬੜਿੰਗ ਦੀ ਅਗਵਾਈ ਹੇਠ ਕੀਤੇ ਗਏ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਵਿਧਾਇਕ ਸ. ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਹਲਕਾ ਅਮਲੋਹ ਵਿੱਚ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੋਏ ਸਰਬਪੱਖੀ ਵਿਕਾਸ ਕਾਰਜਾਂ ਲਈ ਉਨ੍ਹਾਂ ਦਾ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਲਕੇ ਦੇ ਵਿਕਾਸ, ਲੋਕਾਂ ਦੀਆਂ ਬੁਨਿਆਦੀ ਸਹੂਲਤਾਂ ਵਿੱਚ ਵਾਧਾ ਕਰਨ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਸਦਕਾ ਹਲਕਾ ਅਮਲੋਹ ਵਿੱਚ ਵਿਕਾਸ ਦੀ ਨਵੀਂ ਇਬਾਰਤ ਲਿਖੀ ਜਾ ਰਹੀ ਹੈ। ਵਿਧਾਇਕ ਨੇ ਇਸ ਮੌਕੇ ਸਮਾਗਮ ਨੂੰ ਸਫ਼ਲ ਬਣਾਉਣ ਲਈ ਵੱਡੀ ਗਿਣਤੀ ਵਿੱਚ ਪਹੁੰਚੇ ਹਲਕੇ ਦੇ ਲੋਕਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਲੋਕਾਂ ਵੱਲੋਂ ਮਿਲਿਆ ਪਿਆਰ,ਸਹਿਯੋਗ ਅਤੇ ਭਰੋਸਾ ਉਨ੍ਹਾਂ ਲਈ ਹਮੇਸ਼ਾ ਪ੍ਰੇਰਨਾ ਦਾ ਸਰੋਤ ਰਹੇਗਾ। ਉਨ੍ਹਾਂ ਕਿਹਾ ਕਿ ਲੋਕਾਂ ਦੀ ਵੱਡੀ ਸ਼ਮੂਲੀਅਤ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਹਲਕੇ ਦੇ ਲੋਕ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਹਨ।



ਉਨ੍ਹਾਂ ਹਲਕਾ ਅਮਲੋਹ ਵਿੱਚ ਹੁਣ ਤੱਕ ਕਰਵਾਏ ਗਏ ਵੱਖ-ਵੱਖ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹਲਕੇ ਦੇ ਸਰਵਪੱਖੀ ਵਿਕਾਸ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਅਤੇ ਹਲਕੇ ਨੂੰ ਵਿਕਾਸ ਦੀਆਂ ਨਵੀਆਂ ਬੁਲੰਦੀਆਂ 'ਤੇ ਲਿਜਾਣ ਲਈ ਉਹ ਭਵਿੱਖ ਵਿੱਚ ਵੀ ਪੂਰੀ ਤਨਦੇਹੀ, ਇਮਾਨਦਾਰੀ ਅਤੇ ਵਚਨਬੱਧਤਾ ਨਾਲ ਲੋਕਾਂ ਦਾ ਸੇਵਾਦਾਰ ਬਣਕੇ ਹਲਕੇ ਵਿੱਚ ਕੰਮ ਕਰਦੇ ਰਹਿਣਗੇ ਇਸ ਮੌਕੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਕਿਹਾ ਕਿ ਹਲਕੇ ਅੰਦਰ ਸਿੱਖਿਆ, ਸਿਹਤ, ਬਿਜਲੀ ਦੇ ਖ਼ੇਤਰ ਸਮੇਤ ਹੋਰ ਵਿਭਾਗਾਂ ਦੇ 455.22 ਕਰੋੜ ਰੁਪਏ ਦੇ ਵਿਕਾਸ ਕਾਰਜ ਮੁਕੰਮਲ ਹੋ ਚੁੱਕੇ ਹਨ। ਉਥੇ ਹੀ ਗੋਬਿੰਦਗੜ੍ਹ ਅਮਲੋਹ ਦੀਆਂ 55 ਕਿਲੋਮੀਟਰ ਸੜ੍ਹਕਾਂ ਤੇ ਕਰੀਬ 41 ਕਰੋੜ ਖਰਚ ਕੀਤਾ ਗਿਆ ਹੈ। ਉਹਨਾ ਦੱਸਿਆ ਕਿ ਹਲਕੇ ਦੇ ਪਿੰਡਾਂ ਦੇ ਵਿਕਾਸ ਲਈ ਕ ?ਰੀਬ 48.77 ਕਰੋੜ ਰੁਪਏ ਖਰਚ ਕੀਤੇ ਗਏ ਹਨ। ਖੇਤਾਂ ਨੂੰ ਸੰਚਾਈ ਲਈ ਨਹਿਰੀ ਪਾਣੀ ਦੇਣ ਲਈ 06.01 ਕਰੋੜ ਦੀ ਲਾਗਤ ਨਾਲ 23.32 ਕਿਲੋਮੀਟਰ ਪਾਇਪ ਲਾਇਨ ਪਾਈ ਗਈ ਹੈ।

ਗਵਰਧਨ ਪੂਜਾ, ਅਨਕੁੱਟ, ਬੜੀ ਧੂਮ ਧਾਮ ਨਾਲ ਅਤੇ ਸ਼ਰਧਾ ਪੂਰਵਕ ਮਨਾਇਆ ਗਿਆ: ਸਤਨਾਮ ਹਸੀਜਾ



ਪਟਿਆਲਾ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਸੀਜਾ ਪਰਿਵਾਰ ਵੱਲੋਂ ਮੰਦਿਰ ਸ੍ਰੀ ਕੇਦਾਰ ਨਾਥ ਜੀ ਵਿਖੇ ਨਤਮਸਤਕ ਹੋ ਕੇ ਅਤੇ ਲੱਡੂਆਂ ਦਾ ਪ੍ਰਸ਼ਾਦ ਪੰਡਿਤ ਜੀ ਵਲੋਂ ਲਗਵਾ ਕੇ ਸੰਗਤਾਂ ਵਿੱਚ ਅਤੁੱਟ ਵੰਡਿਆ ਗਿਆ। ਸੁਧਾਰ ਸਭਾ ਦੇ ਸਾਰੇ ਮੈਂਬਰ ਅਤੇ ਹਸੀਜਾ ਪਰਿਵਾਰ ਨੇ ਵਿਸ਼ਾਲ ਸ਼ਿਵ ਮੂਰਤੀ ਕੋਲ ਦੀਪਮਾਲਾ ਅਤੇ ਮੰਦਿਰ ਦੇ ਆਸੇ ਪਾਸੇ ਦੀਪਮਾਲਾ ਕੀਤੀ। ਸੋਮਤੀ ਮੱਸਿਆ ਨੂੰ ਪਿੱਤਰਾਂ ਦੀ ਯਾਦ ਵਿੱਚ ਖੀਰ ਪੂੜੇ ਦਾ ਵਿਸ਼ਾਲ ਸ਼ਿਵ ਜੀ ਦੀ ਮੂਰਤੀ ਕੋਲ ਮੰਦਿਰ ਵਿੱਚ ਪ੍ਰਸ਼ਾਦ ਲਗਵਾ ਕੇ ਅਤੁੱਟ ਵਰਤਾਇਆ ਗਿਆ। ਗਵਰਧਨ ਪੂਜਾ ਮੌਕੇ ਕੜੀ ਚਾਵਲ ਬਣਾਉਣ ਦੀ ਸੇਵਾ ਵਾਇਸ ਚੇਅਰਮੈਨ ਹਰੀ ਸਿੰਘ ਚੌਹਾਨ ਅਤੇ ਬਿੱਲਾ ਹਲਵਾਈ ਅਤੇ ਸੁਧਾਰ ਸਭਾ ਦੇ ਮੈਂਬਰਾਂ ਵੱਲੋਂ ਕੀਤੀ ਗਈ।

ਗਵਰਧਨ ਪੂਜਾ ਮੌਕੇ ਕੜੀ ਚਾਵਲ ਅਤੇ ਹਲਵੇ ਦਾ ਪ੍ਰਸ਼ਾਦ ਲਗਵਾ ਕੇ ਸੰਗਤਾਂ ਵਿੱਚ ਅਤੁੱਟ ਵੰਡਿਆ ਗਿਆ। ਦਿਨ ਪਾ ਦਿਨ ਮੰਦਿਰ ਦੀ ਮਹਿਮਾ ਬਹੁਤ ਵੱਧ ਰਹੀ ਹੈ ਅਤੇ ਸੰਗਤ ਵਿੱਚ ਇਕੱਠ ਵੱਧ ਰਿਹਾ ਹੈ।

ਇਹ ਪ੍ਰਸੰਸਾ ਮੰਦਿਰ ਦੇ ਪੁਜਾਰੀ ਜੀ ਵਲੋਂ ਕੀਤੀ ਗਈ। ਸੰਸਥਾਪਕ ਸਤਨਾਮ ਹਸੀਜਾ ਨੇ ਦੀਵਾਲੀ ਮੌਕੇ ਸਾਰਿਆਂ ਨੂੰ ਅਪੀਲ ਕੀਤੀ ਕਿ ਪ੍ਰਦੂਸ਼ਨ ਵਿੱਚ ਵਾਧਾ ਨਾ ਹੋਵੇ ਇਸ ਕਰਕੇ ਰੁੱਖ ਵੱਧ ਤੋਂ ਵੱਧ ਲਗਾਓ, ਵਿਆਹ ਸ਼ਾਦੀ ਦਾ ਸੀਜਨ ਚੱਲ ਗਿਆ ਹੈ, ਪਲੇਟ ਵਿੱਚ ਭੋਜਨ ਉਨ੍ਹਾਂ ਪਾਓ ਜਿਨ੍ਹਾਂ ਵਰਤੋਂ ਵਿੱਚ ਆਵੇ, ਅੰਨ ਦਾ ਅਨਾਦਰ ਨਾ ਕਰੋ।

ਦਿਵਿਆਂਗ ਵਿਅਕਤੀਆਂ ਦੇ ਸਸ਼ਕਤੀਕਰਨ ਲਈ ਰਾਜ ਪੁਰਸਕਾਰਾਂ ਵਾਸਤੇ ਅਰਜ਼ੀਆਂ ਮੰਗੀਆਂ

ਪਟਿਆਲਾ, 11 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪਟਿਆਲਾ ਦੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਜਸਵੀਰ ਕੌਰ ਨੇ ਦੱਸਿਆ ਹੈ ਕਿ 03 ਦਸੰਬਰ 2026 ਨੂੰ ਮਨਾਏ ਜਾਣ ਵਾਲੇ ਅੰਤਰ-ਰਾਸ਼ਟਰੀ ਦਿਵਿਆਂਗਤਾ ਦਿਵਸ/ਸਟੇਟ ਅਵਾਰਡ 2026 ਦੌਰਾਨ ਦਿਵਿਆਂਗ ਵਿਅਕਤੀਆਂ, ਕਰਮਚਾਰੀਆਂ, ਖਿਡਾਰੀਆਂ ਅਤੇ ਸੰਸਥਾਵਾਂ ਨੂੰ ਸਟੇਟ ਅਵਾਰਡ ਨਾਲ ਸਨਮਾਨਿਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਸਬੰਧੀ ਡਾਇਰੈਕਟਰ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਭਾਗ ਪੰਜਾਬ ਵੱਲੋਂ ਦਿਵਿਆਂਗ ਵਿਅਕਤੀਆਂ ਦੇ ਸਸ਼ਕਤੀਕਰਨ ਲਈ ਰਾਜ ਪੁਰਸਕਾਰ ਸਕੀਮ ਅਧੀਨ ਯੋਗ ਦਿਵਿਆਂਗ ਵਿਅਕਤੀਆਂ, ਕਰਮਚਾਰੀਆਂ, ਖਿਡਾਰੀਆਂ ਅਤੇ ਸੰਸਥਾਵਾਂ ਜਿੰਨਾ ਵੱਲੋਂ ਦਿਵਿਆਂਗ ਵਿਅਕਤੀਆਂ ਦੀ ਭਲਾਈ ਲਈ ਕੰਮ ਕੀਤੇ ਜਾਂ ਕਰ ਰਹੇ ਹਨ ਜਾਂ ਦਿਵਿਆਂਗ ਵਿਅਕਤੀਆਂ ਦੀ ਭਲਾਈ ਦੇ ਖੇਤਰ ਵਿੱਚ ਸ਼ਲਾਘਾਯੋਗ ਪ੍ਰਾਪਤੀਆਂ ਕੀਤੀਆਂ ਗਈਆਂ ਹੋਣ ਨੂੰ ਸਟੇਟ ਅਵਾਰਡ ਦੇਣ ਲਈ ਵਿਚਾਰੇ ਜਾਣ ਸਬੰਧੀ ਅਰਜੀਆਂ ਦੀ ਮੰਗ ਕੀਤੀ ਜਾਂਦੀ ਹੈ।

ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨੇ ਦੱਸਿਆ ਕਿ ਇਸ ਲਈ ਇਛੁੱਕ ਬਿਨੈਕਾਰ ਸਾਲ 2026 ਲਈ ਬਿਨੈਪੱਤਰ ਉਨ੍ਹਾਂ ਦੇ ਡਿਪਟੀ ਕਮਿਸ਼ਨਰ ਦਫ਼ਤਰ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਬਲਾਕ ਏ ਕਮਰਾ ਨੰ 101 ਅਤੇ 135 ਗਰਾਊਂਡ ਫਲੋਰ ਸਥਿਤ ਸਮਾਜਿਕ ਸੁਰੱਖਿਆ ਅਫ਼ਸਰ ਪਟਿਆਲਾ ਦੇ ਦਫ਼ਤਰ ਵਿਖੇ ਮਿਤੀ 13 ਨਵੰਬਰ 2026 ਸਵੇਰੇ 10.00 ਵਜੇ ਤੱਕ ਦੋ ਹਾਰਡ ਕਾਪੀਆਂ ਜਮ੍ਹਾਂ ਕਰਵਾ ਸਕਦੇ ਹਨ।

2027 ਵਿੱਚ ਲੋਕ ਮੁੜ 'ਆਪ' ਦੀ ਸਰਕਾਰ ਬਣਾ ਕੇ ਪੰਜਾਬ ਦਾ ਵਿਕਾਸ ਜਾਰੀ ਰੱਖਣਗੇ-ਮੁੱਖ ਮੰਤਰੀ ਭਗਵੰਤ ਸਿੰਘ ਮਾਨ

ਫ਼ਤਹਿਗੜ੍ਹ ਸਾਹਿਬ, 12 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਜ਼ੋਰ ਦੇ ਕੇ ਕਿਹਾ ਕਿ ਸਾਲ 2027 ਵਿੱਚ 'ਆਪ' ਦੀ ਸਰਕਾਰ 'ਚ ਪੰਜਾਬ ਦੇ ਵਿਕਾਸ ਦਾ ਸਫ਼ਰ ਜਾਰੀ ਰਹਿਣਾ ਚਾਹੀਦਾ ਹੈ। ਉਨ੍ਹਾਂ ਨੇ ਆਪਣੀ ਸਰਕਾਰ ਵੱਲੋਂ ਲੋਕ ਭਲਾਈ ਸਕੀਮਾਂ, ਮੁਫ਼ਤ ਬਿਜਲੀ, ਸਿਹਤ ਸੰਭਾਲ, ਔਰਤਾਂ ਦੇ ਵਿੱਤੀ ਸਸ਼ਕਤੀਕਰਨ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ 'ਤੇ ਕੇਂਦਰਿਤ ਨੀਤੀਆਂ ਦੀ ਤੁਲਨਾ ਕਾਂਗਰਸ, ਅਕਾਲੀ ਦਲ ਅਤੇ ਭਾਜਪਾ ਦੇ ਦਹਾਕਿਆਂ ਦੇ ਅਣਗੌਲੇਪਣ ਨਾਲ ਕੀਤੀ। ਪੂਰੇ ਸੂਬੇ ਨੂੰ ਆਪਣਾ ਪਰਿਵਾਰ ਦੱਸਦੇ ਹੋਏ ਬਿਨਾਂ ਕਿਸੇ ਵਿਤਕਰੇ ਦੇ ਸਰਕਾਰੀ ਲਾਭ ਦੇਣ ਦਾ ਐਲਾਨ ਕਰਦਿਆਂ ਉਨ੍ਹਾਂ ਨੇ ਮੁਫ਼ਤ ਬਿਜਲੀ, ਸਿਹਤ ਬੀਮਾ ਅਤੇ ਔਰਤਾਂ ਨੂੰ ਮਹੀਨਾਵਾਰ ਵਿੱਤੀ ਸਹਾਇਤਾ ਦੇਣ ਦੀਆਂ ਉਪਲਬਧੀਆਂ ਦਾ ਜ਼ਿਕਰ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਨੇ ਬਿਜਲੀ ਦੀਆਂ ਤਾਰਾਂ ਨੂੰ ਅੰਡਰਗਰਾਊਂਡ ਕਰਕੇ ਪੰਜਾਬ ਨੂੰ ਖੰਭਾ-ਮੁਕਤ ਬਣਾਉਣ ਦਾ ਆਪਣਾ ਸੁਪਨਾ ਵੀ ਸਾਂਝਾ ਕੀਤਾ। ਵਾਰ-ਵਾਰ ਪਾਰਟੀਆਂ ਬਦਲਣ ਵਾਲੇ ਸਿਆਸੀ ਨੇਤਾਵਾਂ 'ਤੇ ਤਨਜ਼ ਕੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉਨ੍ਹਾਂ ਨੂੰ ਗਿਰਗਿਟ ਕਿਹਾ ਅਤੇ ਪੰਜਾਬੀਆਂ ਨੂੰ ਸਿਆਸੀ ਲਾਹੇ ਲਈ ਵਫ਼ਾਦਾਰੀਆਂ ਬਦਲਣ ਵਾਲੇ ਮੌਕਾਪ੍ਰਸਤਾਂ ਤੋਂ ਸੁਚੇਤ ਕੀਤਾ। ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਾਡੀ ਸਰਕਾਰ ਕੋਲ ਪੰਜਾਬ ਦਾ ਸਰਬਪੱਖੀ ਵਿਕਾਸ ਯਕੀਨੀ ਬਣਾਉਣ ਲਈ ਇੱਛਾ ਸ਼ਕਤੀ ਅਤੇ ਨੀਅਤ, ਦੋਵੇਂ ਹਨ। ਵਿਕਾਸ ਅਤੇ ਜਨਤਕ ਭਲਾਈ ਲਈ ਫੰਡਾਂ ਦੀ ਕੋਈ ਘਾਟ ਨਹੀਂ ਹੈ। ਅਸੀਂ ਪੂਰੇ ਸੂਬੇ ਵਿੱਚ ਵਿਕਾਸ ਨੂੰ ਵੱਡਾ ਹੁਲਾਰਾ ਦਿੱਤਾ ਹੈ ਅਤੇ ਲੋਕਾਂ ਦੇ ਪੂਰੇ ਸਹਿਯੋਗ ਨਾਲ ਇਸ ਪ੍ਰਗਤੀ ਨੂੰ ਤੇਜ਼ ਕਰਨ ਵਿੱਚ ਕੋਈ ਕਸਰ ਨਹੀਂ ਛੱਡਾਂਗੇ। ਪੂਰੇ ਸੂਬੇ ਨੂੰ ਆਪਣਾ ਪਰਿਵਾਰ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ, ਮੇਰੇ ਲਈ ਸਾਰਾ ਪੰਜਾਬ ਇੱਕ ਪਰਿਵਾਰ ਹੈ। ਸਾਡੀ ਸਰਕਾਰ ਭਲਾਈ ਸਕੀਮਾਂ ਦਾ ਲਾਭ ਦੇਣ ਵਿੱਚ ਕਿਸੇ ਨਾਲ ਕੋਈ ਵਿਤਕਰਾ ਨਹੀਂ ਕਰਦੀ। ਚਾਹੇ ਮੁਫ਼ਤ ਬਿਜਲੀ ਹੋਵੇ, ਸਿਹਤ ਸੰਭਾਲ ਹੋਵੇ, ਔਰਤਾਂ ਲਈ ਵਿੱਤੀ ਸਹਾਇਤਾ ਹੋਵੇ, ਸਿੱਖਿਆ ਹੋਵੇ ਜਾਂ



ਰੁਜ਼ਗਾਰ, ਸਾਡਾ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਹਰ ਲੋੜਵੰਦ ਵਿਅਕਤੀ ਨੂੰ ਸਰਕਾਰੀ ਪਹਿਲਕਦਮੀਆਂ ਦਾ ਲਾਭ ਮਿਲੇ। ਫਤਿਹਗੜ੍ਹ ਸਾਹਿਬ ਵਿਖੇ ਆਉਣ ਵਾਲੀ ਸ਼ਹੀਦੀ ਸਭਾ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ, ਫਤਿਹਗੜ੍ਹ ਸਾਹਿਬ ਦੀ ਪਵਿੱਤਰ ਧਰਤੀ 'ਤੇ ਨਤਮਸਤਕ ਹੋਣ ਲਈ ਆਉਣ ਵਾਲੇ ਲੱਖਾਂ ਸ਼ਰਧਾਲੂਆਂ ਲਈ ਸਾਡੀ ਸਰਕਾਰ ਵਿਆਪਕ ਪ੍ਰਬੰਧ ਕਰੇਗੀ, ਜਿੱਥੇ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਜੀ ਤੇ ਸਾਹਿਬਜ਼ਾਦਾ ਫਤਹਿ ਸਿੰਘ ਜੀ ਅਤੇ ਮਾਤਾ ਗੁਜਰੀ ਜੀ ਨੇ ਸ਼ਹਾਦਤ ਪ੍ਰਾਪਤ ਕੀਤੀ ਸੀ। ਅਸੀਂ ਯਕੀਨੀ ਬਣਾਵਾਂਗੇ ਕਿ ਸ਼ਹੀਦੀ ਸਭਾ ਦੌਰਾਨ ਕਿਸੇ ਵੀ ਸ਼ਰਧਾਲੂ ਨੂੰ ਕੋਈ ਅਸੁਵਿਧਾ ਨਾ ਹੋਵੇ ਅਤੇ ਹਰ ਸਾਲ ਵਾਂਗ ਮੈਂ ਖੁਦ ਸਾਰੇ ਪ੍ਰਬੰਧਾਂ ਦੀ ਨਿਗਰਾਨੀ ਕਰਾਂਗਾ। ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ 'ਤੇ ਤਿੱਖਾ ਹਮਲਾ ਬੋਲਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਰਵਾਇਤੀ ਪਾਰਟੀਆਂ ਸਿਆਸੀ ਤੌਰ 'ਤੇ ਬੇਕਾਰ ਹੋ ਚੁੱਕੀਆਂ ਹਨ ਅਤੇ ਪੰਜਾਬ ਦੇ ਲੋਕਾਂ ਦੁਆਰਾ ਵਾਰ-ਵਾਰ ਨਕਾਰੀਆਂ ਜਾ ਚੁੱਕੀਆਂ ਹਨ। ਦਹਾਕਿਆਂ ਤੱਕ ਇਹ ਸੱਤਾ ਵਿੱਚ ਰਹੀਆਂ ਪਰ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਵਿੱਚ ਨਾਕਾਮ ਰਹੀਆਂ। ਇਨ੍ਹਾਂ ਦਾ ਇੱਕੋ-ਇੱਕ ਮਕਸਦ ਆਪਣੇ ਨਿੱਜੀ ਸਿਆਸੀ ਹਿੱਤਾਂ ਲਈ ਪੰਜਾਬ ਦੇ ਸਰੋਤਾਂ ਦੀ ਵਰਤੋਂ ਕਰਨਾ ਅਤੇ ਲੋਕਾਂ ਦੀ ਮਿਹਨਤ ਦੀ ਕਮਾਈ ਨੂੰ ਲੁੱਟਣਾ ਸੀ। ਮੁੱਖ ਮੰਤਰੀ ਨੇ ਅੱਗੇ ਕਿਹਾ, ਕਾਂਗਰਸ, ਅਕਾਲੀ ਦਲ ਅਤੇ ਭਾਜਪਾ ਲੋਕਾਂ ਦਾ ਵਿਸ਼ਵਾਸ ਗੁਆ ਚੁੱਕੀਆਂ ਹਨ ਕਿਉਂਕਿ ਇਨ੍ਹਾਂ ਦੀਆਂ ਸਰਕਾਰਾਂ ਪੰਜਾਬ ਦੇ ਹਿੱਤਾਂ ਦੀ ਰਾਖੀ ਕਰਨ ਵਿੱਚ ਅਸਫਲ ਰਹੀਆਂ। ਇਨ੍ਹਾਂ ਨੂੰ ਪੰਜਾਬੀਆਂ ਦੀ ਭਲਾਈ ਨਾਲੋਂ ਆਪਣੀ ਸਿਆਸੀ ਸੱਤਾ ਦੀ ਵਧੇਰੇ ਚਿੰਤਾ ਸੀ। ਲੋਕ ਇਨ੍ਹਾਂ ਦੇ ਪਿਛੋਕੜ ਨੂੰ ਭੁੱਲੇ ਨਹੀਂ ਹਨ ਅਤੇ ਸਾਲ 2027 ਵਿੱਚ ਇਤਿਹਾਸ ਆਪਣੇ ਆਪ ਨੂੰ ਦੁਹਰਾਏਗਾ ਜਦੋਂ ਇਹ ਪਾਰਟੀਆਂ ਇੱਕ ਵਾਰ ਫਿਰ ਨਕਾਰ ਦਿੱਤੀਆਂ ਜਾਣਗੀਆਂ।

ਚੋਣਾਂ ਤੋਂ ਪਹਿਲਾਂ ਵਾਰ-ਵਾਰ ਪਾਰਟੀਆਂ ਬਦਲਣ ਵਾਲੇ ਨੇਤਾਵਾਂ 'ਤੇ ਤਨਜ਼ ਕੱਸਦਿਆਂ ਉਨ੍ਹਾਂ ਕਿਹਾ, ਇਨ੍ਹਾਂ ਸਿਆਸੀ ਦਲ-ਬਦਲੂਆਂ ਨੇ ਇੰਨੀ ਜਲਦੀ ਰੰਗ ਬਦਲ ਕੇ ਗਿਰਗਿਟਾਂ ਨੂੰ ਵੀ ਸ਼ਰਮਸਾਰ ਕਰ ਦਿੱਤਾ ਹੈ। ਅਜਿਹੇ ਨੇਤਾਵਾਂ ਦੀ ਕਿਸੇ ਵਿਚਾਰਧਾਰਾ ਜਾਂ ਜਨਤਕ ਭਲਾਈ ਪ੍ਰਤੀ ਕੋਈ ਵਚਨਬੱਧਤਾ ਨਹੀਂ ਹੁੰਦੀ। ਉਨ੍ਹਾਂ ਦਾ ਇੱਕੋ-ਇੱਕ ਮਕਸਦ ਸਿਆਸੀ ਸੱਤਾ ਹਾਸਲ ਕਰਨਾ ਅਤੇ ਪੈਸੇ ਦੀ ਭੁੱਖ ਮਿਟਾਉਣਾ ਹੈ। ਪੰਜਾਬ ਦੇ ਲੋਕ ਇਨ੍ਹਾਂ ਦੀ ਮੌਕਾਪ੍ਰਸਤੀ ਨੂੰ ਸਮਝਦੇ ਹਨ ਅਤੇ ਇਨ੍ਹਾਂ ਨੂੰ ਢੁਕਵਾਂ ਸਬਕ ਸਿਖਾਉਣਗੇ। ਅਕਾਲੀ ਲੀਡਰਸ਼ਿਪ 'ਤੇ ਵਰ੍ਹਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਜਿਹੜੇ ਅਕਾਲੀ ਨੇਤਾ ਕਦੇ ਤਖ਼ਤ ਸ੍ਰੀ ਹਜ਼ੂਰ ਸਾਹਿਬ, ਤਖ਼ਤ ਸ੍ਰੀ ਪਟਨਾ ਸਾਹਿਬ, ਦਿੱਲੀ ਅਤੇ ਹਰਿਆਣਾ ਵਿੱਚ ਸਿੱਖ ਮਾਮਲਿਆਂ ਵਿੱਚ ਦਖਲਅੰਦਾਜ਼ੀ ਲਈ ਭਾਜਪਾ ਨੂੰ ਦੋਸ਼ੀ ਠਹਿਰਾਉਂਦੇ ਸਨ, ਉਹ ਅੱਜ ਉਸੇ ਭਾਜਪਾ ਨਾਲ ਗਠਜੋੜ ਕਰਨ ਲਈ ਤਰਲੋਮੱਛੀ ਹਨ। ਲੋਕ ਉਨ੍ਹਾਂ ਨੇਤਾਵਾਂ ਤੋਂ ਕੀ ਉਮੀਦ ਕਰ ਸਕਦੇ ਹਨ ਜੋ ਸਿਰਫ਼ ਸਿਆਸੀ ਸੱਤਾ ਮੁੜ ਹਾਸਲ ਕਰਨ ਲਈ ਆਪਣੇ ਹੀ ਦਾਅਵਿਆਂ ਨਾਲ ਸਮਝੌਤਾ ਕਰਨ ਲਈ ਤਿਆਰ ਹਨ ? ਮੁੱਖ ਮੰਤਰੀ ਨੇ ਕਿਹਾ, ਜੇਕਰ ਅਕਾਲੀ ਦਲ ਅਤੇ ਭਾਜਪਾ ਮੁੜ ਹੱਥ ਮਿਲਾਉਂਦੇ ਹਨ ਤਾਂ ਪੰਜਾਬ ਦੇ ਲੋਕ ਚੋਣਾਂ ਵਿੱਚ ਦੋਵਾਂ ਪਾਰਟੀਆਂ ਨੂੰ ਨਕਾਰ ਕੇ ਮੂੰਹ ਤੋੜਵਾਂ ਜਵਾਬ ਦੇਣਗੇ। ਪੰਜਾਬੀ ਚੰਗੀ ਤਰ੍ਹਾਂ ਜਾਣਦੇ ਹਨ ਕਿ ਇਨ੍ਹਾਂ ਪਾਰਟੀਆਂ ਨੇ ਸੱਤਾ ਵਿੱਚ ਹੁੰਦਿਆਂ ਸੂਬੇ ਨਾਲ ਕਿਹੋ ਜਿਹਾ ਵਿਵਹਾਰ ਕੀਤਾ ਸੀ ਅਤੇ ਉਹ ਪੰਜਾਬ ਦੇ ਹਿੱਤਾਂ ਨਾਲ ਮੁੜ ਸਮਝੌਤਾ ਨਹੀਂ ਹੋਣ ਦੇਣਗੇ। ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਪ੍ਰਸਤਾਵਿਤ ਸਾਈਕਲ ਯਾਤਰਾ 'ਤੇ ਚੋਟ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਚਰਨਜੀਤ ਸਿੰਘ ਚੰਨੀ ਦੀ ਪ੍ਰਸਤਾਵਿਤ ਸਾਈਕਲ ਯਾਤਰਾ ਪੰਜਾਬ ਲਈ ਕਿਸੇ ਸਾਰਥਕ ਏਜੰਡੇ ਤੋਂ ਬਿਨਾਂ ਮਹਿਜ਼ ਇੱਕ ਸਿਆਸੀ ਡਰਾਮਾ ਹੈ। ਕਾਂਗਰਸੀ ਨੇਤਾ ਵੀ ਇਸ ਯਾਤਰਾ ਦਾ ਸਮਰਥਨ ਨਹੀਂ ਕਰ ਰਹੇ ਕਿਉਂਕਿ ਉਹ ਜਾਣਦੇ ਹਨ ਕਿ ਇਸ ਨਾਲ ਸੂਬੇ ਜਾਂ ਇਸ ਦੇ ਲੋਕਾਂ ਦੀ ਭਲਾਈ ਵਿੱਚ ਕੋਈ ਯੋਗਦਾਨ ਨਹੀਂ ਪਵੇਗਾ।

2017 ਬੈਚ ਦੇ ਆਈ.ਏ.ਐਸ. ਅਧਿਕਾਰੀ ਹਿਮਾਂਸ਼ੂ ਜੈਨ ਨੇ ਪਟਿਆਲਾ ਦੇ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲਿਆ

ਮੰਡੀਆਂ ਵਿੱਚ ਕਿਸਾਨਾਂ ਦੀ ਵਿਕਣ ਲਈ ਆਈ ਝੋਨੇ ਦੀ ਫ਼ਸਲ ਦੀ ਨਿਰਵਿਘਨ ਖ਼ਰੀਦ ਯਕੀਨੀ ਬਣਾਈ ਜਾਵੇਗੀ : ਹਿਮਾਂਸ਼ੂ ਜੈਨ

ਪਟਿਆਲਾ, 12 ਨਵੰਬਰ
-ਛਤਰਪਾਲ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

2017 ਬੈਚ ਦੇ ਆਈ.ਏ.ਐਸ. ਅਧਿਕਾਰੀ ਹਿਮਾਂਸ਼ੂ ਜੈਨ ਨੇ ਅੱਜ ਪਟਿਆਲਾ ਦੇ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲ ਲਿਆ। ਉਨ੍ਹਾਂ ਜ਼ਿਲ੍ਹਾ ਨਿਵਾਸੀਆਂ ਨੂੰ ਕੁਸ਼ਲ ਪ੍ਰਸ਼ਾਸਨਿਕ ਸੇਵਾਵਾਂ ਪ੍ਰਦਾਨ ਕਰਨ ਲਈ ਪ੍ਰਗਤੀਸ਼ੀਲ, ਪਾਰਦਰਸ਼ੀ ਅਤੇ ਲੋਕ-ਕੇਂਦਰਿਤ ਪ੍ਰਸ਼ਾਸਨ ਦੇਣ ਦੀ ਆਪਣੀ ਵਚਨਬੱਧਤਾ ਪ੍ਰਗਟਾਈ ਹੈ।

ਇਸ ਮੌਕੇ ਹਿਮਾਂਸ਼ੂ ਜੈਨ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਮੰਡੀਆਂ ਵਿੱਚ ਵਿਕਣ ਲਈ ਆਈ ਝੋਨੇ ਦੀ ਫ਼ਸਲ ਦੀ ਨਿਰਵਿਘਨ ਖ਼ਰੀਦ ਯਕੀਨੀ ਬਣਾਉਣ ਦੇ ਨਿਰਦੇਸ਼ਾਂ ਤਹਿਤ ਜ਼ਿਲ੍ਹੇ ਦੇ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਭਾਵੇਂ ਪਿਛਲੇ ਸਾਲਾਂ ਦੇ ਮੁਕਾਬਲੇ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ ਵੱਡੀ ਕਮੀ ਆਈ ਹੈ, ਪਰ ਕਿਸਾਨਾਂ ਨੂੰ ਹੋਰ ਜਾਗਰੂਕ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ, ਤਾਂ ਜੋ ਪਰਾਲੀ ਨੂੰ ਅੱਗ ਲਗਾਏ ਬਿਨਾਂ ਇਸ ਦਾ ਸੁਚੱਜਾ ਪ੍ਰਬੰਧਨ ਕੀਤਾ ਜਾ ਸਕੇ।




ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਹਿਮਾਂਸ਼ੂ ਜੈਨ ਲੁਧਿਆਣਾ ਅਤੇ ਰੂਪਨਗਰ ਦੇ ਡਿਪਟੀ ਕਮਿਸ਼ਨਰ, ਮੁੱਖ ਮੰਤਰੀ ਦਫ਼ਤਰ ਵਿੱਚ ਵਧੀਕ ਪ੍ਰਮੁੱਖ ਸਕੱਤਰ, ਹੁਸ਼ਿਆਰਪੁਰ ਨਗਰ ਨਿਗਮ ਦੇ ਕਮਿਸ਼ਨਰ ਅਤੇ ਜਲੰਧਰ ਵਿੱਚ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਸਮੇਤ ਕਈ ਹੋਰ ਅਹਿਮ ਅਹੁਦਿਆਂ 'ਤੇ ਸੇਵਾਵਾਂ ਨਿਭਾ ਚੁੱਕੇ ਹਨ।

ਹਿਮਾਂਸ਼ੂ ਜੈਨ ਵੱਲੋਂ ਪਟਿਆਲਾ ਦੇ ਨਵੇਂ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲਣ ਮੌਕੇ ਏ.ਡੀ.ਸੀ. (ਜ) ਅਨੁਪ੍ਰਿਤਾ ਜੌਹਲ, ਐਸ.ਪੀ. ਰਾਜੇਸ਼ ਛਿੱਬੜ, ਆਰ.ਟੀ.ਏ. ਪੂਨਮਪ੍ਰੀਤ ਕੌਰ, ਐਸ.ਡੀ.ਐਮਜ਼ ਗੁਰਦੇਵ ਸਿੰਘ ਅਤੇ ਹਰਜੋਤ ਕੌਰ ਮਾਵੀ, ਜ਼ਿਲ੍ਹਾ ਮਾਲ ਅਫ਼ਸਰ ਕਰਮਜੋਤ ਸਿੰਘ, ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈਜ਼ ਕੰਟਰੋਲਰ ਡਾ. ਰਵਿੰਦਰ ਕੌਰ ਸਮੇਤ ਡਿਪਟੀ ਕਮਿਸ਼ਨਰ ਦਫ਼ਤਰ ਦੇ ਹੋਰ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ।

ਇਸ ਉਪਰੰਤ ਹਿਮਾਂਸ਼ੂ ਜੈਨ ਨੇ ਜ਼ਿਲ੍ਹਾ ਅਧਿਕਾਰੀਆਂ ਨਾਲ ਸੰਖੇਪ ਮੀਟਿੰਗ ਕਰਕੇ ਵੱਖ-ਵੱਖ ਮਹੱਤਵਪੂਰਨ ਯੋਜਨਾਵਾਂ ਅਤੇ ਪ੍ਰਸ਼ਾਸਨਿਕ ਕੰਮਕਾਜ ਦੀ ਸਮੀਖਿਆ ਕੀਤੀ।

ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਉਨ੍ਹਾਂ ਦੇ ਪੁੱਜਣ 'ਤੇ ਪਟਿਆਲਾ ਪੁਲਿਸ ਦੀ ਟੁਕੜੀ ਵੱਲੋਂ ਗਾਰਡ ਆਫ਼ ਆਨਰ ਪੇਸ਼ ਕਰਕੇ ਸਲਾਮੀ ਦਿੱਤੀ ਗਈ।





ਵਿਸ਼ਵਕਰਮਾ ਮਹਾਉਤਸਵ 'ਚ ਵਿਧਾਇਕ ਦਿਨੇਸ਼ ਚੱਢਾ ਨੇ ਕੀਤੀ ਸ਼ਿਰਕਤ, ਮੰਦਰ ਕਮੇਟੀ ਨੂੰ ਦਿੱਤੀ 2 ਲੱਖ ਦੀ ਗ੍ਰਾਂਟ



ਨੂਰਪੁਰਬੇਦੀ 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਨੂਰਪੁਰਬੇਦੀ ਸਥਿਤ ਪ੍ਰਾਚੀਨ ਵਿਸ਼ਵਕਰਮਾ ਮੰਦਰ ਵਿਖੇ ਭਗਵਾਨ ਬਾਬਾ ਵਿਸ਼ਵਕਰਮਾ ਜੀ ਨੂੰ ਸਮਰਪਿਤ ਧਾਰਮਿਕ ਮਹਾਉਤਸਵ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਹਲਕਾ ਰੂਪਨਗਰ ਦੇ ਵਿਧਾਇਕ ਦਿਨੇਸ਼ ਚੱਢਾ ਨੇ ਉਚੇਚੇ ਤੌਰ 'ਤੇ ਸ਼ਿਰਕਤ ਕਰਦਿਆਂ ਭਗਵਾਨ ਵਿਸ਼ਵਕਰਮਾ ਜੀ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਦੀ ਕਾਮਨਾ ਕੀਤੀ। ਇਸ ਦੌਰਾਨ ਉਨ੍ਹਾਂ ਵੱਲੋਂ ਮੰਦਰ ਕਮੇਟੀ ਨੂੰ ਵਿਕਾਸ ਕਾਰਜਾਂ ਅਤੇ ਧਾਰਮਿਕ ਸਥਾਨ ਦੀਆਂ ਲੋੜਾਂ ਲਈ 2 ਲੱਖ ਰੁਪਏ ਦੀ ਗ੍ਰਾਂਟ ਵੀ ਜਾਰੀ ਕੀਤੀ ਗਈ। ਇਸ ਮੌਕੇ ਵਿਧਾਇਕ ਦਿਨੇਸ਼ ਚੱਢਾ ਨੇ ਕਿਹਾ ਕਿ ਭਗਵਾਨ ਬਾਬਾ ਵਿਸ਼ਵਕਰਮਾ ਜੀ ਸਮੁੱਚੀ ਦੁਨੀਆ ਲਈ ਕਿਰਤ, ਹੁਨਰ, ਸਿਰਜਣਾ ਅਤੇ ਮਿਹਨਤ ਦੇ ਪ੍ਰਤੀਕ ਹਨ। ਉਨ੍ਹਾਂ ਦੇ ਜੀਵਨ ਅਤੇ ਸਿੱਖਿਆਵਾਂ ਸਾਨੂੰ ਆਪਣੇ ਕਿੱਤੇ ਪ੍ਰਤੀ ਇਮਾਨਦਾਰੀ ਰੱਖਣ, ਮਿਹਨਤ ਕਰਨ ਅਤੇ ਸਮਾਜ ਦੀ ਬਿਹਤਰੀ ਲਈ ਯੋਗਦਾਨ ਪਾਉਣ ਦੀ ਪ੍ਰੇਰਨਾ ਦਿੰਦੀਆਂ ਹਨ। ਉਨ੍ਹਾਂ ਕਿਹਾ ਕਿ ਧਾਰਮਿਕ ਸਥਾਨ ਸਾਡੀ ਸੱਭਿਆਚਾਰਕ ਵਿਰਾਸਤ ਅਤੇ ਸਮਾਜਿਕ ਏਕਤਾ ਦੇ ਕੇਂਦਰ ਹਨ। ਇਨ੍ਹਾਂ ਦੇ ਵਿਕਾਸ ਅਤੇ ਸਾਂਭ-ਸੰਭਾਲ ਲਈ ਹਰ ਸੰਭਵ ਸਹਿਯੋਗ ਦੇਣਾ ਸਾਡੀ ਜ਼ਿੰਮੇਵਾਰੀ ਹੈ।

ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਲਾਕੇ ਦੇ ਵਿਕਾਸ ਦੇ ਨਾਲ-ਨਾਲ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦੀਆਂ ਲੋੜਾਂ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਮੰਦਰ ਕਮੇਟੀ ਨੂੰ ਭਰੋਸਾ ਦਿਵਾਇਆ ਕਿ ਭਵਿੱਖ ਵਿੱਚ ਵੀ ਲੋੜ ਅਨੁਸਾਰ ਸਹਿਯੋਗ ਜਾਰੀ ਰੱਖਿਆ ਜਾਵੇਗਾ। ਇਸ ਮੌਕੇ ਮੰਦਰ ਵਿਖੇ ਵੱਡੀ ਗਿਣਤੀ ਵਿੱਚ ਪਹੁੰਚੇ ਸ਼ਰਧਾਲੂਆਂ ਨੇ ਨਤਮਸਤਕ ਹੋ ਕੇ ਪਰਿਵਾਰਾਂ ਦੀ ਸੁੱਖ-ਸ਼ਾਂਤੀ ਅਤੇ ਖੁਸ਼ਹਾਲੀ ਦੀ ਅਰਦਾਸ ਕੀਤੀ।

ਇਸ ਮੌਕੇ ਮੰਦਰ ਕਮੇਟੀ ਦੇ ਪ੍ਰਧਾਨ ਹਰਬੰਸ ਲਾਲ ਸ਼ਾਹ, ਮਹਿੰਦਰ ਸ਼ਾਹ, ਹਰਜਿੰਦਰ ਸਿੰਘ ਕੁੰਭੇਵਾਲ, ਸਕੱਤਰ ਹੈਪੀ ਸ਼ਾਹ, ਬਲਦੇਵ ਧੀਮਾਨ, ਤਰਸੇਮ ਜੱਟਪੁਰ, ਬਲਵੀਰ ਭੀਰੀ ਬੜਵਾ, ਅਮਰਦੇਵ ਸਰਪੰਚ, ਹਰਮਿੰਦਰ ਰਾਜਪਾਲ, ਹਰਨੇਕ ਸਿੰਘ, ਜਨਰਲ ਸਕੱਤਰ ਤਰਲੋਚਨ ਸਿੰਘ, ਐਨਆਰਆਈ ਜਰਨੈਲ ਸਿੰਘ ਲਾਲੀ, ਅਰੁਣ ਸ਼ਾਹ, ਸੋਨੂੰ ਸ਼ਾਹ, ਪਵਨ ਕੁਮਾਰ, ਨੂਰਪੁਰਬੇਦੀ ਦੀ ਸਰਪੰਚ ਨਿਰਮਲਾ ਦੇਵੀ, ਕਪਿਲ ਧੀਮਾਨ, ਅਮਨ ਧੀਮਾਨ ਅਤੇ ਸੂਰਜ ਧੀਮਾਨ ਸਮੇਤ ਹੋਰ ਪ੍ਰਬੰਧਕ ਅਤੇ ਸ਼ਰਧਾਲੂ ਹਾਜ਼ਰ ਸਨ।

ਪੰਜਾਬ ਵਿੱਚ 'ਜਨਗਣਨਾ 2027 - ਪੜਾਅ 2' ਦੀ ਸ਼ੁਰੂਆਤ: ਜਨਗਣਨਾ ਬਾਰੇ ਪ੍ਰਚਾਰ ਅਤੇ ਜਾਗਰੂਕਤਾ ਮੁਹਿੰਮ ਵਾਸਤੇ 9 ਡਿਜੀਟਲ ਐਲਈਡੀ ਵੈਨਾਂ ਨੂੰ ਹਰੀ ਝੰਡੀ ਦਿਖਾ ਕੇ ਦੇ ਕੀਤਾ ਰਵਾਨਾ

ਪੰਜਾਬ ਰਾਜ ਵਿੱਚ 1 ਦਸੰਬਰ, 2026 ਤੋਂ 4 ਜਨਵਰੀ, 2027 ਤੱਕ 'ਜਨਗਣਨਾ - ਪੜਾਅ 2' ਚੱਲੇਗਾ

ਚੰਡੀਗੜ੍ਹ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਜਨਗਣਨਾ 2027 ਦੇ ਦੂਜੇ ਪੜਾਅ ਦੇ ਪ੍ਰਚਾਰ ਅਤੇ ਜਾਗਰੂਕਤਾ ਮੁਹਿੰਮ ਲਈ ਡਿਜੀਟਲ ਐਲਈਡੀ ਵੈਨਾਂ ਨੂੰ ਅੱਜ ਯਾਨੀ 11 ਨਵੰਬਰ, 2026 ਨੂੰ ਸਵੇਰੇ 11:00 ਵਜੇ, ਡਾਇਰੈਕਟਰੇਟ ਆਫ਼ ਸੈਂਸਸ ਓਪਰੇਸ਼ਨਜ਼, ਪੰਜਾਬ, ਚੰਡੀਗੜ੍ਹ ਦੇ ਦਫ਼ਤਰ ਤੋਂ ਡਾਇਰੈਕਟਰ ਡਾ. ਨਵਜੋਤ ਖੋਸਾ ਦੁਆਰਾ ਰਸਮੀ ਤੌਰ 'ਤੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਇਨ੍ਹਾਂ ਵਾਹਨਾਂ 'ਤੇ ਵੱਖ-ਵੱਖ ਸੰਦੇਸ਼ ਪ੍ਰਦਰਸ਼ਿਤ ਕੀਤੇ ਗਏ ਹਨ ਅਤੇ ਇਨ੍ਹਾਂ ਵਿੱਚ ਕਿਊ.ਆਰ. ਕੋਡ ਵੀ ਦਿੱਤੇ ਗਏ ਹਨ, ਜੋ ਨਾਗਰਿਕਾਂ ਨੂੰ ਸਿੱਧੇ ਅਧਿਕਾਰਤ 'ਨੈਸ਼ਨਲ ਸੈਂਸਸ ਪੋਰਟਲ' ਨਾਲ ਜੋੜਦੇ ਹਨ, ਜਿੱਥੇ ਉਹ ਖੁਦ ਆਪਣੀ ਜਾਣਕਾਰੀ ਦਰਜ ਕਰ ਸਕਦੇ ਹਨ।



ਡਾਇਰੈਕਟਰੇਟ ਦੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਸਮੁੱਚੇ ਉਤਸ਼ਾਹ ਨਾਲ ਪ੍ਰੋਗਰਾਮ ਵਿੱਚ ਹਿੱਸਾ ਲਿਆ।

ਡਿਜੀਟਲ ਵੈਨਾਂ ਸਬੰਧਿਤ ਜ਼ਿਲ੍ਹਿਆਂ ਵਿੱਚ ਮੁੱਖ ਕਸਬਿਆਂ, ਸ਼ਹਿਰੀ ਅਤੇ ਪੇਂਡੂ ਖੇਤਰਾਂ, ਬਾਜ਼ਾਰਾਂ ਅਤੇ ਹੋਰ ਪ੍ਰਮੁੱਖ ਜਨਤਕ ਸਥਾਨਾਂ ਨੂੰ ਕਵਰ ਕਰਨਗੀਆਂ ਜਿੱਥੇ ਲੋਕਾਂ ਦੀ ਆਵਾਜਾਈ ਸਭ ਤੋਂ ਵੱਧ ਹੁੰਦੀ ਹੈ।

ਇਸ ਮੁਹਿੰਮ ਦਾ ਉਦੇਸ਼ ਜਨਗਣਨਾ 2027, ਸਵੈ-ਗਣਨਾ ਅਤੇ ਆਬਾਦੀ ਦੀ ਗਣਨਾ ਦੇ ਮਹੱਤਵ ਬਾਰੇ ਆਮ ਲੋਕਾਂ ਵਿੱਚ ਵਿਆਪਕ ਜਾਗਰੂਕਤਾ ਪੈਦਾ ਕਰਨਾ ਅਤੇ ਵੱਧ ਤੋਂ ਵੱਧ ਜਨਤਕ ਭਾਗੀਦਾਰੀ ਯਕੀਨੀ ਬਣਾਉਣਾ ਹੈ। ਆਡੀਓ-ਵੀਡੀਓ ਮਾਧਿਅਮ ਰਾਹੀਂ ਜਾਣਕਾਰੀ ਦਾ ਪ੍ਰਸਾਰ ਕੀਤਾ ਜਾਵੇਗਾ।

ਇਸ ਵੈਨ ਦੀ ਸੁਚਾਰੂ ਆਵਾਜਾਈ, ਸਥਾਨਕ ਤਾਲਮੇਲ ਅਤੇ ਪ੍ਰਚਾਰ ਗਤੀਵਿਧੀਆਂ ਦੇ ਪ੍ਰਭਾਵੀ ਲਾਗੂਕਰਨ ਦੀ ਸਹੂਲਤ ਲਈ ਜ਼ਿਲ੍ਹੇ ਤੋਂ ਇੱਕ ਨਾਮਜ਼ਦ ਇਸਕਾਰਟ ਅਧਿਕਾਰੀ ਵੈਨ ਦੇ ਨਾਲ ਰਹੇਗਾ। ਡਿਪਟੀ ਕਮਿਸ਼ਨਰ-ਕਮ-ਪ੍ਰਿੰਸੀਪਲ ਸੈਂਸਸ ਅਫ਼ਸਰਾਂ ਨੇ ਡਿਜੀਟਲ ਵੈਨ ਦੇ ਵਿਸਥਾਰਤ ਰੂਟ ਪਲਾਨ ਨੂੰ ਅੰਤਿਮ ਰੂਪ ਦਿੱਤਾ ਹੈ, ਪ੍ਰਚਾਰ ਹੋਰਡਿੰਗਜ਼ ਲਗਾਉਣ ਲਈ ਢੁਕਵੀਆਂ ਥਾਵਾਂ ਦੀ ਪਛਾਣ ਕੀਤੀ ਹੈ ਅਤੇ ਨੋਡਲ ਅਫ਼ਸਰ (ਪ੍ਰਚਾਰ) ਦੇ ਅਪਡੇਟ ਕੀਤੇ ਵੇਰਵੇ ਡਾਇਰੈਕਟਰੇਟ ਨੂੰ ਮੁਹੱਈਆ ਕਰਵਾਏ ਹਨ।

ਪੰਜਾਬ ਲਈ ਸਮਾਂ ਸੀਮਾ

ਜਨਗਣਨਾ 2027 ਦੋ ਪੜਾਆਂ ਵਿੱਚ ਕਰਵਾਈ ਜਾ ਰਹੀ ਹੈ। ਪਹਿਲਾ ਪੜਾਅ ਮਕਾਨਾਂ ਦੀ ਸੂਚੀਬੱਧਤਾ ਅਤੇ ਰਿਹਾਇਸ਼ੀ ਜਨਗਣਨਾ ਸਫਲਤਾਪੂਰਵਕ ਮੁਕੰਮਲ ਹੋ ਗਿਆ ਹੈ।

ਪੰਜਾਬ ਰਾਜ ਵਿੱਚ ਜਨਗਣਨਾ ਦਾ ਦੂਜਾ ਪੜਾਅ 1 ਦਸੰਬਰ 2026 ਤੋਂ 4 ਜਨਵਰੀ 2027 ਤੱਕ ਚਲੇਗਾ, ਜਿਸਦੀ ਰੈਫਰੇਂਸ ਡੇਟ 5 ਜਨਵਰੀ 2027 ਰਾਤ 12 ਵਜੇ ਤੱਕ ਹੋਵੇਗੀ। ਸਵੈ-ਗਣਨਾ 16 ਨਵੰਬਰ ਤੋਂ 30 ਨਵੰਬਰ 2026 ਤੱਕ ਕੀਤੀ ਜਾ ਸਕੇਗੀ। ਨਾਗਰਿਕ ਜਨਗਣਨਾ ਨਾਲ ਸਬੰਧਤ 40 ਸਵਾਲਾਂ ਦੇ ਜਵਾਬ ਖੁਦ ਦੇਣ ਲਈ se.census.gov.in ਪੋਰਟਲ 'ਤੇ ਲਾਗ ਇਨ ਕਰ ਸਕਦੇ ਹਨ। ਸਵੈ-ਗਣਨਾ ਪੋਰਟਲ 30 ਨਵੰਬਰ 2026 ਨੂੰ ਬੰਦ ਹੋ ਜਾਵੇਗਾ।

ਪੰਜਾਬ ਵਿੱਚ ਅਗਲੀਆਂ ਗਤੀਵਿਧੀਆਂ ਹੇਠ ਲਿਖੇ ਅਨੁਸਾਰ ਹਨ:
ਡਿਜੀਟਲ ਐਲਈਡੀ ਵੈਨਾਂ ਨੂੰ ਹਰੀ ਝੰਡੀ: 11 ਨਵੰਬਰ, 2026
ਸਵੈ-ਗਣਨਾ: 16 ਤੋਂ 30 ਨਵੰਬਰ, 2026
ਜਨਗਣਨਾ: 1 ਦਸੰਬਰ, 2026 ਤੋਂ 4 ਜਨਵਰੀ, 2027
ਰੈਫਰੇਂਸ ਡੇਟ: 5 ਜਨਵਰੀ 2027
ਰਿਵੀਜ਼ਨ ਰਾਊਂਡ: ਬਾਕੀ ਰਹਿੰਦੇ ਵਿਅਕਤੀਆਂ ਨੂੰ ਸ਼ਾਮਲ ਕਰਨ ਲਈ ਆਬਾਦੀ ਦੀ ਗਣਨਾ 3 ਤੋਂ 5 ਦਿਨ ਬਾਅਦ

ਹਰ ਕੋਈ ਸਵੈ-ਗਣਨਾ ਦੀ ਸਹੂਲਤ ਦਾ ਲਾਭ ਉਠਾ ਸਕਦਾ ਹੈ ਅਤੇ ਐਨੂਮਰੇਟਰ ਦੇ ਆਉਣ ਤੋਂ ਪਹਿਲਾਂ ਆਪਣਾ ਜਨਗਣਨਾ ਫਾਰਮ ਆਨਲਾਈਨ ਖੁਦ ਭਰ ਸਕਦਾ ਹੈ।

ਸੈਂਸਸਜ਼ ਓਪਰੇਸ਼ਨਜ਼ ਦੇ ਡਾਇਰੈਕਟਰ ਨੇ ਸੂਬਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਐਨੂਮਰੇਟਰਜ਼ ਨੂੰ ਪੂਰਨ ਸਹਿਯੋਗ ਦੇਣ ਅਤੇ ਜਨਗਣਨਾ 2027 ਵਿੱਚ ਆਪਣੀ ਭਾਗੀਦਾਰੀ ਯਕੀਨੀ ਬਣਾਉਣ। ਉਨ੍ਹਾਂ ਅੱਗੇ ਕਿਹਾ ਕਿ ਆਓ ਇਸ ਜਨਗਣਨਾ ਨੂੰ ਸਟੀਕ, ਮੁਕੰਮਲ ਅਤੇ ਸਫ਼ਲ ਬਣਾਈਏ। ਇਸ ਅਭਿਆਸ ਦੌਰਾਨ ਆਮ ਜਨਤਾ ਦੀ ਸਹਾਇਤਾ ਲਈ ਇੱਕ ਸਮਰਪਿਤ ਟੋਲ-ਫ੍ਰੀ ਹੈਲਪਲਾਈਨ ਨੰਬਰ-1855 ਲਾਂਚ ਕੀਤਾ ਗਿਆ ਹੈ। ਨਾਗਰਿਕ ਜਨਗਣਨਾ ਪ੍ਰਸ਼ਨੋਤਰੀ ਭਰਨ ਵੇਲੇ ਕਿਸੇ ਵੀ ਪੁੱਛਗਿੱਛ ਜਾਂ ਸ਼ੰਕਾ ਲਈ ਇਸ ਨੰਬਰ 'ਤੇ ਡਾਇਲ ਕਰ ਸਕਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਸੂਬਾ ਵਾਸੀ ਅਧਿਕਾਰਤ ਸੋਸ਼ਲ ਮੀਡੀਆ ਹੈਂਡਲਾਂ 'ਤੇ ਵੀ ਸਾਡੇ ਨਾਲ ਜੁੜ ਸਕਦੇ ਹਨ। ਸਾਡੀਆਂ ਚੱਲ ਰਹੀਆਂ ਪਹਿਲਕਦਮੀਆਂ ਅਤੇ ਆਗਾਮੀ ਪ੍ਰੋਜੈਕਟਾਂ ਬਾਰੇ ਅਪਡੇਟ ਰਹਿਣ ਲਈ ਸਾਨੂੰ ਇੰਸਟਾਗ੍ਰਾਮ , ਫੇਸਬੁਕ, ਐਕਸ (ਪਹਿਲਾਂ ਟਵਿੱਟਰ) ਅਤੇ ਯੂਟਿਊਬ 'ਤੇ @censusdcopunjab 'ਤੇ ਫਾਲੋ ਕੀਤਾ ਜਾ ਸਕਦਾ ਹੈ।

70ਵੀਆਂ ਅੰਤਰ ਜ਼ਿਲ੍ਹਾ ਸਕੂਲ ਖੇਡਾਂ 'ਚ ਲੜਕੇ/ਲੜਕੀਆਂ ਦੇ ਸਾਈਕਲਿੰਗ-ਇੰਡੀਵਿਜੁਅਲ ਪਰਸੂਟ ਦੇ ਮੁਕਾਬਲੇ ਕਰਵਾਏ ਗਏ



ਪਟਿਆਲਾ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਮਮਤਾ ਖੁਰਾਣਾ ਦੀ ਯੋਗ ਅਗਵਾਈ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਅਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਜਨਰਲ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਸਾਇਕਲਿੰਗ ਅੰਡਰ 14,17,19 ਲੜਕੇ,ਲੜਕੀਆਂ ਇੰਡੀਵਿਜੁਅਲ ਪਰਸੂਟ ਦੇ ਮੁਕਾਬਲੇ ਐਨ.ਐਸ.ਐਨ.ਆਈ.ਐਸ ਪਟਿਆਲਾ ਵਿਖੇ ਕਰਵਾਏ ਗਏ।ਅੱਜ ਮੁੱਖ ਮਹਿਮਾਨ ਦੇ ਤੌਰ ਤੇ ਡੀਐਸਸੀ ਡਾ.ਦਲਜੀਤ ਸਿੰਘ,ਟੂਰਨਾਮੈਂਟ ਇੰਚਾਰਜ ਪ੍ਰਿੰਸੀਪਲ ਰਾਜਕੁਮਾਰ, ਜਿਲਾ ਟੂਰਨਾਮੈਂਟ ਕਮੇਟੀ ਦੇ ਜਨਰਲ ਸਕੱਤਰ ਚਰਨਜੀਤ ਸਿੰਘ ਭੁੱਲਰ ਨੇ ਉਚੇਚੇ ਤੌਰ ਤੇ ਪਹੁੰਚ ਕੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ।ਅੱਜ ਦੇ ਹੋਏ ਇੰਡੀਵਿਜੁਅਲ ਪਰਸੂਟ ਦੇ ਮੁਕਾਬਲਿਆਂ ਵਿੱਚ ਅੰਡਰ-14 ਲੜਕੀਆਂ ਦੇ ਵਿੱਚ ਜੈਸਮੀਨ ਨੇ ਪਹਿਲਾ,ਵੀਰਾ ਨੇ ਦੂਜਾ ਹਨਿਸ਼ਕਾ ਨੇ ਤੀਜਾ,ਅੰਡਰ-17 ਲੜਕੀਆਂ ਦੇ ਵਿੱਚ ਪਲਕਪ੍ਰੀਤ ਕੌਰ ਨੇ ਪਹਿਲਾ, ਪਰੀਤੀ ਨੇ ਦੂਜਾ,ਜਪਨੀਤ ਕੌਰ ਨੇ ਤੀਜਾ, ਅੰਡਰ-19 ਲੜਕੀਆਂ ਦੇ ਵਿੱਚ ਤਰਨਵੀਰ ਕੌਰ ਨੇ ਪਹਿਲਾ,ਜਪਨੂਰ ਕੌਰ ਨੇ ਦੂਜਾ, ਰੀਤੀਕਾ ਕੌਰ ਲਹਿਰ ਨੇ ਤੀਜਾ, ਅੰਡਰ-14 ਲੜਕਿਆਂ ਦੇ ਵਿੱਚ ਅਰਵਜੋਤ ਸਿੰਘ ਨੇ ਪਹਿਲਾ,ਪ੍ਰਭਨੂਰ ਸਿੰਘ ਨੇ ਦੂਜਾ,ਤਾਜਵੀਰ ਸਿੰਘ ਨੇ ਤੀਜਾ,ਅੰਡਰ-17 ਲੜਕਿਆਂ ਦੇ ਵਿੱਚ ਏਕਮਜੀਤ ਸਿੰਘ ਸ਼ਾਹੀ ਨੇ ਪਹਿਲਾ, ਸ਼ਸ਼ੀਬੀਰ ਰੱਤੀ ਨੇ ਦੂਜਾ,ਤਨਿਸ਼ ਸ਼ਰਮਾ ਨੇ ਤੀਜਾ,ਅੰਡਰ-19 ਲੜਕਿਆਂ ਦੇ ਵਿੱਚ ਗੁਰਤਰਨ ਸਿੰਘ ਨੇ ਪਹਿਲਾ,ਕਨਵਰਪ੍ਰੀਤ ਸਿੰਘ ਵਿਜ ਨੇ ਦੂਜਾ ਤੇ ਨਿਖਲ ਕੁਮਾਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਤੇ ਅਬਜਰਵਰ ਵਰਿੰਦਰ ਸਿੰਘ ਡੀਐਸਸੀ, ਜਤਿੰਦਰ ਸਿੰਘ ਚੀਫ ਕੋਚ, ਜੈਤਸ਼ਾਹੂਦੀਪ ਸਿੰਘ, ਸਪਿੰਦਰਜੀਤ ਕੌਰ, ਸਤਵਿੰਦਰਪਾਲ ਸਿੰਘ ਕੋਚ, ਭੁਪਿੰਦਰ ਸਿੰਘ ਕੋਚ, ਜੋਗਿੰਦਰ ਕੌਰ,ਮੋਹਿਤ ਕੁਮਾਰ ਕੋਚ, ਗੁਰਮੀਤ ਸਿੰਘ ਕੋਚ,ਰਮਨਦੀਪ ਕੌਰ ਹੈਡ ਮਿਸਟ੍ਰੈਸ,ਬਲਵਿੰਦਰ ਸਿੰਘ ਜੱਸਲ,ਰਾਜਿੰਦਰ ਸਿੰਘ, ਰਜਿੰਦਰ ਸੈਣੀ ਸਟੇਟ ਅਵਾਰਡੀ, ਹਰੀਸ਼ ਸਿੰਘ ਰਾਵਤ,ਹਰਪ੍ਰੀਤ ਸਿੰਘ ਢਿੱਲੋ,ਮੱਖਣ ਸਿੰਘ, ਕਿਰਨਜੀਤ ਕੌਰ,ਹਰਦੀਪ ਕੌਰ, ਸੰਦੀਪ ਕੌਰ,ਦਮਨਜੀਤ ਕੌਰ, ਰੁਪਿੰਦਰ ਕੌਰ,ਕੁਲਜੀਤ ਕੌਰ, ਚਮਕੌਰ ਸਿੰਘ,ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਤੇ ਸਾਰੇ ਜਿਲ੍ਹਿਆਂ ਦੇ ਖਿਡਾਰੀ ਅਤੇ ਡਿਊਟੀ ਸਟਾਫ ਹਾਜਰ ਸਨ।


ਸਰਕਾਰ ਵੱਲੋਂ ਖੇਡਾਂ ਨੂੰ ਲੈ ਕੇ ਪੰਜਾਬ ਵਿੱਚ ਕੀਤਾ ਜਾ ਚੁੱਕਾ ਹੈ ਸਾਜਗਾਰ ਮਾਹੌਲ ਪੂਰੀ ਤਰ੍ਹਾਂ ਤਿਆਰ : ਕੁਲਵੰਤ ਸਿੰਘ



ਮੁਹਾਲੀ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਵੈਦਵਾਨ ਸਪੋਰਟਸ ਕਲੱਬ ਮੌਲੀ ਵੈਦਵਾਨ ਦੇ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਕਬੱਡੀ ਕੱਪ ਦਾ ਆਯੋਜਨ 14 ਅਤੇ 15 ਨਵੰਬਰ ਨੂੰ ਪਿੰਡ ਮੌਲੀ ਵੈਦਵਾਨ, ਸੈਕਟਰ 80, ਮੋਹਾਲੀ ਵਿਖੇ ਕੀਤਾ ਜਾ ਰਿਹਾ ਹੈ , ਇਸ ਕਬੱਡੀ ਕੱਪ ਦਾ ਪੋਸਟਰ ਵਿਧਾਇਕ ਕੁਲਵੰਤ ਸਿੰਘ ਹੋਰਾਂ ਦੇ ਵੱਲੋਂ ਰਿਲੀਜ਼ ਕੀਤਾ ਗਿਆ, ਇਸ ਮੌਕੇ ਤੇ ਮੌਜੂਦ ਅਵਤਾਰ ਸਿੰਘ ਮੌਲੀ ਅਤੇ ਗੁਰਸੇਵਕ ਸਿੰਘ ਸਰਪੰਚ ਸਰਪਸਤ ਕਲੱਬ ਨੇ ਦੱਸਿਆ ਕਿ ਇਸ ਕਬੱਡੀ ਕੱਪ ਦੇ ਦੌਰਾਨ ਬੈਸਟ ਰੇਡਰ ਨੂੰ ਮੋਟਰਸਾਈਕਲ ਜਦਕਿ ਬੈਸਟ ਜਾਫੀ ਨੂੰ ਵੀ ਇਨਾਮ ਵਜੋਂ ਮੋਟਰਸਾਈਕਲ ਦਿੱਤੇ ਜਾ ਰਹੇ ਜਾਣਗੇ, ਅਵਤਾਰ ਸਿੰਘ ਮੌਲੀ ਅਤੇ ਗੁਰਸੇਵਕ ਸਿੰਘ ਨੇ ਦੱਸਿਆ ਕਿ ਇਸ ਕਬੱਡੀ ਕੱਪ ਦੇ ਦੌਰਾਨ ਵਿਧਾਇਕ ਕੁਲਵੰਤ ਸਿੰਘ ,ਮਾਲਵਿੰਦਰ ਸਿੰਘ ਕੰਗ -ਮੈਂਬਰ ਪਾਰਲੀਮੈਂਟ, ਕੁਲਦੀਪ ਸਿੰਘ ਸਮਾਣਾ, ਸਰਬਜੀਤ ਸਿੰਘ ਸਮਾਣਾ ਮੇਅਰ ਮੋਹਾਲੀ ਕਾਰਪੋਰੇਸ਼ਨ ਉਚੇਚੇ ਤੌਰ ਤੇ ਸ਼ਮੂਲੀਅਤ ਕਰਨਗੇ, ਇਸ ਕਬੱਡੀ ਕੱਪ ਸੰਬੰਧੀ ਪੋਸਟਰ ਰਿਲੀਜ਼ ਕਰਨ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਹੋਰਾਂ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੋਰਾਂ ਦੀ ਤਰਫੋਂ ਪੰਜਾਬ ਦੇ ਵਿੱਚ ਖੇਡਾਂ ਨੂੰ ਲੈ ਕੇ ਸਾਜਗਾਰ ਮਾਹੌਲ ਤਿਆਰ ਕਰਨ ਦੇ ਚਲਦਿਆਂ ਹੀ ਅੱਜ ਪੰਜਾਬ ਦੇ ਸ਼ਹਿਰ ਅਤੇ ਪਿੰਡਾਂ ਦੇ ਵਿੱਚ ਵੱਡੇ ਪੱਧਰ ਤੇ ਖੇਡ ਮੇਲਿਆਂ ਦਾ ਆਯੋਜਨ ਪਹਿਲਾਂ ਦੇ ਮੁਕਾਬਲਤਨ ਹੋਰ ਵਧ ਚੁੱਕਿਆ ਹੈ, ਅਤੇ ਪੰਜਾਬ ਸਰਕਾਰ ਵੱਲੋਂ ਜਿੱਥੇ ਖੇਡਾਂ ਦੇ ਵਿੱਚ ਮਾਣਯੋਗ ਪ੍ਰਾਪਤੀਆਂ ਕਰਨ ਵਾਲੇ ਖਿਡਾਰੀਆਂ ਅਤੇ ਕੋਚਿਸ ਨੂੰ ਸਨਮਾਨਿਤ ਕੀਤਾ ਜਾ ਰਿਹਾ ਹੈ, ਉੱਥੇ ਨਵੀਂ ਪਨੀਰੀ ਤਿਆਰ ਕਰਨ ਦੇ ਲਈ ਖਿਡਾਰੀਆਂ ਨੂੰ ਵਧੀਆ ਖੇਡ ਮੈਦਾਨ ਦੇ ਨਾਲ- ਨਾਲ ਖੇਡਾਂ ਦੇ ਲਈ ਲੜੀਂਦਾ ਸਮਾਨ ਵੀ ਪੰਜਾਬ ਸਰਕਾਰ ਦੀ ਤਰਫੋਂ ਮੁਹਈਆ ਕਰਵਾਇਆ ਜਾ ਰਿਹਾ ਹੈ , ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਿੱਥੇ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਜਾ ਰਿਹਾ ਹੈ, ਉੱਥੇ ਖਿਡਾਰੀਆਂ ਨੂੰ ਤਰਾਸ਼ਣ ਦੇ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੇ ਕੋਚਜ ਨੂੰ ਵੀ ਨਗਦ ਇਨਾਮ ਅਤੇ ਸਨਮਾਨ ਚਿੰਨ ਦੇ ਕੇ ਦਿੱਤੇ ਜਾ ਰਹੇ ਹਨ, ਵਿਧਾਇਕ ਕੁਲਵੰਤ ਸਿੰਘ ਹੋਰਾਂ ਦੱਸਿਆ ਕਿ ਪੰਜਾਬ ਭਰ ਵਿੱਚ ਚੱਲ ਰਹੇ ਖੇਡ ਮੇਲਿਆਂ ਦੀ ਲੜੀ ਦੇ ਤਹਿਤ ਹੀ ਪਿੰਡ ਮੌਲੀ ਵੈਦਵਾਨ ਵਿਖੇ ਵੀ ਹਰ ਸਾਲ ਦੀ ਤਰ੍ਹਾਂ ਵਿਸ਼ਾਲ ਕਬੱਡੀ ਕੱਪ ਦਾ ਆਯੋਜਨ ਖੇਡ ਪ੍ਰਬੰਧਕਾਂ ਅਤੇ ਪਿੰਡ ਦੀ ਪੰਚਾਇਤ ਵੱਲੋਂ ਸਾਂਝੇ ਤੌਰ ਤੇ ਇਲਾਕੇ ਦੇ ਪਤਵੰਤੀਆਂ ਦੇ ਨਾਲ ਮਿਲ ਕੇ ਕੀਤਾ ਜਾ ਰਿਹਾ ਹੈ। ਇਸ ਮੌਕੇ ਤੇ ਸਾਬਕਾ ਸਰਪੰਚ ਅਤੇ ਖੇਡ ਪ੍ਰਬੰਧਕਾਂ ਵਿੱਚੋਂ ਇੱਕ ਅਵਤਾਰ ਸਿੰਘ ਮੌਲੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਇਸ ਕਬੱਡੀ ਕੱਪ ਨਾਲ ਸੰਬੰਧਿਤ ਪੋਸਟਰ ਨੂੰ ਰਿਲੀਜ਼ ਕਰਨ ਦੀ ਰਸਮ ਵਿਧਾਇਕ ਕੁਲਵੰਤ ਸਿੰਘ ਹੋਰਾਂ ਵੱਲੋਂ ਨਿਭਾਈ ਗਈ ਹੈ ਅਤੇ ਇਸ ਕਬੱਡੀ ਕੱਪ ਨੂੰ ਲੈ ਕੇ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ , ਉਹਨਾਂ ਦੱਸਿਆ ਕਿ ਇਸ ਕਬੱਡੀ ਕੱਪ ਨੂੰ ਵੇਖਣ ਦੇ ਲਈ ਪੰਜਾਬ ਭਰ ਦੇ ਕੋਨੇ- ਕੋਨੇ ਵਿੱਚੋਂ ਖੇਡ ਪ੍ਰੇਮੀ ਪਹੁੰਚ ਰਹੇ ਹਨ, ਇਸ ਮੌਕੇ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਅਤੇ ਪ੍ਰਸਿੱਧ ਖੇਡ ਪ੍ਰੇਮੀ- ਕੁਲਦੀਪ ਸਿੰਘ ਸਾਮਣਾ, ਪਰਮਜੀਤ ਸਿੰਘ ਚੌਹਾਨ- ਡਾਇਰੈਕਟਰ ਜੇ. ਐਲ. ਪੀ. ਐਲ., ਅਵਤਾਰ ਸਿੰਘ ਮੌਲੀ ,ਸਤਿੰਦਰ ਸਿੰਘ ਮਿੱਠੂ- ਕੌਂਸਲਰ, ਬਾਵਾ ਮੌਲੀ, ਅਕਬਿੰਦਰ ਸਿੰਘ ਗੋਸਲ, ਰੂਪਾ ਸੋਹਣਾ, ਹਰਜੀਤ ਸਿੰਘ ਭੋਲੂ- ਕੌਂਸਲਰ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੇ ਮੁਹਤਰਮ ਖੇਡ ਪ੍ਰੇਮੀ ਵੀ ਹਾਜ਼ਰ ਰਹੇ , ਇਥੇ ਇਹ ਗੱਲ ਜ਼ਿਕਰਯੋਗ ਹੈ ਕਿ ਇਸ ਕਬੱਡੀ ਕੱਪ ਦੇ ਆਯੋਜਕਾਂ ਦੇ ਵਿੱਚ ਲਾਲੀ ਵੈਦਵਾਨ ਕਲੱਬ ਪ੍ਰਧਾਨ ਤੋਂ ਇਲਾਵਾ ਜਸਵੰਤ ਸਿੰਘ ਲਾਲਾ ਚੇਅਰਮੈਨ, ਮਨਦੀਪ ਸਿੰਘ ਖਜਾਨਚੀ, ਗੁਰਸੇਵਕ ,ਹਰਜੋਤ ਸਿੰਘ ਗੱਬਰ ਮੌਲੀ ਵੈਦਵਾਨ ਵੱਲੋਂ ਕਬੱਡੀ ਕੱਪ ਦੀਆਂ ਤਿਆਰੀਆਂ ਨੂੰ ਅੰਤਿਮ ਛੋਹਾਂ ਦਿੱਤੀਆਂ ਜਾ ਰਹੀਆਂ ਹਨ, ਪ੍ਰਬੰਧਕਾਂ ਦੇ ਅਨੁਸਾਰ ਇਸ ਕਬੱਡੀ ਕੱਪ ਦੇ ਦੌਰਾਨ ਪ੍ਰਸਿੱਧ ਲੋਕ ਗਾਇਕ- ਲਾਭ ਹੀਰਾ ਦਾ ਖੁੱਲ੍ਹਾ ਅਖਾੜਾ ਵਿਸ਼ੇਸ਼ ਆਕਰਸ਼ਣ ਦਾ ਕੇਂਦਰ ਰਹੇਗਾ।

ਨਸ਼ਿਆਂ ਤੋਂ ਦੂਰ ਰਹਿਣ ਲਈ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦਾ ਉਪਰਾਲਾ



ਪਟਿਆਲਾ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਦੇ ਮਕਸਦ ਨਾਲ ਪਿੰਡ ਕਲਿਆਣ ਵਿਖੇ ਮੁੱਖ ਮੰਤਰੀ ਖੇਡ ਗਰਾਊਂਡ ਵਿੱਚ ਵਾਲੀਬਾਲ ਦੇ ਮੈਚ ਕਰਵਾਏ ਗਏ। ਇਸ ਉਪਰਾਲੇ ਦਾ ਉਦੇਸ਼ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਨਸ਼ਿਆਂ ਤੋਂ ਦੂਰ ਰੱਖਣਾ ਅਤੇ ਉਨ੍ਹਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫ਼ਸਰ ਨਵਜੋਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਨੌਜਵਾਨਾਂ ਦੀ ਊਰਜਾ ਨੂੰ ਸਹੀ ਦਿਸ਼ਾ ਦੇਣ ਲਈ ਖੇਡ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਪਿੰਡ ਕਲਿਆਣ ਦੇ ਖੇਡ ਗਰਾਊਂਡ ਵਿਖੇ ਖਿਡਾਰੀਆਂ ਨੂੰ ਸਿਖਲਾਈ ਦੇਣ ਲਈ ਇੱਕ ਕੋਚ ਵੀ ਮੁਹੱਈਆ ਕਰਵਾਇਆ ਗਿਆ ਹੈ।

ਉਨ੍ਹਾਂ ਕਿਹਾ ਕਿ ਕੋਚ ਦੀ ਮਦਦ ਨਾਲ ਖਿਡਾਰੀ ਖੇਡਾਂ ਦੀਆਂ ਬਾਰੀਕੀਆਂ ਸਿੱਖ ਸਕਣਗੇ ਅਤੇ ਆਪਣੀ ਖੇਡ ਪ੍ਰਤਿਭਾ ਨੂੰ ਨਿਖਾਰ ਸਕਣਗੇ। ਅਜਿਹੇ ਉਪਰਾਲਿਆਂ ਨਾਲ ਨੌਜਵਾਨਾਂ ਦਾ ਧਿਆਨ ਨਸ਼ਿਆਂ ਤੋਂ ਹਟਾ ਕੇ ਖੇਡਾਂ ਵੱਲ ਕੇਂਦਰਿਤ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਬਿਹਤਰ ਭਵਿੱਖ ਬਣਾਉਣ ਲਈ ਵੀ ਪ੍ਰੇਰਿਤ ਕੀਤਾ ਜਾ ਸਕੇਗਾ।

ਇਸ ਮੌਕੇ ਖਿਡਾਰੀਆਂ ਨੇ ਵਾਲੀਬਾਲ ਦੇ ਮੈਚਾਂ ਵਿੱਚ ਉਤਸ਼ਾਹ ਨਾਲ ਭਾਗ ਲਿਆ। ਇਸ ਪਹਿਲਕਦਮੀ ਨਾਲ ਪਿੰਡ ਦੇ ਨੌਜਵਾਨਾਂ ਨੂੰ ਖੇਡਾਂ ਲਈ ਇੱਕ ਵਧੀਆ ਮੰਚ ਮਿਲੇਗਾ ਅਤੇ ਉਹ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰ ਸਕਣਗੇ।

ਖੇਡਾਂ ਰਾਹੀਂ ਨੌਜਵਾਨਾਂ ਵਿੱਚ ਅਨੁਸ਼ਾਸਨ, ਟੀਮ ਭਾਵਨਾ ਅਤੇ ਸਿਹਤ ਪ੍ਰਤੀ ਜਾਗਰੂਕਤਾ ਵੀ ਵਧੇਗੀ।

ਪਦਉੱਨਤ ਹੋਏ ਡੀ. ਐਸ. ਪੀ. ਗੁਰਪ੍ਰੀਤ ਸਿੰਘ ਭਿੰਡਰ ਨੂੰ ਆਈ. ਜੀ. ਚਾਹਲ ਨੇ ਲਗਾਈ ਫੀਤੀ

ਪਟਿਆਲਾ, 12 ਨਵੰਬਰ
ਰਣਜੀਤ ਸਿੰਘ
-ਸ਼ਹੀਦ-ਏ-ਆਜ਼ਮ-ਬਿਊਰੋ-



ਪੰਜਾਬ ਪੁਲਸ ਵਿਚ ਪਿਛਲੇ ਲੰਮੇਂ ਸਮੇਂ ਤੋਂ ਬਤੌਰ ਇੰਸਪੈਕਟਰ ਜਿਮੇਵਾਰੀ ਨਾਲ ਸੇਵਾਵਾਂ ਦੇਣ ਵਾਲੇ ਗੁਰਪ੍ਰੀਤ ਸਿੰਘ ਭਿੰਡਰ ਨੂੰ ਡੀ. ਐਸ. ਪੀ. ਵਜੋਂ ਪਦਉੱਨਤ ਕੀਤਾ ਗਿਆ ਹੈ। ਜਿਸ ਨੂੰ ਆਈ. ਜੀ. ਕੁਲਦੀਪ ਚਾਹਲ ਨੇ ਫੀਤੀ ਲਗਾ ਕੇ ਆਪਣੀ ਡਿਊਟੀ ਨੂੰ ਪਹਿਲਾਂ ਵਾਂਗ ਜਿਮੇਵਾਰੀ ਨਾਲ ਨਿਭਾਉਣ ਦੀ ਹਦਾਇਤ ਕੀਤੀ। ਜ਼ਿਕਰਯੋਗ ਹੈ ਕਿ ਗੁਰਪ੍ਰੀਤ ਸਿੰਘ ਭਿੰਡਰ ਪੰਜਾਬ ਦੇ ਵੱਖ-ਵੱਖ ਜਿਲ੍ਹਿਆਂ ਦੇ ਥਾਣਿਆਂ ਵਿਚ ਆਪਣੀ ਡਿਊਟੀ ਨੂੰ ਪਾਰਦਰਸ਼ੀ ਤਰੀਕੇ ਨਾਲ ਨਿਭਾ ਚੁੱਕੇ ਹਨ। ਜਿਨ੍ਹਾਂ ਨੇ ਲੋਕਾਂ ਦੇ ਬਹੁਤੇ ਮਸਲਿਆਂ ਨੂੰ ਥਾਣਿਆਂ ਵਿਚ ਹੀ ਪੰਚਾਇਤੀ ਰਾਜ਼ੀਨਾਮੇ ਕਰਵਾ ਕੇ ਨਬੇੜਿਆ ਹੈ। ਜਿਸ ਨਾਲ ਲੋਕਾਂ ਨੂੰ ਨੇੜੇ ਥਾਂ ਹੀ ਇਨਸਾਫ ਮਿਲਣ ਕਾਰਨ ਖੁਸ਼ੀ ਮਹਿਸੂਸ ਹੁੰਦੀ ਸੀ। ਉਥੇ ਹੀ ਦੱਸਣਯੋਗ ਹੈ ਕਿ ਗੁਰਪ੍ਰੀਤ ਸਿੰਘ ਭਿੰਡਰ ਚੰਗੇ ਸਾਈਕਲਿਸਟ ਖਿਡਾਰੀ ਵੀ ਹਨ ਤਾਂ ਹੀ ਉਹ ਖੇਡ ਗਤੀਵਿਧੀਆਂ ਵਿਚ ਉਤਸ਼ਾਹ ਨਾਲ ਸ਼ਾਮਲ ਹੁੰਦੇ ਹਨ। ਉਨ੍ਹਾਂ ਦੇ ਡੀ. ਐਸ. ਪੀ. ਪਦਉੱਨਤ ਹੋਣ ਨਾਲ ਉਨ੍ਹਾਂ ਦੇ ਚਾਹੁਣ ਵਾਲਿਆਂ ਵਿਚ ਖੁਸ਼ੀ ਦਾ ਮਾਹੌਲ ਹਨ, ਜਿਨ੍ਹਾਂ ਵਿਚ ਵਾਤਾਵਰਣ ਪ੍ਰੇਮੀ ਹਰਦੀਪ ਸਿੰਘ ਖਹਿਰਾ, ਠੇਕੇਦਾਰ ਬਲਦੇਵ ਸਿੰਘ, ਕਰਮਜੀਤ ਸਿੰਘ ਕਰਮਾ ਰੱਖੜਾ, ਮਿਸ਼ਨ ਲਾਲੀ ਤੇ ਹਰਿਆਲੀ ਦੇ ਮੋਢੀ ਹਰਦੀਪ ਸਿੰਘ ਸਨੌਰ, ਰਣਜੀਤ ਸਿੰਘ ਰੱਖੜਾ, ਹੌਲਦਾਰ ਕੁਲਦੀਪ ਸਿੰਘ ਤੇ ਜਸਬੀਰ ਸਿੰਘ ਰੁਪਾਣਾ ਦੇਵੀਨਗਰ ਵੀ ਸ਼ਾਮਲ ਹਨ।

'ਮੇਰਾ ਘਰ ਮੇਰੇ ਨਾਮ' ਯੋਜਨਾ ਤਹਿਤ ਅਮਨ ਅਰੋੜਾ ਨੇ ਸੁਨਾਮ ਹਲਕੇ ਦੇ ਅੱਠ ਪਿੰਡਾਂ ਦੇ 2,256 ਪਰਿਵਾਰਾਂ ਨੂੰ ਮਾਲਕੀ ਦਸਤਾਵੇਜ਼ ਸੌਂਪੇ



ਸੁਨਾਮ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਅੱਜ 'ਮੇਰਾ ਘਰ ਮੇਰੇ ਨਾਮ' ਯੋਜਨਾ ਤਹਿਤ ਸੁਨਾਮ ਵਿਧਾਨ ਸਭਾ ਹਲਕੇ ਦੇ ਅੱਠ ਪਿੰਡਾਂ ਵਿੱਚ ਕਰਵਾਏ ਵੰਡ ਸਮਾਗਮਾਂ ਦੌਰਾਨ 2,256 ਪਰਿਵਾਰਾਂ ਨੂੰ ਉਨ੍ਹਾਂ ਦੇ ਘਰਾਂ ਦੀ ਮਾਲਕੀ ਦੇ ਦਸਤਾਵੇਜ਼ ਸੌਂਪੇ। ਪਿੰਡ ਤੋਗਾਵਾਲ ਵਿਖੇ ਉਨ੍ਹਾਂ ਨੇ ਮਾਲਕੀ ਦਸਤਾਵੇਜ਼ਾਂ ਦੀ ਵੰਡ ਦੇ ਨਾਲ ਪਿੰਡ ਦੇ ਖੇਡ ਮੈਦਾਨ ਦਾ ਉਦਘਾਟਨ ਵੀ ਕੀਤਾ।

ਲਾਭਪਾਤਰੀ ਪਰਿਵਾਰਾਂ ਨੂੰ ਸੰਬੋਧਨ ਕਰਦਿਆਂ ਅਮਨ ਅਰੋੜਾ ਨੇ ਕਿਹਾ ਕਿ 'ਮੇਰਾ ਘਰ ਮੇਰੇ ਨਾਮ' ਯੋਜਨਾ ਦਾ ਉਦੇਸ਼ ਪਿੰਡਾਂ ਦੀ ਲਾਲ ਲਕੀਰ ਅੰਦਰ ਪੀੜ੍ਹੀਆਂ ਤੋਂ ਵੱਸਦੇ ਯੋਗ ਪਰਿਵਾਰਾਂ ਨੂੰ ਆਪਣੇ ਘਰਾਂ ਦੀ ਮਾਲਕੀ ਦਾ ਦਸਤਾਵੇਜ਼ੀ ਸਬੂਤ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਦਸਤਾਵੇਜ਼ਾਂ ਨਾਲ ਪਰਿਵਾਰਾਂ ਕੋਲ ਆਪਣੇ ਘਰ ਦੀ ਮਾਲਕੀ ਦਰਸਾਉਣ ਲਈ ਸਰਕਾਰੀ ਰਿਕਾਰਡ ਹੋਵੇਗਾ। ਪਿੰਡ ਪੱਧਰ 'ਤੇ ਵੰਡ ਸਮਾਗਮ ਕਰਵਾਉਣ ਨਾਲ ਲਾਭਪਾਤਰੀਆਂ ਨੂੰ ਆਪਣੇ ਪਿੰਡ ਵਿੱਚ ਹੀ ਦਸਤਾਵੇਜ਼ ਪ੍ਰਾਪਤ ਕਰਨ ਦੀ ਸਹੂਲਤ ਮਿਲੀ।

ਵੰਡ ਸਮਾਗਮਾਂ ਦੌਰਾਨ ਘਾਸੀਵਾਲ ਦੇ 140, ਚੌਵਾਸ ਦੇ 370, ਤੋਲਾਵਾਲ ਦੇ 380 ਅਤੇ ਬੀਰ ਕਲਾਂ ਦੇ 240 ਪਰਿਵਾਰਾਂ ਨੂੰ ਮਾਲਕੀ ਦਸਤਾਵੇਜ਼ ਸੌਂਪੇ ਗਏ। ਇਸੇ ਤਰ੍ਹਾਂ ਝਾੜੋਂ ਦੇ 300, ਸਾਹੋਕੇ ਦੇ 315, ਮੰਡੇਰ ਖੁਰਦ ਦੇ 229 ਅਤੇ ਤੋਗਾਵਾਲ ਦੇ 282 ਪਰਿਵਾਰਾਂ ਨੂੰ ਦਸਤਾਵੇਜ਼ ਦਿੱਤੇ ਗਏ। ਮੰਡੇਰ ਖੁਰਦ ਦਾ ਵੰਡ ਸਮਾਗਮ ਪਿੰਡ ਦੇ ਗੁਰੂ ਘਰ ਵਿਖੇ ਕਰਵਾਇਆ ਗਿਆ।

ਤੋਗਾਵਾਲ ਵਿਖੇ ਖੇਡ ਮੈਦਾਨ ਦਾ ਉਦਘਾਟਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਮੈਦਾਨ ਨਾਲ ਪਿੰਡ ਦੇ ਬੱਚਿਆਂ ਅਤੇ ਨੌਜਵਾਨਾਂ ਨੂੰ ਆਪਣੇ ਪਿੰਡ ਵਿੱਚ ਹੀ ਖੇਡਣ ਅਤੇ ਨਿਯਮਤ ਅਭਿਆਸ ਕਰਨ ਦੀ ਸਹੂਲਤ ਮਿਲੇਗੀ। ਉਨ੍ਹਾਂ ਕਿਹਾ ਕਿ ਨੌਜਵਾਨ ਇੱਥੇ ਟੀਮਾਂ ਬਣਾ ਕੇ ਅਭਿਆਸ ਕਰ ਸਕਣਗੇ ਅਤੇ ਗ੍ਰਾਮ ਪੰਚਾਇਤ ਤੇ ਸਥਾਨਕ ਖੇਡ ਪ੍ਰੇਮੀ ਪਿੰਡ ਪੱਧਰੀ ਮੁਕਾਬਲੇ ਕਰਵਾ ਸਕਣਗੇ। ਉਨ੍ਹਾਂ ਨੌਜਵਾਨਾਂ ਨੂੰ ਮੈਦਾਨ ਦੀ ਨਿਯਮਤ ਵਰਤੋਂ ਕਰਨ ਅਤੇ ਪਿੰਡ ਵਾਸੀਆਂ ਨੂੰ ਇਸ ਦੀ ਸਾਂਭ-ਸੰਭਾਲ ਵਿੱਚ ਸਹਿਯੋਗ ਦੇਣ ਦਾ ਸੱਦਾ ਦਿੱਤਾ।

ਸਮਾਗਮਾਂ ਵਿੱਚ ਘਾਸੀਵਾਲ ਤੋਂ ਸੁਖਪਾਲ ਸਿੰਘ, ਚੌਵਾਸ ਤੋਂ ਗੁਰਚਰਨ ਸਿੰਘ, ਤੋਲਾਵਾਲ ਦੇ ਸਰਪੰਚ ਦੀਪਾ, ਬੀਰ ਕਲਾਂ ਦੇ ਸਰਪੰਚ ਨਿੱਕਾ, ਝਾੜੋਂ ਦੇ ਸਰਪੰਚ ਰਜਿੰਦਰ, ਸਾਹੋਕੇ ਦੇ ਸਰਪੰਚ ਸੁੱਖ, ਮੰਡੇਰ ਖੁਰਦ ਦੇ ਸਰਪੰਚ ਬਿੱਟੂ ਅਤੇ ਤੋਗਾਵਾਲ ਦੇ ਸਰਪੰਚ ਸੁਰਜੀਤ ਦੇ ਨਾਂ ਸ਼ਾਮਲ ਸਨ।

ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਨੂੰ ਸਮਰਪਿਤ ਹੋਵੇਗੀ ਵਿਸ਼ੇਸ਼ ਬਾਈਕ ਰਾਈਡ 15 ਨੂੰ: ਕਾਲਕਾ, ਕਾਹਲੋਂ

ਨਵੀਂ ਦਿੱਲੀ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਨੌਵੀਂ ਪਾਤਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਰਾਇਲ ਰਾਈਡਰਜ਼ ਗਰੁੱਪ ਵੱਲੋਂ 15 ਨਵੰਬਰ ਨੂੰ ਸਵੇਰੇ 7:00 ਵਜੇ ਵਿਸ਼ੇਸ਼ ਬਾਈਕ ਰਾਈਡ ਕਰਵਾਈ ਜਾ ਰਹੀ ਹੈ । ਇਹ ਬਾਈਕ ਰਾਈਡ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਐਲ-ਬਲਾਕ, ਕਲਕਾਜੀ ਤੋਂ ਆਰੰਭ ਹੋ ਕੇ ਗੁਰਦੁਆਰਾ ਰਕਾਬ ਗੰਜ ਸਾਹਿਬ ਵਿਖੇ ਸਮਾਪਤ ਹੋਵੇਗੀ।

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਬਾਈਕ ਰਾਈਡ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਲਾਸਾਨੀ ਸ਼ਹਾਦਤ, ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਦਿੱਤੀ ਗਈ ਮਹਾਨ ਕੁਰਬਾਨੀ ਅਤੇ



ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਅਮਰ ਵਿਚਾਰਧਾਰਾ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਨ ਦਾ ਇੱਕ ਵਿਲੱਖਣ ਉਪਰਾਲਾ ਹੈ।


ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦੋਵੇਂ ਆਗੂਆਂ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਸਮੁੱਚੀ ਮਨੁੱਖਤਾ ਲਈ ਧਾਰਮਿਕ ਆਜ਼ਾਦੀ, ਮਨੁੱਖੀ ਮਰਿਆਦਾ ਅਤੇ ਆਪਣੇ ਵਿਸ਼ਵਾਸਾਂ ਦੀ ਰਾਖੀ ਲਈ ਅਡੋਲ ਖੜ੍ਹੇ ਰਹਿਣ ਦੀ ਮਹਾਨ ਪ੍ਰੇਰਨਾ ਹੈ।

ਉਨਾਂ ਕਿਹਾ ਕਿ ਗੁਰੂ ਸਾਹਿਬ ਜੀ ਨੇ ਦੂਜਿਆਂ ਦੇ ਧਾਰਮਿਕ ਅਧਿਕਾਰਾਂ ਦੀ ਰੱਖਿਆ ਕਰਕੇ ਇਤਿਹਾਸ ਵਿੱਚ ਅਜਿਹੀ ਮਿਸਾਲ ਕਾਇਮ ਕੀਤੀ, ਜਿਸ ਦੀ ਮਹਾਨਤਾ ਸਦਾ ਸਮੁੱਚੇ ਵਿਸ਼ਵ ਨੂੰ ਰਾਹ ਦਿਖਾਉਂਦੀ ਰਹੇਗੀ।

ਸਰਦਾਰ ਕਾਲਕਾ ਅਤੇ ਸਰਦਾਰ ਕਾਹਲੋਂ ਨੇ ਸੰਗਤਾਂ ਅਤੇ ਮੋਟਰਸਾਈਕਲ ਪ੍ਰੇਮੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਵਿਸ਼ੇਸ਼ ਧਾਰਮਿਕ ਅਤੇ ਸ਼ਰਧਾਮਈ ਉਪਰਾਲੇ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨ ਅਤੇ ਗੁਰੂ ਸਾਹਿਬ ਜੀ ਦੀ ਮਹਾਨ ਸ਼ਹਾਦਤ ਨੂੰ ਆਪਣੀ ਸ਼ਰਧਾ ਤੇ ਸਤਿਕਾਰ ਭੇਟ ਕਰਨ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਨੌਜਵਾਨ ਪੀੜ੍ਹੀ ਨੂੰ ਸਿੱਖ ਇਤਿਹਾਸ, ਕੁਰਬਾਨੀਆਂ ਅਤੇ ਗੁਰੂ ਸਾਹਿਬਾਨ ਦੀ ਸਰਬਸਾਂਝੀ ਵਿਚਾਰਧਾਰਾ ਨਾਲ ਜੋੜਨ ਵਿੱਚ ਵੀ ਵਡਮੁੱਲਾ ਯੋਗਦਾਨ ਪਾਉਂਦੇ ਹਨ ।

ਇਹ ਬਾਈਕ ਰਾਈਡ ਗੁਰੂ ਸਾਹਿਬ ਜੀ ਦੀ ਸ਼ਹਾਦਤ ਨੂੰ ਨਤਮਸਤਕ ਹੋਣ ਦੇ ਨਾਲ-ਨਾਲ ਉਨ੍ਹਾਂ ਦੇ ਸਰਬੱਤ ਦੇ ਭਲੇ, ਧਾਰਮਿਕ ਸਹਿਣਸ਼ੀਲਤਾ ਅਤੇ ਮਨੁੱਖਤਾ ਦੀ ਭਲਾਈ ਦੇ ਸੰਦੇਸ਼ ਨੂੰ ਅੱਗੇ ਪਹੁੰਚਾਉਣ ਦਾ ਇੱਕ ਸਾਰਥਕ ਯਤਨ ਹੋਵੇਗੀ।

ਸ੍ਰਿਸ਼ਟੀ ਦੇ ਮਹਾਨ ਰਚਨਹਾਰ ਸਿਲਪਕਾਰ ਸਨ ਭਗਵਾਨ ਵਿਸ਼ਵਕਰਮਾ : ਖੱਟੜਾ



ਪਟਿਆਲਾ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-


ਭਗਵਾਨ ਵਿਸ਼ਵਕਰਮਾ ਜੀ ਦੇ ਦਿਵਸ ਨੂੰ ਸਮਰਪਿਤ ਪਟਿਆਲਾ ਦਿਹਾਤੀ ਹਲਕੇ ਦੇ ਪਿੰਡ ਜਸੋਵਾਲ, ਮੰਡੌੜ ਆਦਿ ਹੋਰ ਹੋਰ ਕਈ ਪਿੰਡਾਂ ਵਿੱਚ ਇਸ ਦਿਵਸ ਨੂੰ ਲੈ ਕੇ ਧਾਰਮਿਕ ਸਮਾਗਮ ਕਰਵਾਏ ਗਏ ਜਿੱਥੇ ਪਟਿਆਲਾ ਦਿਹਾਤੀ ਹਲਕੇ ਤੋਂ ਭਾਜਪਾ ਦੇ ਸੀਨੀਅਰ ਆਗੂ ਐਡਵੋਕੇਟ ਸਤਬੀਰ ਸਿੰਘ ਖੱਟੜਾ ਨਤਮਸਤਕ ਹੋਏ ਜਿਨਾਂ ਨੇ ਵੱਖ ਵੱਖ ਸਮਾਗਮ ਵਿੱਚ ਸੰਬੋਧਨ ਕਰਦੇ ਹੋਏ ਇਸ ਦਿਵਸ ਦੀਆਂ ਸਮੁੱਚੇ ਭਾਈਚਾਰੇ ਨੂੰ ਮੁਬਾਰਕਾ ਦਿੱਤੀਆਂ ਉਥੇ ਹੀ ਖੱਟੜਾ ਨੂੰ ਵੱਖ ਵੱਖ ਪਿੰਡਾਂ ਵਿੱਚ ਸਰੋਪੇ ਅਤੇ ਧਾਰਮਿਕ ਤਸਵੀਰਾਂ ਦੇ ਕੇ ਸਨਮਾਨਿਤ ਵੀ ਕੀਤਾ ਗਿਆ।

ਇਸ ਸਮੇਂ ਖੱਟੜਾ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਭਗਵਾਨ ਵਿਸ਼ਵਕਰਮਾ ਜੀ ਸ੍ਰਿਸ਼ਟੀ ਦੇ ਮਹਾਨ ਰਚਨਹਾਰ ਸਿਲਪਕਾਰ ਕਾਰ ਵਜੋਂ ਜਾਣੇ ਜਾਂਦੇ ਹਨ ਜਿਨਾਂ ਨੇ ਸਮੁੱਚੀ ਮਨੁੱਖਤਾ ਨੂੰ ਹੱਥੀ ਕਿਰਤ ਕਰਕੇ ਖਾਣ ਦਾ ਸੁਨੇਹਾ ਦਿੱਤਾ ਉਹਨਾਂ ਕਿਹਾ ਕਿ ਬਾਬਾ ਵਿਸ਼ਵਕਰਮਾ ਜੀ ਦੇ ਦਰਸਾਏ ਮਾਰਗ ਤੇ ਅੱਜ ਦੀ ਨੌਜਵਾਨ ਪੀੜੀ ਨੂੰ ਚੱਲਣ ਦੀ ਲੋੜ ਹੈ ਕਿਉਂਕਿ ਜੋ ਵਿਅਕਤੀ ਪੜ੍ਹਾਈ ਦੇ ਨਾਲ ਨਾਲ ਹੱਥੀ ਕਾਰਾਗਰੀ ਕਾਮੇ ਹੁੰਦੇ ਹਨ ਉਹਨਾਂ ਨੂੰ ਸਰਕਾਰੀ ਨੌਕਰੀਆਂ ਵੱਲ ਵੀ ਨਹੀਂ ਦੇਖਣਾ ਪੈਂਦਾ ਉਹ ਆਪਣਾ ਹੱਥੀ ਕੀਤੇ ਨਾਲ ਕੰਮ ਕਰਕੇ ਆਪਣੇ ਪਰਿਵਾਰ ਦਾ ਗੁਜ਼ਾਰਾ ਬੜੇ ਹੀ ਆਸਾਨ ਤਰੀਕੇ ਨਾਲ ਕਰਵਾ ਸਕਦੇ ਹਨ ਖੱਟੜਾ ਨੇ ਕਿਹਾ ਕੀ ਜੋ ਵਿਅਕਤੀ ਭਗਵਾਨ ਸ੍ਰੀ ਵਿਸ਼ਵਕਰਮਾ ਜੀ ਦੇ ਮਾਰਗ ਤੇ ਚਲਦੇ ਹਨ ਉਹ ਵਿਅਕਤੀ ਜ਼ਿੰਦਗੀ ਵਿੱਚ ਹਮੇਸ਼ਾ ਕਾਮਯਾਬੀ ਹੀ ਹਾਸਿਲ ਕਰਦੇ ਹਨ ਕਿਉਂਕਿ ਅੱਜ ਦੁਨੀਆਂ ਵਿੱਚ ਜਿਹੜੇ ਵੱਡੇ ਉਦਯੋਗ ਲੱਗੇ ਹੋਏ ਹਨ।

ਡਾ. ਬੀ. ਐੱਸ. ਸੰਧੂ ਸਕੂਲ ਦੇ ਵਿਦਿਆਰਥੀਆਂ ਨੇ ਪ੍ਰਾਇਮਰੀ ਸਕੂਲ ਖੇਡਾਂ ਦੇ ਜ਼ਿਲ੍ਹਾ ਪੱਧਰੀ ਕਰਾਟੇ ਮੁਕਾਬਲਿਆਂ ਵਿੱਚ ਜਿੱਤੇ 5 ਤਗਮੇ

ਦੇਵੀਗੜ੍ਹ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪਟਿਆਲਾ ਵਿਖੇ ਆਯੋਜਿਤ ਹੋਈਆਂ ਪ੍ਰਾਇਮਰੀ ਸਕੂਲ ਖੇਡਾਂ (ਸੈਸ਼ਨ 2026-27) ਦੇ ਜ਼ਿਲ੍ਹਾ ਪੱਧਰੀ ਕਰਾਟੇ ਮੁਕਾਬਲਿਆਂ ਵਿੱਚ ਡਾ. ਬੀ. ਐੱਸ. ਸੰਧੂ ਮੈਮੋਰੀਅਲ ਪਬਲਿਕ ਸਕੂਲ, ਘੜਾਮ ਰੋਡ, ਜੁਲਾਹ ਖੇੜੀ ਦੇ ਛੋਟੇ-ਛੋਟੇ ਹੋਣਹਾਰ ਖਿਡਾਰੀਆਂ ਨੇ ਬਿਹਤਰੀਨ ਪ੍ਰਦਰਸ਼ਨ ਕਰਦਿਆਂ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।



ਇਨ੍ਹਾਂ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਆਪਣੀ ਸ਼ਾਨਦਾਰ ਖੇਡ ਦੀ ਬਦੌਲਤ ਕੁੱਲ 5 ਤਗਮੇ ਆਪਣੇ ਨਾਮ ਕੀਤੇ ਹਨ ਗੁਰਸਿਦਕ ਕੌਰ ਨੇ ਸੋਨੇ ਦਾ ਤਗਮਾ, ਨਿਮਰਤ ਕੌਰ ਨੇ ਚਾਂਦੀ ਦਾ ਤਗਮਾ, ਗੁਰਸਾਂਝ ਸਿੰਘ ਨੇ ਚਾਂਦੀ ਦਾ ਤਗਮਾ, ਸ਼ੁਭਰੀਤ ਸਿੰਘ ਨੇ ਚਾਂਦੀ ਦਾ ਤਗਮਾ ਅਤੇ ਗੁਰਕੀਰਤ ਸਿੰਘ ਨੇ ਵੀ ਚਾਂਦੀ ਦਾ ਤਗਮਾ।

ਖਿਡਾਰੀਆਂ ਦੀ ਇਸ ਬੇਮਿਸਾਲ ਪ੍ਰਾਪਤੀ 'ਤੇ ਸਕੂਲ ਦੇ ਚੇਅਰਮੈਨ ਸ. ਹਰਦੀਪ ਸਿੰਘ ਸੰਧੂ, ਮੈਨੇਜਿੰਗ ਡਾਇਰੈਕਟਰ ਸ੍ਰੀਮਤੀ ਰਾਜਿੰਦਰ ਕੌਰ ਸੰਧੂ ਅਤੇ ਪ੍ਰਿੰਸੀਪਲ ਸ੍ਰੀਮਤੀ ਤਰਨਦੀਪ ਕੌਰ ਅਰੋੜਾ ਨੇ ਸਾਂਝੇ ਤੌਰ 'ਤੇ ਸੰਦੇਸ਼ ਜਾਰੀ ਕਰਦਿਆਂ ਕਿਹਾ, ਸਾਨੂੰ ਆਪਣੇ ਪ੍ਰਾਇਮਰੀ ਵਿੰਗ ਦੇ ਇਨ੍ਹਾਂ ਹੋਣਹਾਰ ਖਿਡਾਰੀਆਂ ਅਤੇ ਖਿਡਾਰਨਾਂ 'ਤੇ ਬਹੁਤ ਮਾਣ ਹੈ।

ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਉਦਯੋਗ ਦੀਆਂ ਲੋੜਾਂ ਮੁਤਾਬਕ ਹੁਨਰਮੰਦ ਬਣਾਉਣ ਅਤੇ ਰੋਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪ੍ਰਦਾਨ ਕਰਨ ਲਈ ਦੋ ਅਹਿਮ ਸਮਝੌਤੇ ਸਹੀਬੱਧ

ਭਾਰੀ ਮੰਗ ਵਾਲੇ ਫੁੱਟਵੀਅਰ ਅਤੇ ਆਟੋਮੋਟਿਵ ਖੇਤਰਾਂ ਵਿੱਚ ਵਿਸ਼ਵ ਪੱਧਰੀ ਅਤੇ ਉਦਯੋਗ ਆਧਾਰਤ ਸਿਖਲਾਈ ਪ੍ਰਦਾਨ ਕਰਨ ਲਈ ਐਫ.ਡੀ.ਡੀ.ਆਈ, ਐਨ.ਆਈ.ਆਈ.ਐਫ.ਟੀ ਅਤੇ ਐਸ.ਆਈ.ਏ.ਡੀ.ਐਸ. ਨਾਲ ਕੀਤੀ ਭਾਈਵਾਲੀ: ਅਮਨ ਅਰੋੜਾ

ਚੰਡੀਗੜ੍ਹ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਨੌਜਵਾਨਾਂ ਨੂੰ ਉਦਯੋਗਾਂ ਦੀਆਂ ਜ਼ਰੂਰਤਾਂ ਮੁਤਾਬਕ ਹੁਨਰਮੰਦ ਬਣਾਉਣ ਅਤੇ ਰੋਜ਼ਗਾਰ ਲਈ ਤਿਆਰ ਕਰਨ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ ਪੰਜਾਬ ਹੁਨਰ ਵਿਕਾਸ ਮਿਸ਼ਨ (ਪੀਐਸਡੀਐਮ) ਨੇ ਦੋ ਮਹੱਤਵਪੂਰਨ ਸਮਝੌਤੇ ਸਹੀਬੱਧ ਕੀਤੇ ਹਨ। ਪਹਿਲਾ ਸਮਝੌਤਾ ਭਾਰੀ ਮੰਗ ਵਾਲੇ ਆਟੋਮੋਟਿਵ ਅਤੇ ਡਰਾਈਵਿੰਗ ਟਰੇਡਾਂ ਲਈ ਸਟੇਟ ਇੰਸਟੀਚਿਊਟ ਆਫ਼ ਆਟੋਮੋਟਿਵ ਐਂਡ ਡਰਾਈਵਿੰਗ ਸਕਿੱਲਜ਼ (ਐਸ.ਆਈ.ਏ.ਡੀ.ਐਸ), ਮਾਹੂਆਣਾ ਨਾਲ ਸਹੀਬੱਧ ਕੀਤਾ ਗਿਆ ਹੈ ਅਤੇ ਦੂਜਾ ਸਮਝੌਤਾ ਵਿਸ਼ੇਸ਼ ਫੁੱਟਵੀਅਰ ਅਤੇ ਫੈਸ਼ਨ ਨਿਰਮਾਣ ਭੂਮਿਕਾਵਾਂ ਲਈ ਨਾਰਦਰਨ ਇੰਡੀਆ ਇੰਸਟੀਚਿਊਟ ਆਫ਼ ਫੈਸ਼ਨ ਟੈਕਨਾਲੋਜੀ (ਐਨ.ਆਈ.ਆਈ.ਐਫ.ਟੀ), ਉਦਯੋਗ ਅਤੇ ਵਣਜ ਵਿਭਾਗ (ਪੰਜਾਬ ਸਰਕਾਰ) ਅਤੇ ਫੁੱਟਵੀਅਰ ਡਿਜ਼ਾਈਨ ਐਂਡ ਡਿਵੈਲਪਮੈਂਟ ਇੰਸਟੀਚਿਊਟ (ਐਫ.ਡੀ.ਡੀ.ਆਈ) ਨਾਲ ਸਹੀਬੱਧ ਕੀਤਾ ਗਿਆ ਹੈ।



ਇਨ੍ਹਾਂ ਸਮਝੌਤਿਆਂ ਦੀ ਰਣਨੀਤਕ ਮਹੱਤਤਾ ਲਈ ਪੀਐਸਡੀਐਮ ਟੀਮ ਨੂੰ ਵਧਾਈ ਦਿੰਦਿਆਂ, ਪੰਜਾਬ ਦੇ ਰੁਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ, ਇਹ ਭਾਈਵਾਲੀ ਪੰਜਾਬ ਦੇ ਹੁਨਰ ਵਿਕਾਸ ਦੇ ਦ੍ਰਿਸ਼ਟੀਕੋਣ ਵਿੱਚ ਇੱਕ ਨਵਾਂ ਅਧਿਆਇ ਲਿਖੇਗੀ। ਆਪਣੇ ਸਿਖਲਾਈ ਪ੍ਰੋਗਰਾਮਾਂ ਨੂੰ ਆਟੋਮੋਟਿਵ ਅਤੇ ਫੁੱਟਵੀਅਰ ਵਰਗੇ ਉੱਚ-ਵਿਕਾਸ ਵਾਲੇ ਖੇਤਰਾਂ ਦੀਆਂ ਖਾਸ ਜ਼ਰੂਰਤਾਂ ਨਾਲ ਜੋੜ ਕੇ, ਅਸੀਂ ਨੌਕਰੀ ਲੱਭਣ ਵਾਲੇ ਨੌਜਵਾਨਾਂ ਨੂੰ ਸਿਖਲਾਈ ਦੇ ਕੇ ਭਵਿੱਖੀ ਹੁਨਰਾਂ ਨਾਲ ਲੈਸ ਕਰ ਰਹੇ ਹਾਂ। ਐਫਡੀਡੀਆਈ ਅਤੇ ਐਨਆਈਆਈਐਫਟੀ ਵਰਗੇ ਪ੍ਰਮੁੱਖ ਰਾਸ਼ਟਰੀ ਸੰਸਥਾਨਾਂ ਦੀ ਸਾਡੇ ਨਾਲ ਭਾਈਵਾਲੀ ਇਹ ਯਕੀਨੀ ਬਣਾਉਂਦੀ ਹੈ ਕਿ ਸਾਡੇ ਨੌਜਵਾਨਾਂ ਨੂੰ ਵਿਸ਼ਵ ਪੱਧਰੀ ਸਿਖਲਾਈ ਮਿਲੇ, ਜੋ ਸਿੱਧੇ ਤੌਰ 'ਤੇ ਬਿਹਤਰ ਕਰੀਅਰ ਸੰਭਾਵਨਾਵਾਂ ਵਿੱਚ ਮਦਦ ਕਰਦੀ ਹੈ ਅਤੇ ਪੰਜਾਬ ਦੇ ਉਦਯੋਗਿਕ ਵਿਕਾਸ ਵਿੱਚ ਅਹਿਮ ਯੋਗਦਾਨ ਪਾਉਂਦੀ ਹੈ।

ਇਸ ਭਾਈਵਾਲੀ ਦੇ ਮੁੱਖ ਉਦੇਸ਼ਾਂ ਨੂੰ ਉਜਾਗਰ ਕਰਦਿਆਂ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਇਸ ਭਾਈਵਾਲੀ ਤਹਿਤ ਫੁੱਟਵੀਅਰ ਸੈਕਟਰ ਵਿੱਚ ਰਾਸ਼ਟਰੀ ਮਹੱਤਤਾ ਦੀ ਇੱਕ ਪ੍ਰਮੁੱਖ ਸੰਸਥਾ ਵਜੋਂ ਐਫਡੀਡੀਆਈ ਦੀ ਮੁਹਾਰਤ, ਪਹਿਰਾਵੇ ਅਤੇ ਫੈਸ਼ਨ ਵਿੱਚ ਐਨਆਈਆਈਐਫਟੀ ਦੀ ਖਾਸੀਅਤ ਅਤੇ ਆਟੋਮੋਟਿਵ ਅਤੇ ਡਰਾਈਵਿੰਗ ਵਿੱਚ ਐਸਆਈਏਡੀਐਸ ਦੀ ਮੁਹਾਰਤ ਦਾ ਲਾਭ ਲੈਣਗੀਆਂ।

ਇਹਨਾਂ ਭਾਈਵਾਲੀਆਂ ਦਾ ਉਦੇਸ਼ ਸੰਸਥਾਗਤ ਸਹਿਯੋਗ ਨੂੰ ਮਜ਼ਬੂਤ ਕਰਨਾ, ਉਦਯੋਗ-ਆਧਾਰਿਤ ਹੁਨਰ ਸਿਖਲਾਈ ਨੂੰ ਉਤਸ਼ਾਹਿਤ ਕਰਨਾ, ਰੋਜ਼ਗਾਰਯੋਗਤਾ ਨੂੰ ਵਧਾਉਣਾ ਅਤੇ ਉਦਯੋਗ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨਾ ਹੈ, ਜਿਸ ਵਿੱਚ ਐਨਐਸਕਿਊਐਫ -ਆਧਾਰਿਤ ਪ੍ਰੋਗਰਾਮ, ਪਲੇਸਮੈਂਟ, ਅਪ੍ਰੈਂਟਿਸਸ਼ਿਪਾਂ ਅਤੇ ਉੱਦਮਤਾ ਵਿਕਾਸ 'ਤੇ ਧਿਆਨ ਕੇਂਦਰਿਤ ਕੀਤਾ ਜਾਵੇਗਾ।

ਇਨ੍ਹਾਂ ਸਮਝੌਤਿਆਂ ਉੱਤੇ ਹਸਤਾਖ਼ਰ ਪੀਐਸਡੀਐਮ ਦੇ ਡਾਇਰੈਕਟਰ ਸ੍ਰੀਮਤੀ ਅੰਮ੍ਰਿਤ ਸਿੰਘ ਵੱਲੋਂ ਕੀਤੇ ਗਏ। ਉਨ੍ਹਾਂ ਕਿਹਾ ਕਿ ਇਹ ਭਾਈਵਾਲੀ ਐਨਐਸਕਿਊਐਫ -ਅਧਾਰਿਤ ਸਿਖਲਾਈ, ਪਲੇਸਮੈਂਟ, ਅਪ੍ਰੈਂਟਿਸਸ਼ਿਪਾਂ ਅਤੇ ਉੱਦਮਤਾ ਪ੍ਰਦਾਨ ਕਰਨਗੇ ਤਾਂ ਜੋ ਹੁਨਰ ਦੇ ਪਾੜੇ ਨੂੰ ਪੂਰਿਆ ਜਾ ਸਕੇ, ਰੋਜ਼ਗਾਰਯੋਗਤਾ ਨੂੰ ਵਧਾਇਆ ਜਾ ਸਕੇ ਅਤੇ ਪੰਜਾਬ ਦੇ ਨੌਜਵਾਨਾਂ ਲਈ ਕਰੀਅਰ ਦੇ ਬਿਹਤਰ ਮੌਕੇ ਪੈਦਾ ਕੀਤੇ ਜਾ ਸਕਣ।

ਸ੍ਰੀਮਤੀ ਅੰਮ੍ਰਿਤ ਸਿੰਘ ਨੇ ਦੱਸਿਆ ਕਿ ਪੀਐਸਡੀਐਮ ਅਤੇ ਸਟੇਟ ਇੰਸਟੀਚਿਊਟ ਆਫ਼ ਆਟੋਮੋਟਿਵ ਐਂਡ ਡਰਾਈਵਿੰਗ ਸਕਿੱਲਜ਼ (ਐਸਆਈਏਡੀਐਸ), ਮਾਹੂਆਣਾ ਦਰਮਿਆਨ ਪਹਿਲਾ ਸਮਝੌਤਾ ਸਹੀਬੱਧ ਕੀਤਾ ਗਿਆ, ਜਿਸ ਤਹਿਤ ਉੱਚ-ਮੰਗ ਵਾਲੇ ਆਟੋਮੋਟਿਵ ਅਤੇ ਡਰਾਈਵਿੰਗ ਖੇਤਰਾਂ ਵਿੱਚ ਕਿੱਤਾਮੁਖੀ ਸਿਖਲਾਈ ਦਿੱਤੀ ਜਾਵੇਗੀ, ਜਿਸ ਨਾਲ ਸਿਖਿਆਰਥੀਆਂ ਨੂੰ ਵਿਕਸਤ ਹੋ ਰਹੇ ਆਵਾਜਾਈ ਉਦਯੋਗ ਲਈ ਲੋੜੀਂਦੇ ਤਕਨੀਕੀ ਹੁਨਰਾਂ ਨਾਲ ਲੈਸ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਦੂਜਾ ਸਮਝੌਤਾ ਪੀਐਸਡੀਐਮ, ਨਾਰਦਰਨ ਇੰਡੀਆ ਇੰਸਟੀਚਿਊਟ ਆਫ਼ ਫੈਸ਼ਨ ਟੈਕਨਾਲੋਜੀ (ਐਨਆਈਆਈਐਫਟੀ), ਉਦਯੋਗ ਤੇ ਵਣਜ ਵਿਭਾਗ, ਪੰਜਾਬ ਸਰਕਾਰ ਅਤੇ ਫੁੱਟਵੀਅਰ ਡਿਜ਼ਾਈਨ ਐਂਡ ਡਿਵੈਲਪਮੈਂਟ ਇੰਸਟੀਚਿਊਟ (ਐਫਡੀਡੀਆਈ) ਦਰਮਿਆਨ ਸਹੀਬੱਧ ਕੀਤਾ ਗਿਆ, ਜੋ ਉਦਯੋਗਾਂ ਦੀਆਂ ਲੋੜਾਂ ਮੁਤਾਬਕ ਅਤੇ ਰੁਜ਼ਗਾਰ ਅਧਾਰਤ ਸਿਖਲਾਈ 'ਤੇ ਕੇਂਦ੍ਰਿਤ ਹੋਵੇਗਾ। ਇਸ ਵਿੱਚ ਫੁੱਟਵੀਅਰ ਅੱਪਰ ਸਟਿੱਚਿੰਗ ਟੈਕਨੀਸ਼ੀਅਨ, ਸਪੋਰਟਸ ਫੁੱਟਵੀਅਰ ਅਸੈਂਬਲੀ ਟੈਕਨੀਸ਼ੀਅਨ, ਫੁੱਟਵੀਅਰ ਸੀਏਡੀ/ਸੀਏਐਮ ਅਪਰੇਟਰ ਅਤੇ ਫੁੱਟਵੀਅਰ ਪੈਟਰਨ ਕਟਰ ਦੀ ਸਿਖਲਾਈ ਦਿੱਤੀ ਜਾਵੇਗੀ।

ਸਵੈ-ਗਣਨਾ ਅਤੇ ਪ੍ਰਚਾਰ-ਪ੍ਰਸਾਰ ਲਈ ਤਰਨ ਤਾਰਨ 'ਚ ਜ਼ਿਲ੍ਹਾ ਨੋਡਲ ਅਫ਼ਸਰ ਨਿਯੁਕਤ

ਤਰਨ ਤਾਰਨ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਜਨਗਣਨਾ-2027 ਦੇ ਕੰਮ ਨੂੰ ਸੁਚਾਰੂ, ਪ੍ਰਭਾਵਸ਼ਾਲੀ ਅਤੇ ਯੋਜਨਾਬੱਧ ਢੰਗ ਨਾਲ ਨੇਪਰੇ ਚਾੜ੍ਹਨ ਲਈ ਪ੍ਰਿੰਸੀਪਲ ਸੈਂਸਜ਼ ਅਫ਼ਸਰ ਤਰਨ ਤਾਰਨ ਵੱਲੋਂ ਵੱਖ-ਵੱਖ ਅਧਿਕਾਰੀਆਂ ਦੀਆਂ ਅਹਿਮ ਨਿਯੁਕਤੀਆਂ ਕੀਤੀਆਂ ਗਈਆਂ ਹਨ। ਇਨ੍ਹਾਂ ਨਿਯੁਕਤੀਆਂ ਦਾ ਮੁੱਖ ਉਦੇਸ਼ ਜਨਗਣਨਾ ਪ੍ਰਕਿਰਿਆ ਦੌਰਾਨ ਸਵੈ-ਗਣਨਾ ਅਤੇ ਇਸ ਸਬੰਧੀ ਲੋਕਾਂ ਨੂੰ ਜਾਗਰੂਕ ਕਰਨ ਲਈ ਪ੍ਰਚਾਰ-ਪ੍ਰਸਾਰ ਦੇ ਕੰਮ ਨੂੰ ਸੁਚਾਰੂ ਢੰਗ ਨਾਲ ਚਲਾਉਣਾ ਹੈ।

ਇਸ ਸਬੰਧੀ ਜਾਰੀ ਕੀਤੇ ਗਏ ਹੁਕਮਾਂ ਅਨੁਸਾਰ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ ਸਿੱਖਿਆ), ਤਰਨ ਤਾਰਨ ਰਜਿੰਦਰ ਕੌਰ ਨੂੰ ਬਤੌਰ ਜ਼ਿਲ੍ਹਾ ਨੋਡਲ ਅਫ਼ਸਰ (ਸਵੈ-ਗਣਨਾ) ਨਿਯੁਕਤ ਕੀਤਾ ਗਿਆ ਹੈ। ਇਸ ਦੇ ਨਾਲ ਹੀ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਤਰਨ ਤਾਰਨ ਹਰਦੇਵ ਸਿੰਘ ਆਸੀ ਨੂੰ ਜ਼ਿਲ੍ਹਾ ਨੋਡਲ ਅਫ਼ਸਰ (ਪਬਲਿਸਿਟੀ) ਦੀ ਜ਼ਿੰਮੇਵਾਰੀ ਸੌਂਪੀ ਗਈ ਹੈ, ਤਾਂ ਜੋ ਜਨਗਣਨਾ ਅਤੇ ਸਵੈ-ਗਣਨਾ ਸਬੰਧੀ ਜਾਣਕਾਰੀ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਈ ਜਾ ਸਕੇ।

ਇਸੇ ਤਰ੍ਹਾਂ ਸਿੱਖਿਆ ਵਿਭਾਗ ਤਰਨ ਤਾਰਨ ਦੇ ਐਲੀਮੈਂਟਰੀ ਅਤੇ ਸੈਕੰਡਰੀ ਵਿੰਗ ਵਿੱਚ ਵੀ ਸਵੈ-ਗਣਨਾ ਦੇ ਕੰਮ ਨੂੰ ਸੁਚਾਰੂ ਬਣਾਉਣ ਲਈ ਸਹਾਇਕ ਨੋਡਲ ਅਫ਼ਸਰ ਨਿਯੁਕਤ ਕੀਤੇ ਗਏ ਹਨ। ਐਲੀਮੈਂਟਰੀ ਵਿੰਗ ਲਈ ਪ੍ਰੇਮ ਸਿੰਘ ਨੂੰ ਸਹਾਇਕ ਨੋਡਲ ਅਫ਼ਸਰ (ਸਵੈ-ਗਣਨਾ) ਅਤੇ ਸੈਕੰਡਰੀ ਵਿੰਗ ਲਈ ਬੀਰਿੰਦਰ ਸਿੰਘ ਲਹਿਰੀ ਨੂੰ ਸਹਾਇਕ ਨੋਡਲ ਅਫ਼ਸਰ (ਸਵੈ-ਗਣਨਾ) ਦੀ ਜ਼ਿੰਮੇਵਾਰੀ ਸੌਂਪੀ ਗਈ ਹੈ।

ਇਨ੍ਹਾਂ ਨਿਯੁਕਤੀਆਂ ਰਾਹੀਂ ਜ਼ਿਲ੍ਹਾ ਪੱਧਰ 'ਤੇ ਜਨਗਣਨਾ ਦੀ ਸਵੈ-ਗਣਨਾ ਪ੍ਰਕਿਰਿਆ ਨਾਲ ਸਬੰਧਤ ਕਾਰਜਾਂ ਵਿੱਚ ਬਿਹਤਰ ਤਾਲਮੇਲ ਸਥਾਪਿਤ ਕਰਨ, ਸਿੱਖਿਆ ਵਿਭਾਗ ਦੇ ਦੋਵਾਂ ਵਿੰਗਾਂ ਦੀ ਸਰਗਰਮ ਭਾਗੀਦਾਰੀ ਯਕੀਨੀ ਬਣਾਉਣ ਅਤੇ ਲੋਕਾਂ ਤੱਕ ਜ਼ਰੂਰੀ ਜਾਣਕਾਰੀ ਪਹੁੰਚਾਉਣ ਵਿੱਚ ਮਦਦ ਮਿਲੇਗੀ। ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਤਰਨ ਤਾਰਨ ਰਜਿੰਦਰ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਤਰਨਤਾਰਨ ਦੇ ਸਮੂਹ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਤੱਕ ਸਵੈ-ਗਣਨਾ ਕਰਨ ਸਬੰਧੀ ਪੋਸਟਰ/ਫਲਾਇਰ, ਸੋਸ਼ਲ ਮੀਡੀਆ ਅਤੇ ਮੀਟਿੰਗਾਂ ਰਾਹੀਂ ਲਗਾਤਾਰ ਜਾਣਕਾਰੀ ਸ਼ੇਅਰ ਕੀਤੀ ਜਾ ਰਹੀ ਹੈ। ਸਵੈ-ਗਣਨਾ ਦੀ ਪ੍ਰਕਿਰਿਆ ਨੂੰ ਸਫ਼ਲ ਬਣਾਉਣ ਲਈ ਨਿਯੁਕਤ ਕੀਤੇ ਗਏ ਨੋਡਲ ਅਤੇ ਸਹਾਇਕ ਨੋਡਲ ਅਫ਼ਸਰ ਆਪੋ-ਆਪਣੀਆਂ ਜ਼ਿੰਮੇਵਾਰੀਆਂ ਅਨੁਸਾਰ ਕੰਮ ਕਰਨਗੇ। ਇਸ ਨਾਲ ਜਨਗਣਨਾ ਸਬੰਧੀ ਗਤੀਵਿਧੀਆਂ ਨੂੰ ਜ਼ਿਲ੍ਹਾ ਪੱਧਰ 'ਤੇ ਹੋਰ ਵਧੇਰੇ ਸੁਚੱਜੇ ਢੰਗ ਨਾਲ ਲਾਗੂ ਕਰਨ ਵਿੱਚ ਸਹਿਯੋਗ ਮਿਲਣ ਦੀ ਉਮੀਦ ਹੈ।

ਮਾਮਲਾ: ਵਾਤਾਵਰਣ ਦੀ ਸ਼ੁੱਧਤਾ ਦਾ; ਭਾਜਪਾ ਨੇ ਦਿੱਲੀ ਪ੍ਰਦੂਸ਼ਣ ਲਈ ਪੰਜਾਬ ਸਰਕਾਰ ਨੂੰ ਦੱਸਿਆ ਜਿਮੇਵਾਰ

ਪਟਿਆਲਾ, 12 ਨਵੰਬਰ
ਰਣਜੀਤ ਸਿੰਘ
-ਸ਼ਹੀਦ-ਏ-ਆਜ਼ਮ-ਬਿਊਰੋ-

ਸੂਬੇ ਅੰਦਰ ਝੋਨੇ ਦੇ ਸੀਜ਼ਨ ਦੌਰਾਨ ਪਰਾਲੀ ਨੂੰ ਅੱਗ ਲਗਾਉਣ ਨਾਲ ਜ਼ਹਿਰੀਲਾ ਧੂੰਆਂ ਅਸਮਾਨੀ ਚੜ੍ਹ ਜਾਂਦਾ ਸੀ, ਜਿਸ ਨਾਲ ਕਈ ਤਰ੍ਹਾਂ ਦੀਆਂ ਭਿਆਨਕ ਬੀਮਾਰੀਆਂ ਫੈਲਣ ਕਾਰਨ ਲੋਕਾਂ ਦਾ ਜਿਊਣਾ ਦੁਭਰ ਹੋ ਜਾਂਦਾ ਸੀ। ਪਰਾਲੀ ਤੋਂ ਫੈਲਣ ਵਾਲੇ ਧੂੰਏਂ ਕਾਰਨ ਵੱਖ-ਵੱਖ ਰਾਜਨੀਤਿਕ ਪਾਰਟੀਆਂ ਅੰਦਰ ਮਾਹੌਲ ਵੀ ਪੂਰੀ ਤਰ੍ਹਾਂ ਗਰਮਾਇਆ ਨਜ਼ਰ ਆ ਰਿਹਾ ਹੈ। ਜਿਥੇ ਭਾਜਪਾ ਨੇ ਆਮ ਆਦਮੀ ਪਾਰਟੀ ਦੀ ਪੰਜਾਬ ਵਿਚਲੀ ਸਰਕਾਰ ਨੂੰ ਜਿਮੇਵਾਰ ਠਹਿਰਾਇਆ ਜਾ ਰਿਹਾ ਹੈ। ਇਸ ਵਾਰ ਦਿੱਲੀ ਸਭ ਤੋਂ ਵੱਧ ਪ੍ਰਦੂਸ਼ਿਤ ਸ਼ ਵਿਚੋਂ ਪਹਿਲੇ ਨੰਬਰ 'ਤੇ ਹੈ। ਜਿਸ ਦੀ ਜਿਮੇਵਾਰ ਪੰਜਾਬ ਵੱਲੋਂ ਪਰਾਲੀ ਨੂੰ ਲਗਾਈ ਜਾਂਦੀ ਅੱਗ ਹੈ। ਸੂਬਾ ਸਰਕਾਰ ਨੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਣ ਲਈ ਸਮਾਂ ਰਹਿੰਦਿਆਂ ਜਾਗਰੂਕ ਨਹੀਂ ਕੀਤਾ ਤਾਂ ਹੀ ਪੰਜਾਬ ਵਿਚਲਾ ਧੂੰਆਂ ਦਿੱਲੀ ਦੇ ਲੋਕਾਂ ਲਈ ਸਿਰਦਰਦ ਬਣਿਆ ਹੋਇਆ ਹੈ। ਭਾਵੇਂ ਕਿ ਇਸ ਸੰਬੰਧੀ ਨੈਸ਼ਨਲ ਗਰੀਨ ਟ੍ਰਿਬਿਊਨਲ ਵੱਲੋਂ ਸਮੇਂ ਸਮੇਂ ਅਨੁਸਾਰ ਪੰਜਾਬ ਸਰਕਾਰ ਅਤੇ ਪ੍ਰਦੂਸ਼ਣ ਕੰਟਰੋਲ ਬੋਰਡ 'ਤੇ ਜੁਰਮਾਨੇ ਲਗਾ ਕੇ ਸ਼ਿਕੰਜ਼ਾ ਕੱਸਿਆ ਜਾਂਦਾ ਹੈ ਪਰ ਫਿਰ ਵੀ ਕੋਈ ਪ੍ਰਵਾਹ ਨਾ ਕਰਦੇ ਹੋਏ ਵਾਤਾਵਰਣ ਦੀ ਸ਼ੁੱਧਤਾ ਲਈ ਕੋਈ ਪੁਖਤਾ ਕਦਮ ਉਠਾਏ ਨਜ਼ਰ ਨਹੀਂ ਆ ਰਹੇ।



ਪਟਿਆਲਾ ਨੇੜਲੇ ਕਈ ਇਲਾਕਿਆਂ 'ਚ ਪਰਾਲੀ ਤੋਂ ਗੋਲਚਾ ਤਿਆਰ ਕਰਨ ਵਾਲੀਆਂ ਲੱਗੀਆਂ ਛੋਟੀਆਂ ਫੈਕਟਰੀਆਂ

ਪਰਾਲੀ ਤੋਂ ਫੈਲਣ ਵਾਲੇ ਧੂੰਏ ਨਾਲ ਨਜਿੱਠਣ ਲਈ ਐਮ. ਐਸ. ਐਮ. ਈ. ਯੋਜਨਾ ਤਹਿਤ ਕੇਂਦਰ ਸਰਕਾਰ ਵੱਖ-ਵੱਖ ਯੂਨਿਟ ਤਿਆਰ ਕਰਨ ਲਈ ਪ੍ਰਾਜੈਕਟ ਲਗਾਉਣ ਲਈ ਵੱਡੀ ਮਾਤਰਾ ਵਿਚ ਲੋਨ ਦੇ ਰਹੀ ਹੈ, ਜਿਸ ਦਾ ਫਾਇਦਾ ਉਠਾਉਂਦੇ ਹੋਏ ਕਈ ਵਪਾਰਕ ਵਰਗ ਦੇ ਲੋਕਾਂ ਨੇ ਪਟਿਆਲਾ ਨੇੜਲੇ ਵੱਖ-ਵੱਖ ਥਾਵਾਂ 'ਤੇ ਪਰਾਲੀ ਤੋਂ ਤਿਆਰ ਹੋਣ ਵਾਲੇ ਗੋਲਚਾ ਬਣਾਉਣ ਦਾ ਕੰਮ ਜੰਗੀ ਪੱਧਰ 'ਤੇ ਸ਼ੁਰੂ ਕਰ ਦਿੱਤਾ ਹੈ। ਜਿਸ ਵਿਚ ਨਿੱਤ ਦਿਨ ਪਰਾਲੀ ਤੋਂ ਤਿਆਰ ਹੋ ਕੇ ਸੈਂਕੜੇ ਮੀਟ੍ਰਿਕ ਟਨ ਗੋਲਚਾ ਵੱਖ-ਵੱਖ ਫੈਕਟਰੀਆਂ ਵਿਚ ਜਾ ਰਿਹਾ ਹੈ। ਜਿਸ ਵਿਚ ਬੁਆਇਲਰ, ਅਰਥੀਆਂ ਜਲਾਉਣ ਲਈ ਸ਼ਮਸ਼ਾਨ ਘਾਟ ਆਦਿ ਥਾਵਾਂ ਸ਼ਾਮਲ ਹਨ। ਸੂਬੇ ਅੰਦਰ ਲਗਾਤਾਰ ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਣ ਦੀਆਂ ਘਟਨਾਵਾਂ ਵਾਪਰ ਰਹੀਆਂ ਹਨ ਅਤੇ ਦੂਜੇ ਪਾਸੇ ਸਰਕਾਰ ਵੱਲੋਂ ਉਲੰਘਣਾ ਕਰਨ ਵਾਲੇ ਕਿਸਾਨਾਂ ਖਿਲਾਫ ਪਰਚੇ ਵੀ ਦਰਜ ਹੋ ਰਹੇ ਹਨ।

ਅੱਗ ਨਾ ਲਗਾਉਣ ਨਾਲ ਧਰਤੀ ਹੇਠਲੇ ਮਿੱਤਰ ਕੀੜ੍ਹੇ ਵੀ ਬਚੇ ਰਹਿਣਗੇ: ਕੰਗ


ਉਥੇ ਕਿਸਾਨ ਬਲਵਿੰਦਰ ਸਿੰਘ ਕੰਗ ਰੋੜੇਵਾਲ ਨੇ ਕਿਹਾ ਕਿ ਝੋਨੇ ਦੇ ਨਾੜ੍ਹ ਨੂੰ ਅੱਗ ਨਾ ਲਗਾਉਣ ਕਾਰਨ ਧਰਤੀ ਹੇਠਲੇ ਮਿੱਤਰ ਕੀੜ੍ਹੇ ਵੀ ਬਚੇ ਰਹਿੰਦੇ ਹਨ, ਜਿਸ ਨਾਲ ਧਰਤੀ ਦੀ ਉਪਜਾਊ ਸ਼ਕਤੀ ਵੱਧ ਜਾਂਦੀ ਹੈ ਅਤੇ ਲੰਮਾਂ ਸਮਾਂ ਫਸਲਾਂ ਵੀ ਨਿਰੋਗ ਰਹਿੰਦੀਆਂ ਹਨ। ਉਥੇ ਹੀ ਕਿਸਾਨ ਵੱਲੋਂ ਫਸਲਾਂ ਨੂੰ ਮਾਰੂ ਕੀੜਿਆਂ ਤੋਂ ਬਚਾਉਣ ਲਈ ਕੀਟਨਾਸ਼ਕ ਦਵਾਈਆਂ ਦੀ ਵਰਤੋਂ ਵੀ ਘੱਟ ਕੀਤੀ ਜਾਂਦੀ ਹੈ।

ਪਰਾਲੀ ਤੋਂ ਗੋਲਚਾ ਤਿਆਰ ਕਰਨ ਵਾਲੀਆਂ ਫੈਕਟਰੀਆਂ ਨਾਲ ਨੌਜਵਾਨਾਂ ਨੂੰ ਮਿਲੇਗਾ ਰੋਜ਼ਗਾਰ: ਭਾਨਰੀ

ਅਗਾਂਹਵਧੂ ਕਿਸਾਨ ਗੁਰਧਿਆਨ ਸਿੰਘ ਭਾਨਰੀ ਨੇ ਕਿਹਾ ਕਿ ਜਿਥੇ ਐਸ. ਐਮ. ਐਮ. ਈ. ਰਾਹੀਂ ਮਿਲੇ ਲੋਨਾਂ ਨਾਲ ਲੱਗਣ ਵਾਲੀਆਂ ਫੈਕਟਰੀਆਂ ਤੋਂ ਨੌਜਵਾਨਾਂ ਨੂੰ ਰੋਜ਼ਗਾਰ ਮਿਲੇਗਾ, ਉਥੇ ਹੀ ਪਰਾਲੀ ਦੇ ਧੂੰਏਂ ਤੋਂ ਫੈਲਣ ਤੋਂ ਵੀ ਰਾਹਤ ਮਿਲੇਗੀ, ਇਸ ਤੋਂ ਤਿਆਰ ਹੋਣ ਵਾਲੇ ਲੱਕੜ ਰੂਪੀ ਗੋਲਚਾ ਭੱਠਿਆਂ, ਫੈਕਟਰੀਆਂ ਆਦਿ ਹੋਰ ਵੱਖ-ਵੱਖ ਥਾਵਾਂ 'ਤੇ ਸਸਤੇ ਬਾਲਣ ਦੇ ਰੂਪ ਵਿਚ ਮਿਲੇਗਾ, ਜਿਸ ਨਾਲ ਮਹਿੰਗੇ ਕੋਲੇ, ਡੀਜ਼ਲ ਭੱਠੀਆਂ ਤੇ ਬਿਜਲੀ ਉਪਕਰਣਾਂ ਦਾ ਖਰਚਾ ਵੀ ਘਟੇਗਾ।

ਜਨਗਣਨਾ-2027 ਦੇ ਦੂਜੇ ਪੜਾਅ ਤਹਿਤ 16 ਤੋਂ ਸ਼ੁਰੂ ਹੋਵੇਗੀ ਸਵੈ-ਗਣਨਾ

ਫਾਜ਼ਿਲਕਾ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਭਾਰਤ ਸਰਕਾਰ ਵਲੋਂ ਜਨਗਣਨਾ--2027 ਦੇ ਦੂਜੇ ਪੜਾਅ ਤਹਿਤ ਸਵੈ-ਗਣਨਾ ਦੀ ਪ੍ਰਕਿਰਿਆ 16 ਨਵੰਬਰ ਤੋ 30 ਨਵੰਬਰ 2026 ਤੱਕ ਚਲਾਈ ਜਾਵੇਗੀ। ਇਸ ਦੌਰਾਨ ਨਾਗਰਿਕਾਂ ਨੂੰ ਆਪਣੇ ਪਰਿਵਾਰ ਅਤੇ ਘਰ ਸਬੰਧੀ ਵੇਰਵੇ ਖੁਦ https://se.census.gov.in/ ਤੇ ਭਰਨ ਦੀ ਸਹੂਲਤ ਦਿੱਤੀ ਜਾਵੇਗੀ। ਇਸ ਉਪਰੰਤ 1 ਦੰਸਬਰ 2026 ਤੋ 4 ਜਨਵਰੀ 2027 ਤੱਕ ਜਨਗਣਨਾ ਦਾ ਕੰਮ ਕੀਤਾ ਜਾਵੇਗਾ।

ਇਸ ਸਬੰਧੀ ਫਾਜ਼ਿਲਕਾ ਵਾਸੀਆਂ ਨੂੰ ਅਪੀਲ ਕਰਦਿਆਂ ਡਿਪਟੀ ਕਮਿਸ਼ਨਰ ਸ੍ਰੀਮਤੀ ਅਮਰਪ੍ਰੀਤ ਕੌਰ ਸੰਧੂ ਨੇ ਦੱਸਿਆ ਕਿ ਜਨਗਣਨਾ ਦੇ ਕੰਮ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜਣ ਲਈ ਲੋਕਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਇਸ ਸਹੂਲਤ ਨਾਲ ਲੋਕਾਂ ਨੂੰ ਆਪਣੀ ਜਾਣਕਾਰੀ ਖੁਦ ਦਰਜ ਕਰਨ ਦਾ ਮੌਕਾ ਮਿਲੇਗਾ! ਸਵੈ-ਗਣਨਾ ਤਹਿਤ ਜ਼ਿਲ੍ਹੇ ਦੇ ਨਾਗਰਿਕ 16 ਨਵੰਬਰ ਤੋਂ 30 ਨਵੰਬਰ 2026 ਤੱਕ ਆਪਣੇ ਵੇਰਵੇ ਖੁਦ ਭਰ ਸਕਣਗੇ।

ਉਹਨਾਂ ਅੱਗੇ ਦੱਸਿਆ ਕਿ ਜਨਗਣਨਾ ਦੇ ਪਹਿਲੇ ਪੜਾਅ ਤਹਿਤ ਬੀਐਲਓਜ਼ ਵੱਲੋਂ ਘਰ ਘਰ ਜਾ ਕੇ ਸਰਵੇ ਕੀਤਾ ਗਿਆ ਸੀ ਤੇ ਹੁਣ ਦੂਸਰੇ ਪੜਾਅ ਤਹਿਤ ਸਵੈ ਗਣਨਾ ਦੀ ਪ੍ਰਕਿਰਿਆ ਸ਼ੁਰੂ ਹੋਵੇਗੀ ਇਸ ਤਹਿਤ ਜਿਲ੍ਹਾ ਵਾਸੀ ਖੁਦ ਆਪਣੀ ਜਾਣਕਾਰੀ ਪੋਰਟਲ https://se.census.gov.in/ ਵਿੱਚ ਭਰ ਸਕਣਗੇ!

ਸਾਰੇ ਨਾਗਰਿਕਾਂ ਲਈ ਆਨਲਾਈਨ ਪੋਰਟਲ ਰਾਹੀਂ ਸਵੈ-ਗਣਨਾ ਕਰਨ ਦੀ ਸਹੂਲਤ ਹੈ! ਸੋ ਜ਼ਿਲ੍ਹਾ ਵਾਸੀ ਸਹੀ ਅਤੇ ਪੂਰੀ ਜਾਣਕਾਰੀ ਹੀ ਦੇਣ।ਇਸ ਤੋਂ ਬਾਅਦ ਖੇਤਰੀ ਦੌਰੇ ਦੌਰਾਨ ਡਾਟਾ ਦੀ ਜਾਂਚ ਕੀਤੀ ਜਾਵੇਗੀ।

ਇਸ ਤੋਂ ਬਾਅਦ ਆਬਾਦੀ ਦੀ ਗਣਨਾ 1 ਦਸੰਬਰ, 2026 ਤੋਂ 4 ਜਨਵਰੀ 2027 ਤੱਕ 30 ਦਿਨਾਂ ਦੀ ਮਿਆਦ ਵਿੱਚ ਗਿਣਤੀਕਾਰ ਘਰ-ਘਰ ਜਾ ਕੇ ਘਰਾਂ, ਪਰਿਵਾਰਾਂ ਅਤੇ ਵਿਅਕਤੀਆਂ ਸੰਬੰਧੀ ਜਾਣਕਾਰੀ ਇਕੱਠੀ ਕਰਨਗੇ।

'ਜਿਨ੍ਹਾਂ ਨੇ ਸਵੈ-ਗਣਨਾ ਕੀਤੀ ਹੈ, ਉਸ ਦੀ ਆਈ.ਡੀ. ਲੈ ਕੇ ਡਾਟਾ ਦੀ ਪੁਸ਼ਟੀ ਕਰਨਗੇ। ਸਵੈ-ਗਣਨਾ ਦੌਰਾਨ ਜੇਕਰ ਕੋਈ ਜਾਣਕਾਰੀ ਦਰਜ ਕਰਨ ਤੋਂ ਰਹਿ ਗਿਆ ਹੋਵੇ, ਤਾਂ ਤੁਸੀਂ ਘਰ-ਘਰ ਗਣਨਾ ਦੌਰਾਨ ਆਪਣਾ ਡਾਟਾ ਦਰਜ ਕਰਵਾ ਸਕਦੇ ਹੋ।

ਦਿਲੀ ਗੁਰਦੁਆਰਾ ਕਮੇਟੀ ਦੇ ਕਰਮਚਾਰੀਆਂ ਨੂੰ ਉਕਸਾਉਣ ਦੀ ਬਜਾਏ ਆਪਣਾ ਪਿਛਲਾ ਕਾਰਜਕਾਲ ਯਾਦ ਕਰਨ ਸਰਨਾ: ਕਾਲਕਾ, ਕਾਹਲੋਂ

ਕਰਮਚਾਰੀਆਂ ਦੇ ਹਿੱਤਾਂ ਦੀ ਰਾਖੀ ਲਈ ਦਿੱਲੀ ਕਮੇਟੀ ਵਚਨਬੱਧ, ਤਨਖ਼ਾਹਾਂ, ਭੱਤੇ ਅਤੇ ਪੀਐੱਫ ਦੀਆਂ ਅਦਾਇਗੀਆਂ ਨਿਯਮਿਤ ਤੌਰ 'ਤੇ ਕੀਤੀਆਂ ਜਾ ਰਹੀਆਂ ਹਨ: ਕਾਲਕਾ, ਕਾਹਲੋਂ

ਨਵੀਂ ਦਿੱਲੀ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਰਨਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਅੱਜ ਇੱਕ ਬਿਆਨ ਜਾਰੀ ਕਰਦਿਆਂ ਸਰਦਾਰ ਪਰਮਜੀਤ ਸਿੰਘ ਸਰਨਾ ਵੱਲੋਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕਰਮਚਾਰੀਆਂ ਵੱਲੋਂ ਬਾਹਵਾਂ ਦੇ ਕਾਲੀ ਪੱਟੀ ਬੰਨ ਕੇ ਪ੍ਰਦਰਸ਼ਨ ਸਬੰਧੀ ਜਾਰੀ ਕੀਤੀ ਗਈ ਵੀਡੀਓ 'ਤੇ ਹੈਰਾਨੀ ਪ੍ਰਗਟ ਕਰਦਿਆਂ ਕਿਹਾ ਕਿ ਪਰਮਜੀਤ ਸਿੰਘ ਸਰਨਾ ਨੂੰ ਦੂਜਿਆਂ ਨੂੰ ਨਸੀਹਤ ਦੇਣ ਤੋਂ ਪਹਿਲਾਂ ਆਪਣੇ ਪ੍ਰਧਾਨਗੀ ਕਾਰਜਕਾਲ ਦੌਰਾਨ ਵਾਪਰੀਆਂ ਘਟਨਾਵਾਂ ਨੂੰ ਵੀ ਯਾਦ ਕਰਨਾ ਚਾਹੀਦਾ ਹੈ।

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦੋਵੇਂ ਆਗੂਆਂ ਨੇ ਕਿਹਾ ਕਿ ਪਰਮਜੀਤ ਸਿੰਘ ਸਰਨਾ ਵੱਲੋਂ ਕਰਮਚਾਰੀਆਂ ਦੇ ਬਾਂਹਾਂ 'ਤੇ ਕਾਲੀਆਂ ਪੱਟੀਆਂ ਬੰਨ੍ਹ ਕੇ ਕੰਮ ਕਰਨ ਦੀ ਘਟਨਾ ਨੂੰ ਜਿਸ ਤਰੀਕੇ ਨਾਲ ਪੇਸ਼ ਕੀਤਾ ਜਾ ਰ੍ਹਿਹਾ ਹੈ, ਉਹ ਬੇਹੱਦ ਹੈਰਾਨੀਜਨਕ ਹੈ।



ਕਾਲਕਾ ਅਤੇ ਕਾਹਲੋਂ ਨੇ ਦੋਸ਼ ਲਾਇਆ ਕਿ ਪਰਮਜੀਤ ਸਿੰਘ ਸਰਨਾ ਆਪਣੇ ਘਰ ਅਤੇ ਆਪਣੇ ਨਜ਼ਦੀਕੀ ਲੋਕਾਂ ਰਾਹੀਂ ਕੁਝ ਕਰਮਚਾਰੀਆਂ ਨੂੰ ਵਾਰ-ਵਾਰ ਬੁਲਾ ਕੇ ਉਨ੍ਹਾਂ ਨੂੰ ਮੌਜੂਦਾ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਕਾਂ ਵਿਰੁੱਧ ਉਕਸਾਉਣ ਦੀ ਕੋਸ਼ਿਸ਼ ਕਰ ਰਹੇ ਹਨ, ਤਾਂ ਜੋ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੰਦਰ ਬੇਲੋੜਾ ਤਣਾਅ ਅਤੇ ਅਸਥਿਰਤਾ ਪੈਦਾ ਕੀਤੀ ਜਾ ਸਕੇ।

ਸਰਦਾਰ ਕਾਲਕਾ ਅਤੇ ਸਰਦਾਰ ਕਾਹਲੋਂ ਨੇ ਪਰਮਜੀਤ ਸਿੰਘ ਸਰਨਾ ਨੂੰ ਉਨ੍ਹਾਂ ਦੇ ਪ੍ਰਧਾਨਗੀ ਕਾਰਜਕਾਲ ਦੀ ਯਾਦ ਦਿਵਾਉਂਦਿਆਂ ਕਿਹਾ ਕਿ ਜੇਕਰ ਉਹ ਇਤਿਹਾਸਕ ਘਟਨਾਵਾਂ ਦੀ ਗੱਲ ਕਰਦੇ ਹਨ ਤਾਂ ਉਨ੍ਹਾਂ ਨੂੰ ਉਹ ਦਿਨ ਵੀ ਯਾਦ ਕਰਨੇ ਚਾਹੀਦੇ ਹਨ, ਜਦੋਂ ਉਨ੍ਹਾਂ ਦੀ ਪ੍ਰਧਾਨਗੀ ਦੌਰਾਨ ਦਿੱਲੀ ਕਮੇਟੀ ਦੇ ਸਮੁੱਚੇ ਸਟਾਫ਼ ਨੇ ਬਹੁਤ ਹੀ ਅਪਮਾਨਜਨਕ ਅਤੇ ਅਸਾਧਾਰਨ ਢੰਗ ਨਾਲ ਵਿਰੋਧ ਪ੍ਰਦਰਸ਼ਨ ਕੀਤਾ ਸੀ। ਉਸ ਸਮੇਂ ਕਰਮਚਾਰੀ ਕੇਵਲ ਕਛਹਿਰੇ ਵਿੱਚ, ਗਾਤਰੇ ਸਜਾ ਕੇ ਅਤੇ ਦਸਤਾਰਾਂ ਬੰਨ੍ਹ ਕੇ ਉਨ੍ਹਾਂ ਦੇ ਘਰਾਂ ਦੇ ਬਾਹਰ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਏ ਸਨ। ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਦਾ ਹਵਾਲਾ ਦੇਣ ਤੋਂ ਪਹਿਲਾਂ ਸਰਨਾ ਨੂੰ ਆਪਣੇ ਕਾਰਜਕਾਲ ਦੇ ਤੱਥਾਂ 'ਨੂੰ ਵੀ ਯਾਦ ਕਰਨਾ ਚਾਹੀਦਾ ਹੈ।

ਕਾਲਕਾ ਅਤੇ ਕਾਹਲੋਂ ਨੇ ਕਿਹਾ ਕਿ ਉਨ੍ਹਾਂ ਨੂੰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕਰਮਚਾਰੀਆਂ 'ਤੇ ਹਮੇਸ਼ਾ ਮਾਣ ਰਿਹਾ ਹੈ, ਜਿਨ੍ਹਾਂ ਨੇ ਦਿੱਲੀ ਗੁਰਦੁਆਰਾ ਕਮੇਟੀ ਦੀ ਬਿਹਤਰੀ ਅਤੇ ਇਸ ਦੇ ਪ੍ਰਬੰਧਕੀ ਕਾਰਜਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਪੂਰੀ ਵਚਨਬੱਧਤਾ ਨਾਲ ਸਹਿਯੋਗ ਦਿੱਤਾ ਹੈ। ਦੋਵੇਂ ਆਗੂਆਂ ਨੇ ਕਿਹਾ ਕਿ ਮੌਜੂਦਾ ਪ੍ਰਬੰਧਕਾਂ ਵੱਲੋਂ ਵੀ ਕਰਮਚਾਰੀਆਂ ਦੇ ਮਾਣ-ਸਨਮਾਨ ਅਤੇ ਹੱਕਾਂ ਦੀ ਰਾਖੀ ਨੂੰ ਹਮੇਸ਼ਾ ਤਰਜੀਹ ਦਿੱਤੀ ਗਈ ਹੈ।

ਉਨ੍ਹਾਂ ਸਰਨਾ ਵੱਲੋਂ ਕਰਮਚਾਰੀਆਂ ਦੀਆਂ ਮੰਗਾਂ ਬਾਰੇ ਉਠਾਏ ਸਵਾਲਾਂ ਦਾ ਜਵਾਬ ਦਿੰਦਿਆਂ ਕਿਹਾ ਕਿ ਕਮੇਟੀ ਵੱਲੋਂ ਕਰਮਚਾਰੀਆਂ ਦੀਆਂ ਤਨਖ਼ਾਹਾਂ, ਭੱਤਿਆਂ ਅਤੇ ਹੋਰ ਵਿੱਤੀ ਹੱਕਾਂ ਦੀ ਅਦਾਇਗੀ ਨਿਯਮਿਤ ਤੌਰ 'ਤੇ ਕੀਤੀ ਜਾ ਰਹੀ ਹੈ। ਇਸ ਮਹੀਨੇ ਵੀ ਕਰਮਚਾਰੀਆਂ ਦੇ ਪ੍ਰੋਵੀਡੈਂਟ ਫੰਡ (ਪੀਐੱਫ) ਵਿੱਚ ਕਰੋੜਾਂ ਰੁਪਏ ਜਮ੍ਹਾਂ ਕਰਵਾਏ ਗਏ ਹਨ।

ਉਨ੍ਹਾਂ ਸਵਾਲ ਕੀਤਾ ਕਿ ਜਦੋਂ ਕਰਮਚਾਰੀਆਂ ਦੇ ਵਿੱਤੀ ਹਿੱਤਾਂ ਦੀ ਰਾਖੀ ਲਈ ਲੋੜੀਂਦੇ ਕਦਮ ਚੁੱਕੇ ਜਾ ਰਹੇ ਹਨ ਤਾਂ ਫਿਰ ਉਨ੍ਹਾਂ ਨੂੰ ਗੁੰਮਰਾਹ ਕਰਕੇ ਸੰਸਥਾ ਦੇ ਅੰਦਰ ਅਸ਼ਾਂਤੀ ਪੈਦਾ ਕਰਨ ਦਾ ਕੀ ਮਕਸਦ ਹੈ?

ਸਰਦਾਰ ਕਾਲਕਾ ਅਤੇ ਕਾਹਲੋਂ ਨੇ ਕਿਹਾ ਕਿ ਸਰਨਾ ਨੂੰ ਕਰਮਚਾਰੀਆਂ ਦੀਆਂ ਸਮੱਸਿਆਵਾਂ ਦੀ ਚਿੰਤਾ ਹੋਣ ਦਾ ਦਾਅਵਾ ਕਰਨ ਤੋਂ ਪਹਿਲਾਂ ਆਪਣੇ 12 ਸਾਲਾਂ ਦੇ ਕਾਰਜਕਾਲ ਦਾ ਵੀ ਆਤਮ-ਮੰਥਨ ਕਰਨਾ ਚਾਹੀਦਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਉਸ ਸਮੇਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਤਾਨਾਸ਼ਾਹੀ ਵਾਲਾ ਰਵੱਈਆ ਅਪਣਾਇਆ ਗਿਆ ਅਤੇ ਕਰਮਚਾਰੀਆਂ ਦੀਆਂ ਭਾਵਨਾਵਾਂ ਤੇ ਹੱਕਾਂ ਨੂੰ ਉਹ ਸਨਮਾਨ ਨਹੀਂ ਮਿਲਿਆ, ਜਿਸ ਦੀ ਉਨ੍ਹਾਂ ਨੂੰ ਉਮੀਦ ਸੀ। ਇਸ ਦੇ ਵਿਰੁੱਧ ਮੌਜੂਦਾ ਦਿਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਕਾਂ ਨੇ ਕਰਮਚਾਰੀਆਂ ਦੇ ਹਿੱਤਾਂ ਦੀ ਰਾਖੀ ਲਈ ਕਈ ਅਹਿਮ ਕਦਮ ਚੁੱਕੇ ਹਨ ਅਤੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਪੂਰਾ ਕਰਨ ਲਈ ਯਤਨਸ਼ੀਲ ਹਨ।

ਉਨ੍ਹਾਂ ਕਿਹਾ ਕਿ ਕੁਝ ਗਿਣਤੀ ਦੇ ਲੋਕਾਂ ਵੱਲੋਂ ਵਾਰ-ਵਾਰ ਕਰਮਚਾਰੀਆਂ ਨੂੰ ਇਕੱਠਾ ਕ੍ਰਰਕੇ ਪ੍ਰਬੰਧਕੀ ਮਾਹੌਲ ਖ਼ਰਾਬ ਕਰਨ ਦੇ ਯਤਨ ਕੀਤੇ ਜਾ ਰਹੇ ਹਨ, ਪਰ ਅਜਿਹੀਆਂ ਕੋਸ਼ਿਸ਼ਾਂ ਨਾਲ ਨਾ ਤਾਂ ਕਮੇਟੀ ਦਾ ਕੰਮਕਾਜ ਪ੍ਰਭਾਵਿਤ ਹੋਵੇਗਾ ਅਤੇ ਨਾ ਹੀ ਸੰਗਤ ਦਾ ਮੌਜੂਦਾ ਪ੍ਰਬੰਧਕਾਂ ਪ੍ਰਤੀ ਵਿਸ਼ਵਾਸ ਡੋਲ੍ਹੇਗਾ।

ਸਰਨਾ 'ਤੇ ਸਿਆਸੀ ਦੋਹਰੇ ਮਾਪਦੰਡ ਅਪਣਾਉਣ ਦਾ ਦੋਸ਼ ਲਾਉਂਦਿਆਂ ਕਾਲਕਾ ਨੇ ਕਿਹਾ ਕਿ ਜਿਹੜੇ ਲੋਕ ਕਈ ਸਾਲਾਂ ਤੱਕ ਬਾਦਲ ਪਰਿਵਾਰ ਵਿਰੁੱਧ ਬਿਆਨਬਾਜ਼ੀ ਕਰਦੇ ਰਹੇ, ਅੱਜ ਉਹੀ ਉਸ ਪਰਿਵਾਰ ਦੇ ਨਾਲ ਖੜ੍ਹੇ ਦਿਖਾਈ ਦੇ ਰਹੇ ਹਨ। ਉਨ੍ਹਾਂ ਸਵਾਲ ਕੀਤਾ ਕਿ ਅਜਿਹੇ ਬਦਲਦੇ ਰਾਜਨੀਤਿਕ ਰੁਖ਼ ਦੇ ਮੱਦੇਨਜ਼ਰ ਸੰਗਤ ਉਨ੍ਹਾਂ 'ਤੇ ਭਰੋਸਾ ਕਿਵੇਂ ਕਰੇ?

ਉਨ੍ਹਾਂ ਕਿਹਾ ਕਿ ਦਿੱਲੀ ਦੇ ਸਿੱਖ ਭਾਈਚਾਰੇ ਵਿੱਚ ਆਪਸੀ ਸਦਭਾਵਨਾ ਅਤੇ ਸਿੱਖ ਸੰਸਥਾਵਾਂ ਦੀ ਮਜ਼ਬੂਤੀ ਬਹੁਤ ਜ਼ਰੂਰੀ ਹੈ। ਸਿੱਖ ਸੰਸਥਾਵਾਂ ਨੂੰ ਆਪਸੀ ਟਕਰਾਅ ਅਤੇ ਨਿੱਜੀ ਰਾਜਨੀਤਿਕ ਹਿੱਤਾਂ ਦੀ ਭੇਟ ਚੜ੍ਹਾਉਣ ਦੀ ਬਜਾਏ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਨੁਸਾਰ ਸੇਵਾ, ਸਿਮਰਨ ਅਤੇ ਸੰਗਤ ਦੇ ਹਿੱਤਾਂ ਨੂੰ ਪਹਿਲ ਦਿੱਤੀ ਜਾਣੀ ਚਾਹੀਦੀ ਹੈ।

ਗੋਲਡ ਮੈਡਲ ਜੇਤੂ ਬਿਕਰਮ ਸਿੰਘ ਦੇ ਸਨਮਾਨ ਮੌਕੇ ਦਿਵਾਨਵਾਲਾ 'ਚ ਉਮੜਿਆ ਜਨ ਸੈਲਾਬ

ਅਜਿਹੇ ਖਿਡਾਰੀ ਹੀ ਹੋਰਨਾਂ ਨੌਜਵਾਨਾਂ ਲਈ ਬਣਦੇ ਹਨ ਮਾਰਗਦਰਸ਼ਕ: ਰਣਜੋਧ ਸਿੰਘ ਹਡਾਣਾ



ਦੇਵੀਗੜ੍ਹ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਨੈਸ਼ਨਲ ਗੇਮਜ਼ ਐਥਲੈਟਿਕਸ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨ ਤਗਮਾ (ਗੋਲਡ ਮੈਡਲ) ਜਿੱਤ ਕੇ ਪੂਰੇ ਦੇਸ਼ ਵਿੱਚ ਪੰਜਾਬ ਅਤੇ ਹਲਕਾ ਸਨੌਰ ਦਾ ਨਾਮ ਰੌਸ਼ਨ ਕਰਨ ਵਾਲੇ ਪਿੰਡ ਦਿਵਾਨਵਾਲਾ ਦੇ ਹੋਣਹਾਰ ਨੌਜਵਾਨ ਅਥਲੀਟ ਬਿਕਰਮ ਸਿੰਘ ਦਾ ਪਿੰਡ ਪਹੁੰਚਣ 'ਤੇ ਬੇਮਿਸਾਲ ਅਤੇ ਨਿੱਘਾ ਸਵਾਗਤ ਕੀਤਾ ਗਿਆ। ਇਸ ਇਤਿਹਾਸਕ ਪਲ ਦੇ ਗਵਾਹ ਬਣਨ ਅਤੇ ਆਪਣੇ ਚਹੇਤੇ ਖਿਡਾਰੀ ਦੀ ਹੌਸਲਾ-ਅਫ਼ਜ਼ਾਈ ਲਈ ਪਿੰਡ ਦਿਵਾਨਵਾਲਾ ਵਿਖੇ ਭਾਰੀ ਇਕੱਠ ਦੇਖਣ ਨੂੰ ਮਿਲਿਆ ਅਤੇ ਵੱਡੀ ਗਿਣਤੀ ਵਿੱਚ ਲੋਕਾਂ ਦਾ ਜਨ ਸੈਲਾਬ ਉਮੜ ਪਿਆ। ਇਸ ਮੌਕੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਉਚੇਚੇ ਤੌਰ 'ਤੇ ਪਹੁੰਚ ਕੇ ਬਿਕਰਮ ਸਿੰਘ ਦਾ ਮੂੰਹ ਮਿੱਠਾ ਕਰਵਾਇਆ ਅਤੇ ਸਿਰੋਪਾਓ ਪਹਿਨਾ ਕੇ ਹੋਣਹਾਰ ਅਥਲੀਟ ਦੀ ਪਿੱਠ ਥਾਪੜੀ।

ਇਸ ਮੌਕੇ ਉਮੜੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਬਿਕਰਮ ਸਿੰਘ ਵਰਗੇ ਮਿਹਨਤੀ ਅਤੇ ਜੁਝਾਰੂ ਨੌਜਵਾਨ ਸਾਡੇ ਸਮਾਜ ਦਾ ਅਸਲ ਸਰਮਾਇਆ ਹਨ ਅਤੇ ਹੋਰਨਾਂ ਨੌਜਵਾਨਾਂ ਲਈ ਮਾਰਗਦਰਸ਼ਕ ਵੀ ਹਨ, ਜਿਨ੍ਹਾਂ ਨੇ ਆਪਣੀ ਅਣਥੱਕ ਮਿਹਨਤ ਸਦਕਾ ਰਾਸ਼ਟਰੀ ਪੱਧਰ 'ਤੇ ਵੱਡੀ ਪ੍ਰਾਪਤੀ ਹਾਸਲ ਕਰਕੇ ਪਿੰਡ ਅਤੇ ਸਮੁੱਚੇ ਹਲਕੇ ਦਾ ਮਾਣ ਵਧਾਇਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ, ਪਿੰਡਾਂ ਵਿੱਚ ਖੇਡ ਮੈਦਾਨ ਮੁਹੱਈਆ ਕਰਵਾਉਣ ਅਤੇ ਖਿਡਾਰੀਆਂ ਦੀ ਹੌਸਲਾ-ਅਫ਼ਜ਼ਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਸਰਦਾਰ ਹਡਾਣਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਖਿਡਾਰੀਆਂ ਨੂੰ ਬਿਹਤਰ ਸਹੂਲਤਾਂ, ਨਕਦ ਇਨਾਮ ਅਤੇ ਨੌਕਰੀਆਂ ਦੇ ਕੇ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰ ਰਹੀ ਹੈ ਤਾਂ ਜੋ ਪੰਜਾਬ ਮੁੜ ਖੇਡਾਂ ਦੇ ਖੇਤਰ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣ ਸਕੇ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਅਲਾਮਤਾਂ ਤੋਂ ਦੂਰ ਰਹਿ ਕੇ ਖੇਡਾਂ ਅਤੇ ਪੜ੍ਹਾਈ ਵੱਲ ਧਿਆਨ ਦੇਣ ਦਾ ਸੱਦਾ ਦਿੱਤਾ।

ਇਸ ਮੌਕੇ ਗੋਲਡ ਮੈਡਲ ਜੇਤੂ ਬਿਕਰਮ ਸਿੰਘ ਅਤੇ ਉਸ ਦੇ ਪਰਿਵਾਰਕ ਮੈਂਬਰਾਂ ਨੇ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਅਤੇ ਸਮੂਹ ਪਿੰਡ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

ਸਮਾਗਮ ਦੌਰਾਨ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਘੁੰਮਣ, ਸਰਪੰਚ ਮਲਕੀਤ ਸਿੰਘ, ਨਿਰਮਲ ਸਿੰਘ ਬੂਥ ਇੰਚਾਰਜ, ਗੁਰਭੇਜ ਸਿੰਘ ਬੂਥ ਇੰਚਾਰਜ ਤੋਂ ਇਲਾਵਾ ਪਿੰਡ ਦੀ ਪੰਚਾਇਤ, ਪਤਵੰਤੇ ਸੱਜਣ, ਪਾਰਟੀ ਵਰਕਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਪੰਜਾਬੀ ਸੱਭਿਆਚਾਰ ਦੇ ਰੰਗਾਂ ਦਾ ਸੁਮੇਲ ਐਮ. ਆਰ. ਐਸ. ਪੀਟੀਯੂ ਦਾ ਯੁਵਕ ਮੇਲਾ ਸ਼ਾਨੋ-ਸ਼ੌਕਤ ਨਾਲ ਸ਼ੁਰੂ

ਬਠਿੰਡਾ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ (ਐਮਆਰਐਸਪੀਟੀਯੂ), ਬਠਿੰਡਾ ਦੇ ਤਿੰਨ ਰੋਜ਼ਾ 11ਵੇਂ ਅੰਤਰ-ਜ਼ੋਨਲ ਯੁਵਕ ਮੇਲੇ ਦਾ ਅੱਜ ਇਥੇ ਮੁੱਖ ਕੈਂਪਸ ਵਿਖੇ ਸ਼ਾਨਦਾਰ ਆਗਾਜ਼ ਹੋਇਆ। ਪੰਜਾਬੀ ਸੱਭਿਆਚਾਰ ਦੇ ਰੰਗਾਂ ਦਾ ਸੁਮੇਲ, ਪੰਜਾਬ ਦੀ ਅਮੀਰ ਵਿਰਾਸਤ, ਨੌਜਵਾਨਾਂ ਦੀ ਸਿਰਜਣਾਤਮਕਤਾ ਅਤੇ ਕਲਾਤਮਕ ਪ੍ਰਤਿਭਾ ਦਾ ਸੁਮੇਲ ਉਦਘਾਟਨੀ ਸਮਾਗਮ ਦਰਸ਼ਕਾਂ ਲਈ ਮੁੱਖ ਆਕਰਸ਼ਣ ਰਿਹਾ।



'ਜੁਗ ਜੁਗ ਜੀਵੇ ਪੰਜਾਬ' ਦੇ ਥੀਮ ਹੇਠ ਕਰਵਾਏ ਜਾ ਰਹੇ ਇਸ ਮੇਲੇ ਵਿੱਚ ਯੂਨੀਵਰਸਿਟੀ ਦੇ ਅਧੀਨ ਅਤੇ ਕਾਂਸਟੀਚੂਐਂਟ ਕਾਲਜਾਂ ਦੇ 1,200 ਤੋਂ ਵੱਧ ਵਿਦਿਆਰਥੀ ਭਾਗ ਲੈ ਰਹੇ ਹਨ।

ਮੇਲੇ ਦੇ ਮੁੱਖ ਮਹਿਮਾਨ ਬਠਿੰਡਾ ਦੇ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਹੋਰ ਪਤਵੰਤਿਆਂ ਦੀ ਹਾਜ਼ਰੀ ਵਿੱਚ ਸ਼ਮ੍ਹਾ ਰੌਸ਼ਨ ਕਰਕੇ ਇਸ ਵਿਸ਼ਾਲ ਸੱਭਿਆਚਾਰਕ ਸਮਾਗਮ ਦਾ ਉਦਘਾਟਨ ਕੀਤਾ। ਉਨ੍ਹਾਂ ਆਪਣੇ ਪ੍ਰੇਰਨਾਦਾਇਕ ਸੰਬੋਧਨ ਰਾਹੀਂ ਵਿਦਿਆਰਥੀਆਂ ਨੂੰ ਵੱਡੇ ਸੁਪਨੇ ਦੇਖਣ, ਸਖ਼ਤ ਮਿਹਨਤ ਕਰਨ ਅਤੇ ਜੀਵਨ ਵਿੱਚ ਉੱਚੀਆਂ ਮੰਜ਼ਿਲਾਂ ਸਰ ਕਰਨ ਲਈ ਪ੍ਰੇਰਿਤ ਕੀਤਾ।

ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸ੍ਰੀ ਧੀਮਾਨ ਨੇ ਕਿਹਾ ਕਿ ਸਖ਼ਤ ਮਿਹਨਤ, ਸਮਰਪਣ ਅਤੇ ਦ੍ਰਿੜ੍ਹ ਇਰਾਦਾ ਹੀ ਸਫ਼ਲਤਾ ਦੀ ਅਸਲ ਕੁੰਜੀ ਹਨ। ਉਨ੍ਹਾਂ ਨੌਜਵਾਨਾਂ ਨੂੰ ਆਪਣੇ ਅੰਦਰਲੀ ਸਮਰੱਥਾ ਪਛਾਨਣ, ਉੱਚੇ ਟੀਚੇ ਮਿੱਥਣ ਅਤੇ ਮਿਲ ਰਹੇ ਮੌਕਿਆਂ ਦਾ ਭਰਪੂਰ ਲਾਭ ਉਠਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਪੜ੍ਹਾਈ ਦੇ ਨਾਲ-ਨਾਲ ਸੱਭਿਆਚਾਰਕ, ਸਾਹਿਤਕ ਅਤੇ ਹੋਰ ਸਹਿ-ਵਿੱਦਿਅਕ ਗਤੀਵਿਧੀਆਂ ਵਿੱਚ ਸਰਗਰਮ ਸ਼ਮੂਲੀਅਤ ਵੀ ਬੇਹੱਦ ਜ਼ਰੂਰੀ ਹੈ।

ਸੋਸ਼ਲ ਮੀਡੀਆ ਦੀ ਅੰਨ੍ਹੇਵਾਹ ਵਰਤੋਂ ਪ੍ਰਤੀ ਨੌਜਵਾਨਾਂ ਨੂੰ ਸੁਚੇਤ ਕਰਦਿਆਂ ਉਨ੍ਹਾਂ ਕਿਹਾ ਕਿ ਵਰਚੁਅਲ ਦੁਨੀਆ ਵਿੱਚ ਦਿਖਾਈ ਦੇਣ ਵਾਲੀ ਹਰ ਚੀਜ਼ ਹਕੀਕਤ ਨਹੀਂ ਹੁੰਦੀ। ਉਨ੍ਹਾਂ ਨੌਜਵਾਨਾਂ ਨੂੰ ਡਿਜੀਟਲ ਪਲੇਟਫਾਰਮਾਂ ਦੀ ਸੂਝ-ਬੂਝ ਨਾਲ ਵਰਤੋਂ ਕਰਨ ਅਤੇ ਆਪਣਾ ਕੀਮਤੀ ਸਮਾਂ ਸਾਰਥਕ ਕੰਮਾਂ, ਗਿਆਨ ਹਾਸਲ ਕਰਨ ਅਤੇ ਆਪਣੇ ਆਪ ਨੂੰ ਬਿਹਤਰ ਬਣਾਉਣ ਵਿੱਚ ਲਗਾਉਣ ਦੀ ਸਲਾਹ ਦਿੱਤੀ। ਉਨ੍ਹਾਂ ਸਿਹਤਮੰਦ ਮੁਕਾਬਲੇ ਦੀ ਭਾਵਨਾ ਅਪਣਾਉਣ, ਸਫ਼ਲ ਵਿਅਕਤੀਆਂ ਤੋਂ ਪ੍ਰੇਰਨਾ ਲੈਣ ਅਤੇ ਆਪਣੇ ਮਾਪਿਆਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਪੂਰੀ ਲਗਨ ਨਾਲ ਮਿਹਨਤ ਕਰਨ ਦਾ ਸੱਦਾ ਦਿੱਤਾ।

ਯੂਨੀਵਰਸਿਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਕਿਹਾ ਕਿ ਅਜਿਹੇ ਮੰਚ ਨੌਜਵਾਨਾਂ ਦੀ ਪ੍ਰਤਿਭਾ ਨੂੰ ਨਿਖਾਰਨ ਅਤੇ ਉਨ੍ਹਾਂ ਵਿੱਚ ਆਤਮ-ਵਿਸ਼ਵਾਸ ਪੈਦਾ ਕਰਨ ਲਈ ਅਹਿਮ ਭੂਮਿਕਾ ਨਿਭਾਉਂਦੇ ਹਨ।

ਉੱਘੇ ਪੰਜਾਬੀ ਅਦਾਕਾਰ ਮਲਕੀਤ ਰੌਣੀ, ਆਗਾਮੀ ਪੰਜਾਬੀ ਫ਼ਿਲਮ 'ਹਰ ਮੈਦਾਨ ਫ਼ਤਹਿ' ਦੇ ਮੁੱਖ ਅਦਾਕਾਰ ਬਿਨੈ ਜੌੜਾ ਅਤੇ ਫ਼ਿਲਮ ਦੀ ਹੋਰ ਸਟਾਰ ਕਾਸਟ ਸਮੇਤ ਉਦਘਾਟਨੀ ਸਮਾਰੋਹ ਵਿੱਚ ਵਿਸ਼ੇਸ਼ ਖਿੱਚ ਦਾ ਕੇਂਦਰ ਰਹੇ।

ਵਿਦਿਆਰਥੀਆਂ ਨਾਲ ਰੂਬਰੂ ਹੁੰਦਿਆਂ ਮਲਕੀਤ ਰੌਣੀ ਨੇ ਉਨ੍ਹਾਂ ਨੂੰ ਜੀਵਨ ਵਿੱਚ ਸਪੱਸ਼ਟ ਟੀਚੇ ਮਿੱਥਣ, ਆਪਣੀ ਕਾਬਲੀਅਤ 'ਤੇ ਭਰੋਸਾ ਰੱਖਣ ਅਤੇ ਦ੍ਰਿੜ੍ਹ ਇਰਾਦੇ ਨਾਲ ਆਪਣੇ ਸੁਪਨਿਆਂ ਦੀ ਪੂਰਤੀ ਲਈ ਯਤਨਸ਼ੀਲ ਰਹਿਣ ਦਾ ਸੱਦਾ ਦਿੱਤਾ। ਫ਼ਿਲਮ ਜਗਤ ਵਿੱਚ ਆਪਣੇ ਲੰਮੇ ਤਜਰਬੇ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਸਫ਼ਲਤਾ ਹਾਸਲ ਕਰਨ ਲਈ ਸਬਰ, ਅਨੁਸ਼ਾਸਨ, ਨਿਰੰਤਰ ਮਿਹਨਤ ਅਤੇ ਅਸਫ਼ਲਤਾਵਾਂ ਦਾ ਸਾਹਮਣਾ ਕਰਨ ਦਾ ਹੌਸਲਾ ਹੋਣਾ ਜ਼ਰੂਰੀ ਹੈ। ਉਨ੍ਹਾਂ ਨੌਜਵਾਨਾਂ ਨੂੰ ਚੁਣੌਤੀਆਂ ਨੂੰ ਰੁਕਾਵਟਾਂ ਦੀ ਬਜਾਏ ਸਿੱਖਣ ਅਤੇ ਹੋਰ ਮਜ਼ਬੂਤ ਬਣਨ ਦੇ ਮੌਕਿਆਂ ਵਜੋਂ ਦੇਖਣ ਲਈ ਪ੍ਰੇਰਿਤ ਕੀਤਾ।

ਐਮਆਰਐਸਪੀਟੀਯੂ ਵੱਲੋਂ ਨੌਜਵਾਨ ਪ੍ਰਤਿਭਾਵਾਂ ਨੂੰ ਮੰਚ ਪ੍ਰਦਾਨ ਕਰਨ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਕਿਹਾ ਕਿ ਯੁਵਕ ਮੇਲੇ ਵਿਦਿਆਰਥੀਆਂ ਨੂੰ ਆਪਣੀ ਸਿਰਜਣਾਤਮਕਤਾ ਦਿਖਾਉਣ, ਆਤਮ-ਵਿਸ਼ਵਾਸ ਵਧਾਉਣ ਅਤੇ ਆਪਣੀ ਸੱਭਿਆਚਾਰਕ ਪਛਾਣ ਨੂੰ ਮਾਣ ਨਾਲ ਪੇਸ਼ ਕਰਨ ਦਾ ਮੌਕਾ ਦਿੰਦੇ ਹਨ। ਉਨ੍ਹਾਂ ਯੂਨੀਵਰਸਿਟੀ ਦੀਆਂ ਵਿਰਾਸਤੀ ਇਮਾਰਤਾਂ ਅਤੇ ਕੈਂਪਸ ਦੇ ਸੁੰਦਰ ਵਾਤਾਵਰਣ ਦੀ ਵੀ ਪ੍ਰਸ਼ੰਸਾ ਕੀਤੀ।

ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਸੰਜੀਵ ਕੁਮਾਰ ਸ਼ਰਮਾ ਨੇ ਕਿਹਾ ਕਿ ਐਮਆਰਐਸਪੀਟੀਯੂ ਵਿਦਿਆਰਥੀਆਂ ਦੀ ਅਕਾਦਮਿਕ ਅਤੇ ਕਿੱਤਾਮੁਖੀ ਉੱਤਮਤਾ ਦੇ ਨਾਲ-ਨਾਲ ਉਨ੍ਹਾਂ ਦੀ ਸਿਰਜਣਾਤਮਕ ਪ੍ਰਤਿਭਾ ਨੂੰ ਨਿਖਾਰਨ ਲਈ ਵੀ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਯੁਵਕ ਮੇਲੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਦੇ ਅਹਿਮ ਮੰਚ ਹਨ, ਜਿੱਥੇ ਉਨ੍ਹਾਂ ਨੂੰ ਆਪਣੀ ਛੁਪੀ ਹੋਈ ਪ੍ਰਤਿਭਾ ਪਛਾਨਣ ਅਤੇ ਜੀਵਨ ਲਈ ਜ਼ਰੂਰੀ ਹੁਨਰ ਵਿਕਸਿਤ ਕਰਨ ਦਾ ਮੌਕਾ ਮਿਲਦਾ ਹੈ।

ਉਨ੍ਹਾਂ ਕਿਹਾ ਕਿ ਸੱਭਿਆਚਾਰਕ ਅਤੇ ਸਾਹਿਤਕ ਸਰਗਰਮੀਆਂ ਵਿੱਚ ਸ਼ਮੂਲੀਅਤ ਨਾਲ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਅਗਵਾਈ ਦੀ ਸਮਰੱਥਾ, ਟੀਮ ਭਾਵਨਾ, ਅਨੁਸ਼ਾਸਨ ਅਤੇ ਸਿਰਜਣਾਤਮਕਤਾ ਦਾ ਵਿਕਾਸ ਹੁੰਦਾ ਹੈ। ਇਸ ਦੇ ਨਾਲ ਹੀ ਨੌਜਵਾਨ ਆਪਣੀ ਮਾਂ-ਬੋਲੀ, ਰੀਤੀ-ਰਿਵਾਜਾਂ ਅਤੇ ਸੱਭਿਆਚਾਰਕ ਜੜ੍ਹਾਂ ਨਾਲ ਵੀ ਜੁੜੇ ਰਹਿੰਦੇ ਹਨ। ਉਨ੍ਹਾਂ ਮੇਲੇ ਵਿੱਚ ਭਾਗ ਲੈ ਰਹੀਆਂ ਸੰਸਥਾਵਾਂ ਅਤੇ ਵਿਦਿਆਰਥੀ ਭਲਾਈ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕੀਤੀ। ਵਾਈਸ ਚਾਂਸਲਰ ਦੀ ਰਹਿਨੁਮਾਈ ਹੇਠ ਯੂਨੀਵਰਸਿਟੀ ਦਾ ਵਿਦਿਆਰਥੀ ਭਲਾਈ ਵਿਭਾਗ ਇਸ ਮੇਲੇ ਦਾ ਆਯੋਜਨ ਕਰ ਰਿਹਾ ਹੈ। ਮੇਲੇ ਦੌਰਾਨ ਭੰਗੜਾ, ਗਿੱਧਾ, ਸ਼ਾਸਤਰੀ ਅਤੇ ਪੱਛਮੀ ਸੰਗੀਤ, ਗਾਇਨ, ਸਾਜ਼ ਵਾਦਨ, ਕਵਿਤਾ ਉਚਾਰਨ, ਬਹਿਸ, ਭਾਸ਼ਣ, ਲਲਿਤ ਕਲਾਵਾਂ, ਚਿੱਤਰਕਲਾ, ਪੋਸਟਰ ਮੇਕਿੰਗ, ਕੋਲਾਜ ਅਤੇ ਰੰਗਮੰਚ ਸਮੇਤ ਵੱਖ-ਵੱਖ ਮੁਕਾਬਲੇ ਕਰਵਾਏ ਜਾ ਰਹੇ ਹਨ। ਡਾ. ਇਕਬਾਲ ਸਿੰਘ ਬਰਾੜ, ਡਾਇਰੈਕਟਰ ਵਿਦਿਆਰਥੀ ਭਲਾਈ ਅਤੇ ਉਨ੍ਹਾਂ ਦੀ ਸਮਰਪਿਤ ਟੀਮ ਮੇਲੇ ਦੀ ਯੋਜਨਾਬੰਦੀ, ਤਾਲਮੇਲ ਅਤੇ ਸੁਚੱਜੇ ਪ੍ਰਬੰਧਾਂ ਵਿੱਚ ਅਹਿਮ ਭੂਮਿਕਾ ਨਿਭਾ ਰਹੀ ਹੈ।

ਇਸ ਮੌਕੇ ਰਜਿਸਟਰਾਰ ਪ੍ਰੋ. ਪਰਮਜੀਤ ਸਿੰਘ, ਵੱਖ-ਵੱਖ ਡੀਨ, ਡਾਇਰੈਕਟਰ ਅਤੇ ਯੂਨੀਵਰਸਿਟੀ ਦੇ ਹੋਰ ਅਧਿਕਾਰੀ ਮੌਜੂਦ ਸਨ। ਵੱਖ-ਵੱਖ ਖੇਤਰਾਂ ਦੀਆਂ ਨਾਮਵਰ ਸ਼ਖ਼ਸੀਅਤਾਂ ਨੇ ਮੇਲੇ ਵਿੱਚ ਨਿਗਰਾਨ ਅਤੇ ਜੱਜ ਵਜੋਂ ਸ਼ਿਰਕਤ ਕੀਤੀ।

ਉਦਘਾਟਨੀ ਸਮਾਰੋਹ ਦਾ ਮੰਚ ਸੰਚਾਲਨਾ ਪ੍ਰੋ. ਸੁਨੀਤਾ ਕੋਤਵਾਲ ਨੇ ਬਾਖ਼ੂਬੀ ਨਿਭਾਈ।

'ਹਰ ਮੈਦਾਨ ਫ਼ਤਹਿ': ਸੁਪਨਿਆਂ, ਟੀਮ ਵਰਕ ਅਤੇ ਜਿੱਤ ਦੇ ਜਜ਼ਬੇ ਦੀ ਕਹਾਣੀ

ਮਲਕੀਤ ਰੌਣੀ ਅਤੇ ਫ਼ਿਲਮ ਦੀ ਸਟਾਰ ਕਾਸਟ ਨੇ ਵਿਦਿਆਰਥੀਆਂ ਨਾਲ ਕੀਤੀ ਰੂਬਰੂ ਮੁਲਾਕਾਤ; ਨੌਜਵਾਨਾਂ ਦੀ ਤਾਕਤ ਅਤੇ ਦ੍ਰਿੜ੍ਹ ਇਰਾਦੇ ਨੂੰ ਸਮਰਪਿਤ ਹੈ ਫ਼ਿਲਮ

ਐਮਆਰਐਸਪੀਟੀਯੂ ਦੇ ਯੁਵਕ ਮੇਲੇ ਵਿੱਚ ਸਿਨੇਮਾਈ ਰੰਗ ਭਰਦਿਆਂ ਉੱਘੇ ਅਦਾਕਾਰ ਮਲਕੀਤ ਰੌਣੀ, ਮੁੱਖ ਅਦਾਕਾਰ ਬਿਨੈ ਜੌੜਾ ਅਤੇ ਆਗਾਮੀ ਪੰਜਾਬੀ ਫ਼ਿਲਮ 'ਹਰ ਮੈਦਾਨ ਫ਼ਤਹਿ' ਦੀ ਹੋਰ ਸਟਾਰ ਕਾਸਟ ਨੇ ਵਿਦਿਆਰਥੀਆਂ ਨਾਲ ਰੂਬਰੂ ਮੁਲਾਕਾਤ ਕੀਤੀ ਅਤੇ ਫ਼ਿਲਮ ਦੀ ਪ੍ਰੇਰਨਾਦਾਇਕ ਕਹਾਣੀ ਬਾਰੇ ਜਾਣਕਾਰੀ ਸਾਂਝੀ ਕੀਤੀ। ਮਲਕੀਤ ਰੌਣੀ ਨੇ ਦੱਸਿਆ ਕਿ ਫ਼ਿਲਮ ਦੀ ਕਹਾਣੀ ਪੰਜ ਨੌਜਵਾਨਾਂ ਦੇ ਆਲੇ-ਦੁਆਲੇ ਘੁੰਮਦੀ ਹੈ, ਜਿਨ੍ਹਾਂ ਦੀ ਸ਼ਖ਼ਸੀਅਤ ਅਤੇ ਇੱਛਾਵਾਂ ਇੱਕ-ਦੂਜੇ ਤੋਂ ਵੱਖਰੀਆਂ ਹਨ।



ਹਰਿਆਣਾ ਖ਼ਬਰਨਾਮਾ



ਸਾਂਗ ਹਰਿਆਣਾ ਦੀ ਸੱਭਿਆਚਾਰਕ ਚੇਤਨਾ, ਲੋਕ ਜੀਵਨ ਅਤੇ ਅਮੀਰ ਪਰੰਪਰਾਵਾਂ ਦੀ ਪਛਾਣ : ਡਾ. ਆਦਿਤਿਆ ਦਹੀਆ

ਚੰਡੀਗੜ੍ਹ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਦੀ ਅਮੀਰ ਲੋਕ ਨਾਟਕ ਪਰੰਪਰਾ ਸਾਂਗ ਨੂੰ ਸਮਰਪਿਤ ਪ੍ਰਤਿਸ਼ਠਤ ਸ੍ਰੀ ਧਨਪਤ ਸਿੰਘ ਸਾਂਗੀ ਲਾਈਫਟਾਈਮ ਅਚੀਵਮੈਂਟ ਐਵਾਰਡ-2026 ਲਈ ਪ੍ਰਸਿੱਧ ਸਾਂਗੀ ਪੰਡਿਤ ਲਖਮੀਚੰਦ ਦੇ ਪੋਤੇ ਸ੍ਰੀ ਵਿਸ਼ਨੂੰਦੱਤ ਦੀ ਚੋਣ ਕੀਤੀ ਗਈ ਹੈ। ਉਨ੍ਹਾਂ ਨੂੰ ਇੱਕ ਲੱਖ ਰੁਪਏ ਦੀ ਇਨਾਮੀ ਰਾਸ਼ੀ ਅਤੇ ਪ੍ਰਸ਼ੰਸਾ ਪੱਤਰ ਪ੍ਰਦਾਨ ਕਰਕੇ ਸਨਮਾਨਿਤ ਕੀਤਾ ਜਾਵੇਗਾ।

ਹਰਿਆਣਾ ਦੇ ਸੂਚਨਾ, ਲੋਕ ਸੰਪਰਕ ਅਤੇ ਭਾਸ਼ਾ ਵਿਭਾਗ ਦੇ ਡਾਇਰੈਕਟਰ ਡਾ. ਆਦਿਤਿਆ ਦਹੀਆ ਨੇ ਦੱਸਿਆ ਕਿ ਹਰਿਆਣਾ ਦੀ ਲੋਕ ਸੰਸਕ੍ਰਿਤੀ ਵਿੱਚ ਸਾਂਗ ਦਾ ਵਿਸ਼ੇਸ਼ ਸਥਾਨ ਹੈ। ਇਹ ਸਿਰਫ਼ ਮਨੋਰੰਜਨ ਦੀ ਵਿਧਾ ਨਹੀਂ, ਸਗੋਂ ਲੋਕ ਜੀਵਨ, ਸਮਾਜਿਕ ਚੇਤਨਾ, ਨੈਤਿਕ ਮੁੱਲਾਂ ਅਤੇ ਸੱਭਿਆਚਾਰਕ ਪਰੰਪਰਾਵਾਂ ਨੂੰ ਜਨ-ਜਨ ਤੱਕ ਪਹੁੰਚਾਉਣ ਦਾ ਇੱਕ ਮਜਬੂਤ ਸਰੋਤ ਰਹੀ ਹੈ। ਸਾਂਗ ਦੀ ਇਸੇ ਗੌਰਵਸ਼ਾਲੀ ਵਿਰਾਸਤ ਦੀ ਸੰਭਾਲ ਅਤੇ ਕਲਾਕਾਰਾਂ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਵਿਭਾਗ ਵੱਲੋਂ ਹਰ ਸਾਲ ਰਾਜ ਪੱਧਰੀ ਸਾਂਗ ਮਹੋਤਸਵ ਦਾ ਆਯੋਜਨ ਕੀਤਾ ਜਾਂਦਾ ਹੈ।

ਉਨ੍ਹਾਂ ਦੱਸਿਆ ਕਿ ਸਾਲ 2025-26 ਦਾ ਰਾਜ ਪੱਧਰੀ ਸਾਂਗ ਮਹੋਤਸਵ 23 ਤੋਂ 27 ਫਰਵਰੀ, 2026 ਤੱਕ ਹਰਿਆਣਾ ਕਲਾ ਪ੍ਰੀਸ਼ਦ, ਕੁਰੂਕਸ਼ੇਤਰ ਦੇ ਆਡੀਟੋਰੀਅਮ ਵਿੱਚ ਕਰਵਾਇਆ ਗਿਆ ਸੀ। ਪੰਜ ਰੋਜ਼ਾ ਇਸ ਮਹੋਤਸਵ ਵਿੱਚ ਸੂਬੇ ਦੇ ਵੱਖ-ਵੱਖ ਸਾਂਗ ਕਲਾਕਾਰਾਂ ਨੇ ਆਪਣੀਆਂ ਪੇਸ਼ਕਾਰੀਆਂ ਰਾਹੀਂ ਹਰਿਆਣਾ ਦੀ ਰਵਾਇਤੀ ਲੋਕ ਨਾਟਕ ਸ਼ੈਲੀ, ਲੋਕ ਸੰਗੀਤ, ਅਦਾਕਾਰੀ ਅਤੇ ਸੰਵਾਦ ਅਦਾਇਗੀ ਦੀ ਅਮੀਰ ਝਲਕ ਪੇਸ਼ ਕੀਤੀ।ਡਾ. ਦਹੀਆ ਨੇ ਦੱਸਿਆ ਕਿ ਪੁਰਸਕਾਰ ਲਈ ਨਿਰਧਾਰਤ ਮੁਲਾਂਕਣ ਪ੍ਰਕਿਰਿਆ ਅਪਣਾਈ ਗਈ। ਇਸ ਤਹਿਤ ਸਮੀਖਿਆ ਕਮੇਟੀ ਵੱਲੋਂ ਕਲਾਕਾਰਾਂ ਦੀਆਂ ਮੰਚੀ ਪੇਸ਼ਕਾਰੀਆਂ ਦਾ ਮੁਲਾਂਕਣ 60 ਅੰਕਾਂ ਦੇ ਆਧਾਰ 'ਤੇ ਅਤੇ ਚੋਣ ਕਮੇਟੀ ਵੱਲੋਂ ਉਨ੍ਹਾਂ ਦੇ ਦਸਤਾਵੇਜ਼ਾਂ ਅਤੇ ਜੀਵਨ ਬਿਓਰੇ ਦਾ ਮੁਲਾਂਕਣ 40 ਅੰਕਾਂ ਦੇ ਆਧਾਰ 'ਤੇ ਕੀਤਾ ਗਿਆ। ਦੋਵਾਂ ਕਮੇਟੀਆਂ ਦੇ ਸਾਂਝੇ ਮੁਲਾਂਕਣ ਤੋਂ ਬਾਅਦ ਸ੍ਰੀ ਵਿਸ਼ਨੂੰਦੱਤ ਦੀ ਇਸ ਵੱਕਾਰੀ ਪੁਰਸਕਾਰ ਲਈ ਚੋਣ ਕੀਤੀ ਗਈ।ਡਾ. ਆਦਿਤਿਆ ਦਹੀਆ ਨੇ ਕਿਹਾ ਕਿ ਹਰਿਆਣਾ ਦੀ ਲੋਕ ਨਾਟਕ ਪਰੰਪਰਾ ਵਿੱਚ ਪੰਡਿਤ ਲਖਮੀਚੰਦ ਦਾ ਯੋਗਦਾਨ ਅਭੁੱਲ ਹੈ। ਉਨ੍ਹਾਂ ਨੇ ਆਪਣੀਆਂ ਰਚਨਾਵਾਂ, ਲੋਕ ਗੀਤਾਂ ਅਤੇ ਸਾਂਗ ਪੇਸ਼ਕਾਰੀਆਂ ਰਾਹੀਂ ਹਰਿਆਣਵੀ ਲੋਕ ਸਾਹਿਤ ਨੂੰ ਨਵੀਆਂ ਬੁਲੰਦੀਆਂ ਪ੍ਰਦਾਨ ਕੀਤੀਆਂ। ਉਨ੍ਹਾਂ ਦੀਆਂ ਰਚਨਾਵਾਂ ਵਿੱਚ ਲੋਕ ਜੀਵਨ ਦੀਆਂ ਸੰਵੇਦਨਾਵਾਂ, ਸਮਾਜਿਕ ਸਰੋਕਾਰਾਂ, ਨੈਤਿਕ ਕਦਰਾਂ-ਕੀਮਤਾਂ ਅਤੇ ਮਾਨਵੀ ਰਿਸ਼ਤਿਆਂ ਦੀ ਡੂੰਘੀ ਅਭਿਵਿਅਕਤੀ ਮਿਲਦੀ ਹੈ।

ਉਨ੍ਹਾਂ ਕਿਹਾ ਕਿ ਪੰਡਿਤ ਲਖਮੀਚੰਦ ਦੇ ਪੋਤੇ ਸ੍ਰੀ ਵਿਸ਼ਨੂੰਦੱਤ ਦੀ ਇਸ ਸਨਮਾਨ ਲਈ ਚੋਣ ਹੋਣਾ ਹਰਿਆਣਾ ਦੀ ਉਸ ਅਮੀਰ ਸੱਭਿਆਚਾਰਕ ਵਿਰਾਸਤ ਪ੍ਰਤੀ ਸਨਮਾਨ ਦਾ ਪ੍ਰਤੀਕ ਹੈ, ਜਿਸ ਨੇ ਲੋਕ ਕਲਾ ਅਤੇ ਲੋਕ ਭਾਸ਼ਾ ਨੂੰ ਸੂਬੇ ਦੀ ਵਿਸ਼ੇਸ਼ ਪਛਾਣ ਪ੍ਰਦਾਨ ਕੀਤੀ ਹੈ।

ਡਾ. ਆਦਿਤਿਆ ਦਹੀਆ ਨੇ ਦੱਸਿਆ ਕਿ ਚੁਣੇ ਗਏ ਸ੍ਰੀ ਵਿਸ਼ਨੂੰਦੱਤ ਨੂੰ ਇੱਕ ਲੱਖ ਰੁਪਏ ਦੀ ਇਨਾਮੀ ਰਾਸ਼ੀ ਅਤੇ ਪ੍ਰਸ਼ੰਸਾ ਪੱਤਰ ਪ੍ਰਦਾਨ ਕੀਤਾ ਜਾਵੇਗਾ। ਇਸ ਤੋਂ ਇਲਾਵਾ, ਰਾਜ ਪੱਧਰੀ ਸਾਂਗ ਮਹੋਤਸਵ ਵਿੱਚ ਹਿੱਸਾ ਲੈਣ ਵਾਲੇ ਹੋਰ ਕਲਾਕਾਰਾਂ ਨੂੰ ਪ੍ਰਤੀ ਪੇਸ਼ਕਾਰੀ 30 ਹਜ਼ਾਰ ਰੁਪਏ ਮਾਣਭੱਤਾ ਪ੍ਰਦਾਨ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਹਰਿਆਣਾ ਸਰਕਾਰ ਸੂਬੇ ਦੀਆਂ ਰਵਾਇਤੀ ਲੋਕ ਕਲਾਵਾਂ ਦੀ ਸੰਭਾਲ, ਪ੍ਰੋਤਸਾਹਨ ਅਤੇ ਪ੍ਰਚਾਰ-ਪ੍ਰਸਾਰ ਲਈ ਵਚਨਬੱਧ ਹੈ। ਵਿਭਾਗ ਦਾ ਉਦੇਸ਼ ਸੀਨੀਅਰ ਲੋਕ ਕਲਾਕਾਰਾਂ ਦੇ ਯੋਗਦਾਨ ਨੂੰ ਸਨਮਾਨ ਦੇਣ ਦੇ ਨਾਲ-ਨਾਲ ਨੌਜਵਾਨ ਪ੍ਰਤਿਭਾਵਾਂ ਨੂੰ ਮੰਚ ਪ੍ਰਦਾਨ ਕਰਨਾ ਅਤੇ ਨਵੀਂ ਪੀੜ੍ਹੀ ਨੂੰ ਆਪਣੀਆਂ ਸੱਭਿਆਚਾਰਕ ਜੜ੍ਹਾਂ ਨਾਲ ਜੋੜਨਾ ਹੈ।

ਡਾ. ਦਹੀਆ ਨੇ ਕਿਹਾ ਕਿ ਸਾਂਗ ਹਰਿਆਣਾ ਦੀ ਲੋਕ ਆਤਮਾ ਦੀ ਅਭਿਵਿਅਕਤੀ ਹੈ। ਇਸ ਪਰੰਪਰਾ ਨੂੰ ਜੀਵੰਤ ਰੱਖਣਾ ਸਾਡੀ ਸੱਭਿਆਚਾਰਕ ਜ਼ਿੰਮੇਵਾਰੀ ਹੈ। ਅਜਿਹੇ ਸਮਾਗਮਾਂ ਅਤੇ ਸਨਮਾਨਾਂ ਰਾਹੀਂ ਹਰਿਆਣਾ ਦੀ ਅਮੀਰ ਲੋਕ ਨਾਟਕ ਵਿਰਾਸਤ ਨੂੰ ਨਵੀਂ ਪਛਾਣ ਮਿਲਦੀ ਰਹੇਗੀ ਅਤੇ ਕਲਾਕਾਰਾਂ ਨੂੰ ਲਗਾਤਾਰ ਉਤਸ਼ਾਹ ਮਿਲਦਾ ਰਹੇਗਾ।

ਚੰਡੀਗੜ੍ਹ ਵਿੱਚ ਤੰਬਾਕੂ ਕੰਟਰੋਲ ਲਈ ਸੰਯੁਕਤ ਛਾਪੇਮਾਰੀ; ਉਲੰਘਣਾ ਕਰਨ ਵਾਲੇ ਦੁਕਾਨਦਾਰਾਂ ਨੂੰ ਜੁਰਮਾਨਾ, ਸਿਗਰਟਾਂ ਜ਼ਬਤ ਅਤੇ ਨਸ਼ਟ ਕੀਤੀਆਂ ਗਈਆਂ

ਚੰਡੀਗੜ੍ਹ, 12 ਨਵੰਬਰ
-ਸੰਜੀਵ ਸ਼ਰਮਾ-

ਮੁੱਖ ਸਕੱਤਰ, ਚੰਡੀਗੜ੍ਹ ਪ੍ਰਸ਼ਾਸਨ ਦੇ ਨਿਰਦੇਸ਼ਾਂ 'ਤੇ ਕਾਰਵਾਈ ਕਰਦੇ ਹੋਏ, ਅਤੇ ਸਕੱਤਰ ਸਿਹਤ ਅਤੇ ਐਡੀਸ਼ਨਲ ਸਕੱਤਰ ਸਿਹਤ ਦੇ ਮਾਰਗਦਰਸ਼ਨ ਵਿੱਚ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੇ ਅਧਿਕਾਰੀਆਂ ਦੀ ਅਗਵਾਈ ਵਾਲੀ ਇੱਕ ਸੰਯੁਕਤ ਟੀਮ ਨੇ ਅੱਜ ਚੰਡੀਗੜ੍ਹ ਵਿੱਚ ਤੰਬਾਕੂ ਕੰਟਰੋਲ ਸਬੰਧੀ ਪ੍ਰਾਵਧਾਨਾਂ ਨੂੰ ਲਾਗੂ ਕਰਵਾਉਣ ਲਈ ਛਾਪੇਮਾਰੀ ਕੀਤੀ। ਟੀਮ ਵਿੱਚ ਸਿਹਤ ਵਿਭਾਗ, ਪੁਲਿਸ ਵਿਭਾਗ, ਆਬਕਾਰੀ ਅਤੇ ਟੈਕਸੇਸ਼ਨ ਵਿਭਾਗ, ਲੀਗਲ ਮੈਟਰੋਲੋਜੀ ਵਿਭਾਗ ਅਤੇ ਖੁਰਾਕ ਸੁਰੱਖਿਆ ਅਤੇ ਡਰੱਗ ਕੰਟਰੋਲ ਵਿੰਗ ਦੇ ਅਧਿਕਾਰੀ ਸ਼ਾਮਲ ਸਨ।

ਛਾਪੇਮਾਰੀ ਦੇ ਦੌਰਾਨ ਸਿਗਰਟ ਅਤੇ ਹੋਰ ਤੰਬਾਕੂ ਉਤਪਾਦ ਐਕਟ (ਕੋਟਪਾ/ਸੀਓਟੀਪੀਏ), 2003 ਅਤੇ ਆਬਕਾਰੀ ਐਕਟ ਦੀਆਂ ਉਲੰਘਣਾਵਾਂ ਦਾ ਪਤਾ ਲਗਿਆ। ਵਿਭਿੰਨ ਪ੍ਰਤਿਸ਼ਠਾਨਾਂ 'ਤੇ ਕੀਤੀ ਗਈ ਕਾਰਵਾਈ ਦਾ ਵਿਵਰਣ ਨਿਮਨਲਿਖਤ ਹੈ:

1. ਰਾਇਲ ਕਨਫੈਕਸ਼ਨਰਸ, ਸੈਕਟਰ-35 ਸੀ

ਸ਼੍ਰੀ ਦੇਵ ਰਾਓ, ਪੁੱਤਰ ਸ਼੍ਰੀ ਜਮਲਾ ਪ੍ਰਸਾਦ, ਨਿਵਾਸੀ ਮਕਾਨ ਨੰਬਰ 3296, ਸੈਕਟਰ-35 ਡੀ, ਚੰਡੀਗੜ੍ਹ ਦੁਆਰਾ ਸੰਚਾਲਿਤ ਰਾਇਲ ਕਨਫੈਕਸ਼ਨਰਸ, ਚੌਰਸੀਆ ਪਾਨ ਦੀ ਇੱਕ ਇਕਾਈ, ਬੂਥ ਨੰਬਰ 468-ਸੀ, ਸੈਕਟਰ-35 ਸੀ ਵਿੱਚ ਉਚਿਤ ਸਾਇਨਬੋਰਡ ਅਤੇ ਬਿਲਾਂ ਦੇ ਬਿਨਾ ਸਿਗਰਟ ਵੇਚਦੇ ਪਾਇਆ ਗਿਆ। ਪ੍ਰਤਿਸ਼ਠਾਨ 'ਤੇ ਸਿਗਰਟ ਅਤੇ ਹੋਰ ਤੰਬਾਕੂ ਉਤਪਾਦ ਐਕਟ (ਕੋਟਪਾ/ਸੀਓਟੀਪੀਏ), 2003 ਦੀ ਧਾਰਾ 6(ਏ) ਦੇ ਤਹਿਤ ਨਿਰਧਾਰਿਤ ਸਾਇਨ ਬੋਰਡ ਪ੍ਰਦਰਸ਼ਿਤ ਨਹੀਂ ਕੀਤਾ ਗਿਆ ਸੀ।

ਸਿਹਤ ਵਿਭਾਗ ਨੇ 1,000 ਅਤੇ ਆਬਕਾਰੀ ਵਿਭਾਗ ਨੇ 500 ਦਾ ਜੁਰਮਾਨਾ ਲਗਾਇਆ। ਆਬਕਾਰੀ ਵਿਭਾਗ ਨੇ ਉਚਿਤ ਬਿਲਾਂ ਦੇ ਬਿਨਾ ਰੱਖੇ ਗਏ 3,600 ਮੁੱਲ ਦੇ ਸਿਗਰਟਾਂ ਦੇ 12 ਪੈਕੇਟ ਜ਼ਬਤ ਕੀਤੇ। ਇਸ ਤੋਂ ਇਲਾਵਾ, ਵਿਕ੍ਰੇਤਾ ਦੁਆਰਾ 18,000 ਮੁੱਲ ਦੇ ਖੁੱਲ੍ਹੀਆਂ ਸਿਗਰਟਾਂ ਦੇ 60 ਪੈਕੇਟ ਖ਼ੁਦ ਨਸ਼ਟ ਕੀਤੇ ਗਏ।

2. ਸਕਾਚ ਕਲੱਬ ਦੇ ਬਾਹਰ ਖੋਖਾ, ਸੈਕਟਰ-44 ਡੀ

ਸ਼੍ਰੀ ਅਜੈ ਕੁਮਾਰ ਸਾਹੂ, ਪੁੱਤਰ ਸ਼੍ਰੀ ਸੁਰੇਂਦਰ ਪ੍ਰਸਾਦ, ਵਾਸੀ ਮੋਤੀਹਾਰੀ, ਬਿਹਾਰ ਦੁਆਰਾ ਸੈਕਟਰ-44 ਡੀ ਸਥਿਤ ਸਕਾਚ ਕਲੱਬ ਦੇ ਬਾਹਰ ਸੰਚਾਲਿਤ ਖੋਖੇ 'ਤੇ ਖੁੱਲ੍ਹੀਆਂ ਸਿਗਰਟਾਂ ਮਿਲੀਆਂ। ਸਿਗਰਟ ਅਤੇ ਹੋਰ ਤੰਬਾਕੂ ਉਤਪਾਦ ਐਕਟ (ਕੋਟਪਾ/ਸੀਓਟੀਪੀਏ), 2003 ਦੀ ਧਾਰਾ 6(ਏ) ਦੇ ਤਹਿਤ ਨਿਰਧਾਰਿਤ ਸਾਇਨਬੋਰਡ ਵੀ ਨਹੀਂ ਸੀ।

ਸਿਹਤ ਵਿਭਾਗ ਅਤੇ ਆਬਕਾਰੀ ਵਿਭਾਗ ਨੇ 500-500 ਦਾ ਜੁਰਮਾਨਾ ਲਗਾਇਆ। ਆਬਕਾਰੀ ਵਿਭਾਗ ਨੇ 600 ਮੁੱਲ ਦੇ ਆਯਾਤ ਕੀਤੀਆਂ ਗਈਆਂ ਸਿਗਰਟਾਂ ਦੇ ਦੋ ਪੈਕੇਟ ਜ਼ਬਤ ਕੀਤੇ। ਇਸ ਤੋਂ ਇਲਾਵਾ, 1,500 ਮੁੱਲ ਦੇ ਖੁੱਲ੍ਹੀਆਂ ਸਿਗਰਟਾਂ ਦੇ ਪੰਜ ਪੈਕੇਟ ਨਸ਼ਟ ਕੀਤੇ ਗਏ।

3. ਨਨਖੂ ਪਾਨ ਐਂਡ ਕਨਫੈਕਸ਼ਨਰੀ, ਸੈਕਟਰ-44 ਡੀ

ਸ਼੍ਰੀ ਨਨਖੂ, ਪੁੱਤਰ ਸ਼੍ਰੀ ਲਲਤਾ ਪ੍ਰਸਾਦ, ਨਿਵਾਸੀ ਮਕਾਨ ਨੰਬਰ 508, ਕਜਹੇੜੀ, ਸੈਕਟਰ-52, ਚੰਡੀਗੜ੍ਹ ਦੁਆਰਾ ਸੰਚਾਲਿਤ ਨਨਖੂ ਪਾਨ ਅਤੇ ਕਨਫੈਕਸ਼ਨਰੀ, ਬੂਥ ਨੰਬਰ 400,ਸੈਕਟਰ-44 ਡੀ ਵਿੱਚ ਖੁੱਲ੍ਹੀਆਂ ਅਤੇ ਆਯਾਤ ਕੀਤੀਆਂ ਸਿਗਰਟਾਂ ਮਿਲੀਆਂ। ਸਿਗਰਟ ਅਤੇ ਹੋਰ ਤੰਬਾਕੂ ਉਤਪਾਦ ਐਕਟ (ਕੋਟਪਾ/ਸੀਓਟੀਪੀਏ), 2003 ਦੀ ਧਾਰਾ 6(ਏ) ਦੇ ਤਹਿਤ ਨਿਰਧਾਰਿਤ ਸਾਇਨ ਬੋਰਡ ਵੀ ਨਹੀਂ ਸੀ।

ਸਿਹਤ ਵਿਭਾਗ ਅਤੇ ਆਬਕਾਰੀ ਵਿਭਾਗ ਨੇ 1,000-1000 ਰੁਪਏ ਦਾ ਜੁਰਮਾਨਾ ਲਗਾਇਆ।ਆਬਕਾਰੀ ਵਿਭਾਗ ਨੇ ਉਚਿਤ ਬਿਲਾਂ ਦੇ ਬਿਨਾ ਰੱਖੇ ਗਏ 10,800 ਰੁਪਏ ਮੁੱਲ ਦੇ ਸਿਗਰਟਾਂ ਦੇ 36 ਪੈਕੇਟ ਜ਼ਬਤ ਕੀਤੇ। ਇਸ ਤੋਂ ਇਲਾਵਾ, 20,000 ਰੁਪਏ ਮੁੱਲ ਦੇ ਖੁੱਲ੍ਹੀਆਂ ਸਿਗਰਟਾਂ ਦੇ 75 ਪੈਕੇਟ ਅਤੇ ਹੁੱਕਾ ਫਲੇਵਰ ਦੇ 20 ਪੈਕੇਟ ਨਸ਼ਟ ਕੀਤੇ ਗਏ।

4. ਪੁਲਿਸ ਸਟੇਸ਼ਨ ਦੇ ਸਾਹਮਣੇ ਖੋਖਾ, ਸੈਕਟਰ-45 ਸੀ

ਸ਼੍ਰੀ ਰਾਜੇਂਦਰ ਕੁਮਾਰ, ਪੁੱਤਰ ਸ਼੍ਰੀ ਲਾਲ ਬਹਾਦੁਰ, ਨਿਵਾਸੀ ਜੁਈਪੁਰ, ਉੱਤਰ ਪ੍ਰਦੇਸ਼ ਦੁਆਰਾ ਸੈਕਟਰ-45 ਸੀ ਸਥਿਤ ਪੁਲਿਸ ਸਟੇਸ਼ਨ,
ਦੇ ਸਾਹਮਣੇ ਸੰਚਾਲਿਤ ਖੋਖੇ 'ਤੇ ਖੁੱਲ੍ਹੀਆਂ ਸਿਗਰਟਾਂ ਮਿਲੀਆਂ। ਸਿਗਰਟ ਅਤੇ ਹੋਰ ਤੰਬਾਕੂ ਉਤਪਾਦ ਐਕਟ (ਕੋਟਪਾ/ਸੀਓਟੀਪੀਏ), 2003 ਦੀ ਧਾਰਾ 6(ਏ) ਦੇ ਤਹਿਤ ਨਿਰਧਾਰਿਤ ਸਾਇਨਬੋਰਡ ਵੀ ਨਹੀਂ ਸੀ।

ਸਿਹਤ ਵਿਭਾਗ ਅਤੇ ਆਬਕਾਰੀ ਵਿਭਾਗ ਨੇ ਹਰੇਕ ਨੂੰ 500 ਰੁਪਏ ਦਾ ਜੁਰਮਾਨਾ ਲਗਾਇਆ। ਆਬਕਾਰੀ ਵਿਭਾਗ ਨੇ 600 ਰੁਪਏ ਮੁੱਲ ਦੇ ਆਯਾਤ ਕੀਤੀਆਂ ਗਈਆਂ ਸਿਗਰਟਾਂ ਦੇ ਦੋ ਪੈਕੇਟ ਜ਼ਬਤ ਕੀਤੇ। ਇਸ ਤੋਂ ਇਲਾਵਾ, 3,000 ਰੁਪਏ ਮੁੱਲ ਦੇ ਤੰਬਾਕੂ ਉਤਪਾਦਾਂ ਦੇ 10 ਪੈਕੇਟ ਜ਼ਬਤ ਕਰਕੇ ਨਸ਼ਟ ਕੀਤੇ ਗਏ।

5. ਦ ਲਿਕਰ ਲਾਊਂਜ ਦੇ ਬਾਹਰ ਖੋਖਾ, ਸੈਕਟਰ-36 ਡੀ

ਸ਼੍ਰੀ ਆਕਾਸ਼ ਕੁਮਾਰ, ਪੁੱਤਰ ਸ਼੍ਰੀ ਨਥੁਨੀ ਪ੍ਰਸਾਦ, ਨਿਵਾਸੀ ਪਿੰਡ ਦੜੀਆ, ਚੰਡੀਗੜ੍ਹ ਦੁਆਰਾ 'ਦ ਲਿਕਰ ਲਾਊਂਜ', ਐੱਸਸੀਓ 232-ਸੀ, ਸੈਕਟਰ-36 ਡੀ ਦੇ ਬਾਹਰ ਸੰਚਾਲਿਤ ਖੋਖੇ 'ਤੇ ਖੁੱਲ੍ਹੀਆਂ ਸਿਗਰਟਾਂ ਮਿਲੀਆਂ। ਸਿਗਰਟ ਅਤੇ ਹੋਰ ਤੰਬਾਕੂ ਉਤਪਾਦ ਐਕਟ (ਕੋਟਪਾ/ਸੀਓਟੀਪੀਏ), 2003 ਦੀ ਧਾਰਾ 6(ਏ) ਦੇ ਤਹਿਤ ਨਿਰਧਾਰਿਤ ਸਾਇਨਬੋਰਡ ਵੀ ਨਹੀਂ ਸੀ।

ਸਿਹਤ ਵਿਭਾਗ ਅਤੇ ਆਬਕਾਰੀ ਵਿਭਾਗ ਨੇ ਹਰੇਕ ਨੂੰ ?500 ਦਾ ਜੁਰਮਾਨਾ ਲਗਾਇਆ। ਇਸ ਤੋਂ ਇਲਾਵਾ, ?3,000 ਮੁੱਲ ਦੇ ਤੰਬਾਕੂ ਉਤਪਾਦਾਂ ਦੇ 10 ਪੈਕੇਟ ਜ਼ਬਤ ਕਰਕੇ ਨਸ਼ਟ ਕੀਤੇ ਗਏ।

6. ਕਲਾਕ ਆਊਲ 24ਗ7 ਸਟੋਰ, ਸੈਕਟਰ-36 ਡੀ

ਸੁਸ਼੍ਰੀ ਸੋਨੀਆ, ਪੁੱਤਰੀ ਸ਼੍ਰੀ ਸਹਜ ਰਾਮ, ਨਿਵਾਸੀ ਮਕਾਨ ਨੰਬਰ 1058, ਬੁੜੈਲ, ਸੈਕਟਰ-45, ਚੰਡੀਗੜ੍ਹ ਦੁਆਰਾ ਸੰਚਾਲਿਤ ਕਲਾਕ ਆਊਲ 24ਗ7 ਸਟੋਰ, ਐਸਸੀਓ 231-ਬੀ, ਸੈਕਟਰ-36 ਡੀ ਵਿੱਚ ਖੁੱਲ੍ਹੀਆਂ ਸਿਗਰਟਾਂ ਮਿਲੀਆਂ। ਸਿਗਰਟ ਅਤੇ ਹੋਰ ਤੰਬਾਕੂ ਉਤਪਾਦ ਐਕਟ (ਕੋਟਪਾ/ਸੀਓਟੀਪੀਏ), 2003 ਦੀ ਧਾਰਾ 6(ਏ) ਦੇ ਤਹਿਤ ਨਿਰਧਾਰਿਤ ਸਾਇਨ ਬੋਰਡ ਵੀ ਨਹੀਂ ਸੀ।

ਸਿਹਤ ਵਿਭਾਗ ਅਤੇ ਆਬਕਾਰੀ ਵਿਭਾਗ ਨੇ ਹਰੇਕ ਨੂੰ ?500 ਦਾ ਜੁਰਮਾਨਾ ਲਗਾਇਆ। ਇਸ ਤੋਂ ਇਲਾਵਾ, ?18,000 ਮੁੱਲ ਦੇ ਖੁੱਲ੍ਹੀਆਂ ਸਿਗਰਟਾਂ ਦੇ 60 ਪੈਕੇਟ ਨਸ਼ਟ ਕੀਤੇ ਗਏ।ਸਿਹਤ ਵਿਭਾਗ, ਆਬਕਾਰੀ ਵਿਭਾਗ ਅਤੇ ਲੀਗਲ ਮੈਟਰੋਲੋਜੀ ਵਿਭਾਗ ਦੁਆਰਾ ਦੁਕਾਨਦਾਰਾਂ 'ਤੇ ਕੁੱਲ ?5,500 ਦਾ ਜੁਰਮਾਨਾ ਲਗਾਇਆ ਗਿਆ। ਆਬਕਾਰੀ ਵਿਭਾਗ ਨੇ ਅਵੈਧ ਤੇ ਆਯਾਤ ਕੀਤੀਆਂ ਗਈਆਂ ਸਿਗਰਟਾਂ ਵੀ ਜ਼ਬਤ ਕੀਤੀਆਂ,ਜਿਨ੍ਹਾਂ ਦਾ ਥੋਕ ਬਜ਼ਾਰ ਵਿੱਚ ਮੁੱਲ ਲਗਭਗ ?7,500 ਸੀ ਖੁਦਰਾ ਮੁੱਲ ਇਸ ਤੋਂ ਕਿਤੇ ਅਧਿਕ ਸੀ। ਇਨ੍ਹਾਂ ਸਿਗਰਟਾਂ ਦੇ ਪੈਕੇਟਾਂ 'ਤੇ ਲਾਜ਼ਮੀ 85 ਪ੍ਰਤੀਸ਼ਤ ਸਚਿੱਤਰ ਸਿਹਤ ਚੇਤਾਵਨੀ ਅੰਕਿਤ ਨਹੀਂ ਸੀ। ਇਸ ਤੋਂ ਇਲਾਵਾ, ਖੁਦਰਾ ਵਿਕ੍ਰੇਤਾਵਾਂ ਦੁਆਰਾ ?63,500 ਮੁੱਲ ਦੇ ਖੁੱਲ੍ਹੀਆਂ ਸਿਗਰਟਾਂ ਦੇ 220 ਪੈਕੇਟ ਖ਼ੁਦ ਨਸ਼ਟ ਕੀਤੇ ਗਏ।

ਡਾਇਰੈਕਟਰ, ਸਿਹਤ ਅਤੇ ਪਰਿਵਾਰ ਭਲਾਈ, ਚੰਡੀਗੜ੍ਹ, ਡਾ. ਸੁਮਨ ਸਿੰਘ ਨੇ ਕਿਹਾ ਕਿ ਚੰਡੀਗੜ੍ਹ ਪ੍ਰਸ਼ਾਸਨ ਦੁਆਰਾ ਗਠਿਤ ਸਥਾਈ ਟਾਸਕ ਫੋਰਸ ਭਵਿੱਖ ਵਿੱਚ ਵੀ ਇਸ ਪ੍ਰਕਾਰ ਦੀ ਛਾਪੇਮਾਰੀ ਜਾਰੀ ਰੱਖੇਗੀ। ਇਸ ਦਾ ਉਦੇਸ਼ ਰਾਸ਼ਟਰੀ ਤੰਬਾਕੂ ਕੰਟਰੋਲ ਪ੍ਰੋਗਰਾਮ (ਐਨਟੀਸੀਪੀ), ਸਿਗਰਟ ਅਤੇ ਹੋਰ ਤੰਬਾਕੂ ਉਤਪਾਦ ਐਕਟ (ਕੋਟਪਾ/ਸੀਓਟੀਪੀਏ), 2003 ਇਲੈਕਟ੍ਰੌਨਿਕ ਸਿਗਰਟ ਮਨਾਹੀ ਐਕਟ (ਪੀਈਸੀਏ), 2019, ਅਤੇ ਤੰਬਾਕੂ ਸੇਵਨ ਦੇ ਹਾਨੀਕਾਰਕ ਪ੍ਰਭਾਵਾਂ ਬਾਰੇ ਲੋਕਾਂ ਨੂੰ ਜਾਗਰੂਕ ਕਰਨਾ ਅਤੇ ਅਵੈਧ ਆਯਾਤ ਕੀਤੀਆਂ ਗਈਆਂ ਸਿਗਰਟਾਂ ਦੀ ਵਿਕਰੀ ਰੋਕਣਾ ਹੈ।

ਸੂਬੇ ਭਰ ਵਿੱਚ ਖੁੱਲ੍ਹਣਗੀਆਂ 2,651 ਉਚਿਤ ਮੁੱਲ ਦੀਆਂ ਰਾਸ਼ਨ ਦੁਕਾਨਾਂ

ਚੰਡੀਗੜ੍ਹ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਸਰਕਾਰ ਨੇ ਗਰੀਬ ਅਤੇ ਯੋਗ ਪਰਿਵਾਰਾਂ ਤੱਕ ਰਾਸ਼ਨ ਡਿਪੂਆਂ ਦੀ ਪਹੁੰਚ ਬਿਹਤਰ ਬਣਾਉਣ ਲਈ ਸੂਬੇ ਭਰ ਵਿੱਚ 2,651 ਉਚਿਤ ਮੁੱਲ ਦੀਆਂ ਦੁਕਾਨਾਂ ਖੋਲ੍ਹਣ ਦਾ ਫੈਸਲਾ ਕੀਤਾ ਹੈ। ਹਾਲ ਹੀ ਵਿੱਚ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਨੇ ਸੂਬੇ ਵਿੱਚ ਖਾਲੀ ਪਈਆਂ 2,651 ਉਚਿਤ ਮੁੱਲ ਦੀਆਂ ਦੁਕਾਨਾਂ (ਫੇਅਰ ਪ੍ਰਾਈਸ ਸ਼ਾਪਸ) ਦੇ ਲਾਇਸੈਂਸ ਲਈ ਆਨਲਾਈਨ ਅਰਜ਼ੀਆਂ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ ਵਧਾ ਦਿੱਤੀ ਹੈ। ਹੁਣ ਇੱਛੁਕ ਬਿਨੈਕਾਰ 25 ਨਵੰਬਰ 2026 ਤੱਕ ਆਨਲਾਈਨ ਅਰਜ਼ੀਆਂ ਦੇ ਸਕਦੇ ਹਨ, ਜਦਕਿ ਪਹਿਲਾਂ ਇਸ ਦੀ ਆਖਰੀ ਮਿਤੀ 10 ਨਵੰਬਰ ਨਿਰਧਾਰਤ ਕੀਤੀ ਗਈ ਸੀ।ਇਸ ਸਬੰਧੀ ਜਾਣਕਾਰੀ ਦਿੰਦਿਆਂ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਫੇਅਰ ਪ੍ਰਾਈਸ ਸ਼ਾਪਸ ਰਾਹੀਂ ਵਿਸ਼ੇਸ਼ ਤੌਰ 'ਤੇ ਦੂਰ-ਦੁਰਾਡੇ ਦੇ ਖੇਤਰਾਂ ਵਿੱਚ ਰਹਿਣ ਵਾਲੇ ਨਾਗਰਿਕਾਂ ਨੂੰ ਸਿੱਧਾ ਲਾਭ ਪਹੁੰਚਾਇਆ ਜਾਵੇਗਾ, ਜਿੱਥੇ ਮੌਜੂਦਾ ਰਾਸ਼ਨ ਡਿਪੂ ਕਾਫ਼ੀ ਦੂਰ ਸਥਿਤ ਹਨ। ਇਸ ਯੋਜਨਾ ਨਾਲ ਨਾ ਸਿਰਫ਼ ਜਨਤਕ ਵੰਡ ਪ੍ਰਣਾਲੀ ਮਜ਼ਬੂਤ ਹੋਵੇਗੀ, ਸਗੋਂ ਨੌਜਵਾਨਾਂ ਲਈ ਸਵੈ-ਰੋਜ਼ਗਾਰ ਦੇ ਨਵੇਂ ਮੌਕੇ ਵੀ ਪੈਦਾ ਹੋਣਗੇ। ਇਸ ਦੇ ਨਾਲ ਹੀ, ਇਸ ਪੂਰੀ ਪ੍ਰਕਿਰਿਆ ਵਿੱਚ ਔਰਤਾਂ ਲਈ 33 ਫੀਸਦੀ ਰਾਖਵੇਂਕਰਨ ਦੀ ਵਿਵਸਥਾ ਕੀਤੀ ਗਈ ਹੈ, ਜਿਸ ਨਾਲ ਜ਼ਮੀਨੀ ਪੱਧਰ 'ਤੇ ਮਹਿਲਾ ਸਸ਼ਕਤੀਕਰਨ ਨੂੰ ਵੀ ਨਵਾਂ ਹੁਲਾਰਾ ਮਿਲੇਗਾ। ਉਨ੍ਹਾਂ ਦੱਸਿਆ ਕਿ ਇੱਛੁਕ ਬਿਨੈਕਾਰ ਆਨਲਾਈਨ ਪੋਰਟਲ ਰਾਹੀਂ ਅਰਜ਼ੀ ਦੇ ਸਕਦੇ ਹਨ। ਇਸ ਪੋਰਟਲ ਦੀ ਸ਼ੁਰੂਆਤ ਹਰਿਆਣਾ ਦੇ ਮੁੱਖ ਮੰਤਰੀ ਵੱਲੋਂ 10 ਅਕਤੂਬਰ 2026 ਨੂੰ ਕੀਤੀ ਗਈ ਸੀ। ਉਨ੍ਹਾਂ ਅੱਗੇ ਦੱਸਿਆ ਕਿ ਯੋਗ ਬਿਨੈਕਾਰ ਹਰਿਆਣਾ ਅੰਤਯੋਦਯ ਸਰਲ ਪੋਰਟਲ (https://saralharyana.gov.in) ਰਾਹੀਂ 25 ਨਵੰਬਰ 2026 ਤੱਕ ਆਪਣੀਆਂ ਅਰਜ਼ੀਆਂ ਆਨਲਾਈਨ ਜਮ੍ਹਾਂ ਕਰਵਾ ਸਕਦੇ ਹਨ। ਅਰਜ਼ੀ ਨਾਲ ਸਬੰਧਤ ਵਿਸਥਾਰ ਦਿਸ਼ਾ-ਨਿਰਦੇਸ਼, ਯੋਗਤਾ ਦੀਆਂ ਸ਼ਰਤਾਂ ਅਤੇ ਹਦਾਇਤਾਂ ਵਿਭਾਗ ਦੀ ਅਧਿਕਾਰਤ ਵੈੱਬਸਾਈਟ https://haryanafood.gov.in 'ਤੇ ਉਪਲਬਧ ਹਨ। ਖਾਲੀ ਪਈਆਂ ਉਚਿਤ ਮੁੱਲ ਦੀਆਂ ਦੁਕਾਨਾਂ ਦਾ ਜ਼ਿਲ੍ਹਾ-ਵਾਰ ਅਤੇ ਪਿੰਡ-ਵਾਰ ਵੇਰਵਾ ਵੀ ਵਿਭਾਗ ਦੀ ਵੈਬਸਾਈਟ ਅਤੇ ਸਬੰਧਤ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਵੈਬਸਾਈਟਾਂ 'ਤੇ ਦੇਖਿਆ ਜਾ ਸਕਦਾ ਹੈ।

ਜ਼ਿਲ੍ਹਾ ਚੋਣ ਅਫ਼ਸਰ ਵੱਲੋਂ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ; ਐੱਸ.ਐੱਸ.ਆਰ.-2027 ਤਹਿਤ ਡਰਾਫਟ ਵੋਟਰ ਸੂਚੀ ਦੀ ਪ੍ਰਕਾਸ਼ਨਾ ਅਤੇ ਦਾਅਵੇ-ਇਤਰਾਜ਼ਾਂ ਸਬੰਧੀ ਦਿੱਤੀ ਜਾਣਕਾਰੀ

ਫ਼ਤਹਿਗੜ੍ਹ ਸਾਹਿਬ, 12 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-



ਅਗਾਮੀ ਪੰਜਾਬ ਵਿਧਾਨ ਸਭਾ ਚੋਣਾਂ-2027 ਦੀਆਂ ਤਿਆਰੀਆਂ ਅਤੇ ਐੱਸ.ਐੱਸ.ਆਰ.-2027 ਤਹਿਤ ਅੱਜ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ.ਸੋਨਾ ਥਿੰਦ ਵੱਲੋਂ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ 12 ਨਵੰਬਰ 2026 ਨੂੰ ਡਰਾਫਟ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ, ਵੋਟਰ ਸੂਚੀ ਵਿੱਚ ਦਾਅਵੇ ਅਤੇ ਇਤਰਾਜ਼ ਦਾਇਰ ਕਰਨ ਦੀ ਪ੍ਰਕਿਰਿਆ ਅਤੇ ਚੋਣਾਂ ਨਾਲ ਸਬੰਧਤ ਵੱਖ-ਵੱਖ ਪਹਿਲੂਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਐੱਸ.ਐੱਸ.ਆਰ.-2027 ਤਹਿਤ ਡਰਾਫਟ ਵੋਟਰ ਸੂਚੀ ਦੀ ਪ੍ਰਕਾਸ਼ਨਾ 12 ਨਵੰਬਰ 2026 ਨੂੰ ਕੀਤੀ ਗਈ ਹੈ ਅਤੇ ਵੋਟਰ ਸੂਚੀ ਸਬੰਧੀ ਦਾਅਵੇ ਤੇ ਇਤਰਾਜ਼ 12 ਨਵੰਬਰ ਤੋਂ 11 ਦਸੰਬਰ 2026 ਤੱਕ ਦਾਇਰ ਕੀਤੇ ਜਾ ਸਕਦੇ ਹਨ। ਪ੍ਰਾਪਤ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 28 ਦਸੰਬਰ 2026 ਤੱਕ ਕੀਤਾ ਜਾਵੇਗਾ, ਜਦਕਿ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ 4 ਜਨਵਰੀ 2027 ਨੂੰ ਕੀਤੀ ਜਾਵੇਗੀ।

ਜ਼ਿਲ੍ਹਾ ਚੋਣ ਅਫ਼ਸਰ ਡਾ.ਸੋਨਾ ਥਿੰਦ ਨੇ ਦੱਸਿਆ ਕਿ ਜ਼ਿਲ੍ਹਾ ਫ਼ਿਰੋਜ਼ਪੁਰ ਦੀ ਡਰਾਫਟ ਵੋਟਰ ਸੂਚੀ ਅਨੁਸਾਰ ਜ਼ਿਲ੍ਹੇ ਵਿੱਚ ਕੁੱਲ 4,36,501 ਜਨਰਲ ਵੋਟਰ ਹਨ, ਜਿਨ੍ਹਾਂ ਵਿੱਚ 2,26,026 ਪੁਰਸ਼, 2,10,463 ਮਹਿਲਾ ਅਤੇ 12 ਤੀਜੇ ਲਿੰਗ ਦੇ ਵੋਟਰ ਸ਼ਾਮਲ ਹਨ। ਵਿਧਾਨ ਸਭਾ ਹਲਕਾ 54-ਬਸੀ ਪਠਾਣਾ 142614ਵੋਟਰ, ਹਲਕਾ ਫਤਹਿਗੜ੍ਹ ਸਾਹਿਬ-055 ਵਿੱਚ 155844 ਵੋਟਰ, ਹਲਕਾ ਅਮਲੋਹ-56 ਵਿੱਚ 138043ਵੋਟਰ ਸ਼ਾਮਲ ਹਨ। ਮੀਟਿੰਗ ਦੌਰਾਨ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਦੱਸਿਆ ਗਿਆ ਕਿ ਯੋਗਤਾ ਮਿਤੀ 01 ਅਪ੍ਰੈਲ 2027 ਨੂੰ 18 ਸਾਲ ਦੀ ਉਮਰ ਪੂਰੀ ਹੋਣ ਤੇ ਨਵੀਂ ਵੋਟ ਬਣਵਾਉਣ ਲਈ ਫਾਰਮ-6, ਵੋਟਰ ਸੂਚੀ ਵਿੱਚੋਂ ਨਾਮ ਕਟਵਾਉਣ ਲਈ ਫਾਰਮ-7 ਅਤੇ ਵੋਟਰ ਵੇਰਵਿਆਂ ਵਿੱਚ ਸੋਧ ਜਾਂ ਵੋਟ ਸ਼ਿਫਟ ਕਰਵਾਉਣ ਲਈ ਫਾਰਮ-8 ਦੀ ਵਰਤੋਂ ਕੀਤੀ ਜਾ ਸਕਦੀ ਹੈ। ਵੋਟਰ ਆਨਲਾਈਨ ਤੌਰ 'ਤੇ voters.eci.gov.in ਜਾਂ 539©5" ਮੋਬਾਈਲ ਐਪ ਰਾਹੀਂ ਫਾਰਮ ਭਰ ਸਕਦੇ ਹਨ ਜਾਂ ਸਬੰਧਤ ਈ.ਆਰ.ਓ. ਦਫ਼ਤਰ/ਬੂਥ ਲੈਵਲ ਅਫ਼ਸਰ ਦੀ ਸਹਾਇਤਾ ਲੈ ਸਕਦੇ ਹਨ।

ਜ਼ਿਲ੍ਹਾ ਚੋਣ ਅਫ਼ਸਰ ਵੱਲੋਂ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਗਈ ਕਿ ਉਹ ਆਪਣੇ ਪੱਧਰ 'ਤੇ ਵੀ ਯੋਗ ਨਾਗਰਿਕਾਂ ਨੂੰ ਵੋਟਰ ਸੂਚੀ ਵਿੱਚ ਆਪਣਾ ਨਾਮ ਅਤੇ ਵੇਰਵੇ ਚੈੱਕ ਕਰਨ ਲਈ ਉਤਸ਼ਾਹਿਤ ਕਰਨ ਅਤੇ ਜੇਕਰ ਕਿਸੇ ਕਿਸਮ ਦੀ ਸੋਧ, ਨਵੀਂ ਵੋਟ ਬਣਾਉਣ ਜਾਂ ਨਾਮ ਸਬੰਧੀ ਇਤਰਾਜ਼ ਹੋਵੇ ਤਾਂ ਨਿਰਧਾਰਤ ਸਮੇਂ ਅੰਦਰ ਆਪਣਾ ਦਾਅਵਾ ਜਾਂ ਇਤਰਾਜ਼ ਜ਼ਰੂਰ ਦਰਜ ਕਰਵਾਉਣ। ਇਸ ਮੌਕੇ ਵੋਟਰ ਸੂਚੀ ਦੀਆਂ ਫੋਟੋ ਵਾਲੀਆਂ ਕਾਪੀਆਂ ਅਤੇ ਬਿਨਾਂ ਫੋਟੋ ਵਾਲੀ ਵੋਟਰ ਸੂਚੀ ਦੀ ਸਾਫਟ ਕਾਪੀ ਵੀ ਉਪਲਬਧ ਕਰਵਾਉਣ ਸਬੰਧੀ ਜਾਣਕਾਰੀ ਦਿੱਤੀ ਗਈ। ਨਾਲ ਹੀ ਦੱਸਿਆ ਗਿਆ ਕਿ ਡਰਾਫਟ ਵੋਟਰ ਸੂਚੀ ਐਨ.ਆਈ.ਸੀ. ਦੀ ਅਧਿਕਾਰਤ ਵੈੱਬਸਾਈਟ 'ਤੇ ਵੀ ਅਪਲੋਡ ਕੀਤੀ ਜਾਵੇਗੀ, ਜਿੱਥੋਂ ਨਾਗਰਿਕ ਆਪਣੇ ਵੇਰਵੇ ਚੈੱਕ ਕਰ ਸਕਦੇ ਹਨ। ਮੀਟਿੰਗ ਵਿੱਚ ਚੋਣ ਵਧੀਕ ਡਿਪਟੀ ਕਮਿਸ਼ਨਰ ਇਸਮਤ ਵਿਜੈ ਸਿੰਘ, ਤਹਿਸੀਲਦਾਰ ਨਿਰਮਲਾ ਰਾਣੀ, ਭਾਰਤੀ ਜਨਤਾ ਪਾਰਟੀ ਤੋਂ ਹਰੀਸ਼ ਅਗਰਵਾਲ, ਐਸ.ਐਸ. ਭਾਰਦਵਾਜ, ਆਮ ਆਦਮੀ ਪਾਰਟੀ ਤੋਂ ਸੰਦੀਪ ਸਿੰਘ, ਸ੍ਰੋਮਣੀ ਅਕਾਲੀ ਦਲ ਤੋਂ ਮਨਜੀਤ ਸਿੰਘ ,ਚੋਣ ਦਫਤਰ ਤੋਂ ਸਨਪ੍ਰੀਤ ਸਿੰਘ ਆਦਿ ਹਾਜ਼ਰ ਸਨ।

ਪਸ਼ੂ ਪਾਲਕਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਅਤੇ ਪੇਂਡੂ ਅਰਥਵਿਵਸਥਾ ਨੂੰ ਸ਼ਕਤੀਸ਼ਾਲੀ ਬਣਾਉਣ ਲਈ ਨਿਰੰਤਰ ਯਤਨਸ਼ੀਲ : ਖੇਤੀਬਾੜੀ ਅਤੇ ਪਸ਼ੂ ਪਾਲਣ ਮੰਤਰੀ

ਚੰਡੀਗੜ੍ਹ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਹਰਿਆਣਾ ਦੇ ਖੇਤੀਬਾੜੀ ਅਤੇ ਪਸ਼ੂ ਪਾਲਣ ਮੰਤਰੀ ਸ਼੍ਰੀ ਸ਼ਿਆਮ ਸਿੰਘ ਰਾਣਾ ਨੇ ਕਿਹਾ ਕਿ ਰਾਜ ਸਰਕਾਰ ਸੂਬੇ ਵਿੱਚ ਪਸ਼ੂ ਪਾਲਕਾਂ ਨੂੰ ਆਰਥਿਕ ਤੌਰ 'ਤੇ ਆਤਮ-ਨਿਰਭਰ ਬਣਾਉਣ ਅਤੇ ਪੇਂਡੂ ਅਰਥਵਿਵਸਥਾ ਨੂੰ ਹੋਰ ਮਜ਼ਬੂਤ ਕਰਨ ਲਈ ਨਿਰੰਤਰ ਯਤਨ ਕਰ ਰਹੀ ਹੈ। ਇਸੇ ਲਈ ਪਸ਼ੂ ਪਾਲਣ ਨੂੰ ਉਤਸ਼ਾਹਤ ਕਰਨ ਅਤੇ ਕਿਸਾਨਾਂ ਦੀ ਆਜੀਵਿਕਾ ਦੇ ਨਵੇਂ ਰਾਹ ਖੋਲ੍ਹਣ ਲਈ ਸਰਕਾਰ ਵਲੋਂ ਕਈ ਵੱਡੇ ਕਦਮ ਚੁੱਕੇ ਗਏ ਹਨ।

ਉਨ੍ਹਾਂ ਦੱਸਿਆ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ ਵਿਜ਼ਨ ਅਨੁਸਾਰ, ਵਾਤਾਵਰਣ ਅਤੇ ਪਸ਼ੂ ਧਨ ਹਮੇਸ਼ਾ ਤੋਂ ਭਾਰਤ ਦੇ ਆਰਥਿਕ ਚਿੰਤਨ ਦਾ ਇੱਕ ਬਹੁਤ ਹੀ ਮਹੱਤਵਪੂਰਨ ਹਿੱਸਾ ਰਹੇ ਹਨ, ਅਤੇ ਰਾਜ ਸਰਕਾਰ ਇਸੇ ਦਿਸ਼ਾ ਵਿੱਚ ਨਿਰੰਤਰ ਕੰਮ ਕਰ ਰਹੀ ਹੈ।

ਸ਼੍ਰੀ ਰਾਣਾ ਨੇ ਦੱਸਿਆ ਕਿ ਸੂਬੇ ਦੀਆਂ ਰਜਿਸਟਰਡ ਗਊਸ਼ਾਲਾਵਾਂ ਅਤੇ ਨੰਦੀਸ਼ਾਲਾਵਾਂ ਦੇ ਗਊਵੰਸ਼ ਦੇ ਨਾਲ-ਨਾਲ ਮੁੜ ਵਸੇਬੇ ਕੀਤੇ ਗਏ ਗਊਵੰਸ਼ ਲਈ ਚਾਰਾ ਗ੍ਰਾਂਟ ਵਜੋਂ ਅਕਤੂਬਰ 2024 ਤੋਂ ਨਵੰਬਰ 2026 ਤੱਕ ਲਗਭਗ 361 ਕਰੋੜ ਰੁਪਏ ਦੀ ਰਾਸ਼ੀ ਵੰਡੀ ਗਈ ਹੈ। ਇਸ ਤੋਂ ਇਲਾਵਾ, ਦੁੱਧ ਦੀ ਪ੍ਰੋਸੈਸਿੰਗ ਅਤੇ ਪੋਸ਼ਣ ਨੂੰ ਉਤਸ਼ਾਹਤ ਕਰਨ ਲਈ ਪਿਸਤਾ ਅਤੇ ਕੇਸਰ ਫਲੇਵਰਡ ਦੁੱਧ, ਜੌਂ-ਜਵਾਰ ਦੇ ਲੱਡੂ, ਬਾਜਰੇ ਦੇ ਲੱਡੂ ਅਤੇ ਮੈਂਗੋ ਲੱਸੀ ਵਰਗੇ ਪੌਸ਼ਟਿਕ ਉਤਪਾਦ ਵੀ ਲਾਂਚ ਕੀਤੇ ਗਏ ਹਨ।ਖੇਤੀਬਾੜੀ ਅਤੇ ਪਸ਼ੂ ਪਾਲਣ ਮੰਤਰੀ ਨੇ ਅੱਗੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਡੇਅਰੀ ਖੇਤਰ ਦੇ ਢਾਂਚਾਗਤ ਸੁਧਾਰਾਂ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਇਸੇ ਲੜੀ ਵਿੱਚ ਸਹਿਕਾਰੀ ਸਭਾ ਪੱਧਰ 'ਤੇ ਦੁੱਧ ਠੰਢਾ ਕਰਨ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਮਕਸਦ ਨਾਲ ਸਾਲ 2024-26 ਦੌਰਾਨ 80 ਬਲਕ ਮਿਲਕ ਕੂਲਰ ਵੰਡੇ ਗਏ ਹਨ।

ਉਨ੍ਹਾਂ ਪਸ਼ੂ ਨਸਲ ਸੁਧਾਰ ਦੀ ਦਿਸ਼ਾ ਵਿੱਚ ਇੱਕ ਵੱਡੀ ਉਪਲਬਧੀ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਹਿਸਾਰ ਵਿੱਚ ਲਗਭਗ 18.63 ਕਰੋੜ ਰੁਪਏ ਦੀ ਲਾਗਤ ਨਾਲ ਇੱਕ ਆਧੁਨਿਕ ਸੈਕਸ-ਸੋਰਟਿਡ ਸੀਮਨ ਪ੍ਰਯੋਗਸ਼ਾਲਾ (Sex-Sorted Semen Laboratory) ਸਥਾਪਿਤ ਕੀਤੀ ਗਈ ਹੈ। ਇਸ ਤੋਂ ਇਲਾਵਾ, ਪਸ਼ੂ ਪਾਲਕਾਂ ਅਤੇ ਦੁੱਧ ਉਤਪਾਦਕਾਂ ਨੂੰ ਸਿੱਧਾ ਆਰਥਿਕ ਲਾਭ ਪਹੁੰਚਾਉਣ ਲਈ 'ਮੁੱਖ ਮੰਤਰੀ ਦੁੱਧ ਉਤਪਾਦਕ ਉਤਸ਼ਾਹ ਯੋਜਨਾ' ਤਹਿਤ ਅਕਤੂਬਰ 2024 ਤੋਂ ਸਤੰਬਰ 2026 ਤੱਕ ਲਗਭਗ 51,000 ਲਾਭਪਾਤਰੀਆਂ ਦੇ ਖਾਤਿਆਂ ਵਿੱਚ 133.11 ਕਰੋੜ ਰੁਪਏ ਦੀ ਸਬਸਿਡੀ ਰਾਸ਼ੀ ਟਰਾਂਸਫਰ ਕੀਤੀ ਗਈ ਹੈ।

ਸ਼੍ਰੀ ਰਾਣਾ ਨੇ ਕਿਹਾ ਕਿ ਸਰਕਾਰ ਦੇ ਇਹਨਾਂ ਨਿਰੰਤਰ ਯਤਨਾਂ ਨਾਲ ਸੂਬੇ ਵਿੱਚ ਪਸ਼ੂ ਪਾਲਕਾਂ ਦਾ ਆਰਥਿਕ ਵਿਕਾਸ ਹੋਵੇਗਾ ਅਤੇ ਗ੍ਰਾਮੀਣ ਅਰਥਵਿਵਸਥਾ ਨੂੰ ਹੋਰ ਮਜ਼ਬੂਤੀ ਮਿਲੇਗੀ।

ਪੀ.ਸੀ.ਐਸ. ਅਧਿਕਾਰੀ ਇਸਮਤ ਵਿਜੈ ਸਿੰਘ ਨੇ ਬਤੌਰ ਏ.ਡੀ.ਸੀ. (ਜਨਰਲ) ਅਹੁਦਾ ਸੰਭਾਲਿਆ



ਫ਼ਤਹਿਗੜ੍ਹ ਸਾਹਿਬ, 12 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

2016 ਬੈਚ ਦੇ ਪੀ.ਸੀ.ਐਸ ਅਧਿਕਾਰੀ ਸ਼੍ਰੀਮਤੀ ਇਸਮਤ ਵਿਜੈ ਸਿੰਘ ਨੇ ਅੱਜ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਦਾ ਅਹੁਦਾ ਸੰਭਾਲ ਲਿਆ। ਇਸ ਤੋਂ ਪਹਿਲਾਂ ਉਹ ਐਸ.ਡੀ.ਐਮ.ਧੂਰੀ ਤਾਇਨਾਤ ਸਨ। ਵਧੀਕ ਡਿਪਟੀ ਕਮਿਸ਼ਨਰ (ਜ) ਦਾ ਚਾਰਜ ਸੰਭਾਲਣ ਉਪਰੰਤ ਸ਼੍ਰੀਮਤੀ ਇਸਮਤ ਵਿਜੈ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ ਨੂੰ ਹੇਠਲੇ ਪੱਧਰ ਤੇ ਹਰੇਕ ਯੋਗ ਲਾਭਪਾਤਰੀ ਤੱਕ ਪਹੁੰਚਾਉਣ ਨੂੰ ਤਰਜ਼ੀਹ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਵਾਸੀਆਂ ਨੂੰ ਸਰਕਾਰੀ ਸੇਵਾਵਾਂ ਦਾ ਲਾਭ ਸਰਲ ਤਰੀਕੇ ਨਾਲ ਦੇਣ ਸਮੇਤ ਸਿਹਤ, ਸਿੱਖਿਆ, ਪੀਣ ਵਾਲੇ ਪਾਣੀ, ਸਾਫ਼-ਸਫਾਈ ਅਤੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ। ਏ.ਡੀ.ਸੀ.ਇਸਮਤ ਵਿਜੈ ਸਿੰਘ ਨੇ ਕਿਹਾ ਕਿ ਉਹ ਆਪਣੇ ਆਪ ਨੂੰ ਭਾਗਾਂਸ਼ਾਲੀ ਸਮਝਦੇ ਹਨ ਕਿ ਉਨ੍ਹਾਂ ਨੂੰ ਸ਼ਹੀਦਾਂ ਦੀ ਧਰਤੀ ਫ਼ਤਹਿਗੜ੍ਹ ਸਾਹਿਬ ਵਿਖੇ ਮੁੜ ਸੇਵਾਵਾਂ ਨਿਭਾਉਣ ਦਾ ਮੌਕਾ ਪ੍ਰਾਪਤ ਹੋਇਆ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੀਆਂ ਨਗਰ ਕੌਂਸਲਾਂ ਰਾਹੀਂ ਸ਼ਹੀਦਾਂ ਦੀ ਧਰਤੀ ਨੂੰ ਸਾਫ ਸੁਥਰਾ ਤੇ ਖੂਬਸੂਰਤ ਬਣਾਇਆ ਜਾਵੇਗਾ ਤਾਂ ਜੋ ਦੇਸ਼ ਵਿਦੇਸ਼ ਤੋਂ ਲੱਖਾਂ ਦੀ ਗਿਣਤੀ ਵਿੱਚ ਗੁਰਦੁਆਰਾ ਸ਼੍ਰੀ ਫ਼ਤਹਿਗੜ੍ਹ ਸਾਹਿਬ, ਗੁਰਦੁਆਰਾ ਸ਼੍ਰੀ ਜੋਤੀ ਸਰੂਪ ਸਾਹਿਬ ਤੇ ਰੋਜ਼ਾ ਸ਼ਰੀਫ ਸਮੇਤ ਵੱਖ-ਵੱਖ ਧਾਰਮਿਕ ਸਥਾਨਾਂ ਤੇ ਨਤਮਸਤਕ ਹੋਣ ਲਈ ਪਹੁੰਚਣ ਵਾਲੀ ਸੰਗਤ ਨੂੰ ਕਿਸੇ ਕਿਸਮ ਦੀ ਕੋਈ ਪ੍ਰੇਸ਼ਾਨੀ ਪੇਸ਼ ਨਾ ਆਵੇ।

'ਵਿਗਿਆਨ ਸਿੱਖਿਆ ਪ੍ਰੋਤਸਾਹਨ ਸਕਾਲਰਸ਼ਿਪ ਯੋਜਨਾ' ਤਹਿਤ ਅਰਜ਼ੀਆਂ ਸ਼ੁਰੂ

ਚੰਡੀਗੜ੍ਹ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਸਰਕਾਰ ਨੇ ਬੁਨਿਆਦੀ ਅਤੇ ਕੁਦਰਤੀ ਵਿਗਿਆਨ ਦੇ ਵਿਸ਼ਿਆਂ ਵਿੱਚ ਉੱਚ ਸਿੱਖਿਆ ਪ੍ਰਾਪਤ ਕਰ ਰਹੇ ਹੋਣਹਾਰ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਨ ਲਈ 'ਵਿਗਿਆਨ ਸਿੱਖਿਆ ਪ੍ਰੋਤਸਾਹਨ (ਪੀਓਐਸਈ) ਸਕਾਲਰਸ਼ਿਪ ਯੋਜਨਾ 2026-27' ਤਹਿਤ 12 ਨਵੰਬਰ 2026 ਤੋਂ ਆਨਲਾਈਨ ਅਰਜ਼ੀਆਂ ਮੰਗੀਆਂ ਹਨ। ਹਰਿਆਣਾ ਰਾਜ ਵਿਗਿਆਨ, ਨਵੀਨਤਾ ਅਤੇ ਤਕਨਾਲੋਜੀ ਪ੍ਰੀਸ਼ਦ ਦੇ ਬੁਲਾਰੇ ਨੇ ਦੱਸਿਆ ਕਿ ਇਸ ਯੋਜਨਾ ਦਾ ਉਦੇਸ਼ ਵਿਗਿਆਨ ਦੇ ਖੇਤਰ ਵਿੱਚ ਹੋਣਹਾਰ ਵਿਦਿਆਰਥੀਆਂ ਦੀ ਰੁਚੀ ਵਧਾਉਣਾ ਅਤੇ ਉਨ੍ਹਾਂ ਨੂੰ ਉੱਚ ਸਿੱਖਿਆ ਜਾਰੀ ਰੱਖਣ ਲਈ ਵਿੱਤੀ ਸਹਾਇਤਾ ਪ੍ਰਦਾਨ ਕਰਨਾ ਹੈ। ਯੋਗਤਾ ਅਤੇ ਹੋਰ ਵਿਸਥਾਰ ਦਿਸ਼ਾ-ਨਿਰਦੇਸ਼ਾਂ ਬਾਰੇ ਜਾਣਕਾਰੀ ਦਿੰਦਿਆਂ ਬੁਲਾਰੇ ਨੇ ਦੱਸਿਆ ਕਿ ਇੱਛੁਕ ਵਿਦਿਆਰਥੀ ਵਿਗਿਆਨ ਅਤੇ ਤਕਨਾਲੋਜੀ ਡਾਇਰੈਕਟੋਰੇਟ, ਹਰਿਆਣਾ ਦੀ ਅਧਿਕਾਰਤ ਵੈੱਬਸਾਈਟ https://dst.highereduhry.ac.in 'ਤੇ ਜਾ ਕੇ 'ਵਿਦਿਆਰਥੀ' ਟੈਬ ਰਾਹੀਂ ਯੋਜਨਾ ਦੇ ਦਿਸ਼ਾ-ਨਿਰਦੇਸ਼ ਦੇਖ ਸਕਦੇ ਹਨ। ਇਸ ਤੋਂ ਇਲਾਵਾ, ਅਰਜ਼ੀ ਦੇਣ ਲਈ ਵਿਦਿਆਰਥੀ ਸਿੱਧੇ ਪੋਰਟਲ https://harchhatrav ratti.highereduhry.ac.in 'ਤੇ ਜਾ ਸਕਦੇ ਹਨ, ਜਿੱਥੇ ਉਨ੍ਹਾਂ ਨੂੰ 'ਵਿਦਿਆਰਥੀ' ਟੈਬ ਦੇ ਤਹਿਤ ਪਹਿਲਾਂ ਆਪਣੀ ਰਜਿਸਟ੍ਰੇਸ਼ਨ ਕਰਨੀ ਹੋਵੇਗੀ ਅਤੇ ਇਸ ਤੋਂ ਬਾਅਦ ਆਪਣੀਆਂ ਆਨਲਾਈਨ ਅਰਜ਼ੀਆਂ ਜਮ੍ਹਾਂ ਕਰਵਾਉਣੀਆਂ ਹੋਣਗੀਆਂ।

ਇਹ ਵੈਬ-ਪੋਰਟਲ ਵਿਦਿਆਰਥੀਆਂ ਵੱਲੋਂ ਆਨਲਾਈਨ ਅਰਜ਼ੀਆਂ ਜਮ੍ਹਾਂ ਕਰਵਾਉਣ ਲਈ 12 ਨਵੰਬਰ 2026 ਤੋਂ ਲੈ ਕੇ 12 ਜਨਵਰੀ 2027 ਤੱਕ ਖੁੱਲ੍ਹਾ ਰਹੇਗਾ।ਬੁਲਾਰੇ ਨੇ ਸਾਰੇ ਯੋਗ ਵਿਦਿਆਰਥੀਆਂ ਨੂੰ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਇਸ ਪੋਰਟਲ 'ਤੇ ਆਪਣੀਆਂ ਅਰਜ਼ੀਆਂ ਪੂਰੀਆਂ ਕਰਨ ਦੀ ਅਪੀਲ ਕੀਤੀ ਹੈ।

SEA DESIGN COMPANY
Customized and Designer



- Wedding Invitations
- Shagan Envelop
- Wedding Boxes & Cards
- Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards
★ Books & Note Books
★ Flyers & Broucher
★ Diaries
★ Poster
★ Carry Bags
Opp. Gurudwara Dukhniwaran Sahib Srihind Road, Patiala